ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 123 Chief Editor : Chowdhary Prabhjit Singh, Editor : Chhatarpal Singh 98146-32807, Friday 30 October 2026 Price : 2 Rs. Page : 6

ਅਕਾਲੀ ਸਰਕਾਰ ਆਉਣ 'ਤੇ ਪੰਜਾਬ 'ਚੋਂ ਨਸ਼ਾ ਤਸਕਰਾਂ ਤੇ ਗੈਂਗਸਟਰਾਂ ਦਾ ਕੀਤਾ ਜਾਵੇਗਾ ਸਫ਼ਾਇਆ: ਸੁਖਬੀਰ ਬਾਦਲ

ਤਪਾ ਮੰਡੀ (ਬਰਨਾਲਾ), 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਕੁਲਵੰਤ ਸਿੰਘ ਕੀਤੂ ਦੀ ਅਗਵਾਈ ਹੇਠ ਸਥਾਨਕ ਨਿੱਜੀ ਪੈਲੇਸ ਵਿੱਚ ਵਪਾਰੀਆਂ ਨਾਲ ਮਿਲਣੀ ਕੀਤੀ ਗਈ।

ਇਸ ਮੌਕੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਸੂਬੇ ਵਿੱਚੋਂ ਨਸ਼ਾ ਤਸਕਰਾਂ ਅਤੇ ਗੈਂਗਸਟਰਾਂ ਦਾ ਸਫ਼ਾਇਆ ਕਰਨ ਲਈ ਸਖ਼ਤ ਕਦਮ ਚੁੱਕੇ ਜਾਣਗੇ।

ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਾ ਤਸਕਰਾਂ ਦੀ ਖ਼ੈਰ ਨਹੀਂ ਹੋਵੇਗੀ। ਨਸ਼ਾ ਤਸਕਰੀ ਰਾਹੀਂ ਬਣਾਈਆਂ ਗਈਆਂ ਜਾਇਦਾਦਾਂ ਕੁਰਕ ਕਰਨ ਲਈ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸੂਬੇ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਬਹੁਤ ਜ਼ਰੂਰੀ ਹੈ ਅਤੇ ਇਸ ਲਈ ਸਰਕਾਰ ਨੂੰ ਗੰਭੀਰਤਾ ਨਾਲ ਕੰਮ ਕਰਨਾ ਚਾਹੀਦਾ ਹੈ।

ਗੈਂਗਸਟਰਵਾਦ ਦੇ ਮੁੱਦੇ 'ਤੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਪੰਜਾਬ ਵਿੱਚੋਂ ਗੈਂਗਸਟਰਵਾਦ ਦਾ ਖ਼ਾਤਮਾ ਕੀਤਾ ਜਾਵੇਗਾ। ਉਨ੍ਹਾਂ ਗੈਂਗਸਟਰਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦਾ ਦਾਅਵਾ ਕਰਦਿਆਂ ਕਿਹਾ ਕਿ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਮੁੜ ਬਹਾਲ ਕਰਨਾ ਉਨ੍ਹਾਂ ਦੀ ਤਰਜੀਹ ਹੋਵੇਗੀ। ਉਨ੍ਹਾਂ ਪਰਮਿੰਦਰ ਸਿੰਘ ਝੋਟਾ ਦੇ ਮਾਮਲੇ ਦਾ ਜ਼ਿਕਰ ਕਰਦਿਆਂ ਪੰਜਾਬ ਸਰਕਾਰ ਨੂੰ ਘੇਰਿਆ ਅਤੇ ਦੋਸ਼ ਲਾਇਆ ਕਿ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਤ ਹੋ ਰਹੀ ਹੈ।

ਵਪਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਪਹਿਲਵਪਾਰੀਆਂ ਨਾਲ ਤਾਲਮੇਲ ਦੀ ਮਹੱਤਤਾ ਬਾਰੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਵਪਾਰੀਆਂ ਦੀ ਤਰੱਕੀ ਨਾਲ ਹੀ ਰੁਜ਼ਗਾਰ ਦੇ ਮੌਕੇ ਵਧਣਗੇ ਅਤੇ ਸੂਬੇ ਦੀ ਆਰਥਿਕਤਾ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ।

ਇਸ ਮੌਕੇ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਸੰਸਦੀ ਸਕੱਤਰ ਬਲਵੀਰ ਸਿੰਘ ਘੁੰਨਸ, ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸਿੰਘ ਬਿੱਟੂ ਦੀਵਾਨਾ ਸਮੇਤ ਪਾਰਟੀ ਦੇ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਵਪਾਰੀ ਹਾਜ਼ਰ ਸਨ।

ਹਰਪਾਲ ਸਿੰਘ ਚੀਮਾ ਵੱਲੋਂ ਵਿਭਾਗਾਂ ਨੂੰ ਯੋਗ ਆਊਟਸੋਰਸ ਮੁਲਾਜ਼ਮਾਂ ਨੂੰ ਠੇਕੇ 'ਤੇ ਲਿਆਉਣ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼

ਚੰਡੀਗੜ੍ਹ, 29 ਅਕਤੂਬਰ
-ਚੌਧਰੀ ਪ੍ਰਭਜੀਤ ਸਿੰਘ-

ਮੁਲਾਜ਼ਮਾਂ ਦੀ ਭਲਾਈ ਪ੍ਰਤੀ ਭਗਵੰਤ ਮਾਨ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਰਾਜ ਸਰਕਾਰ ਦੇ ਸਮੂਹ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਉਹ ਤੁਰੰਤ ਸਾਰੀਆਂ ਰਸਮਾਂ ਮੁਕੰਮਲ ਕਰਕੇ ਯੋਗ ਕੇਸ ਪਰਸੋਨਲ ਵਿਭਾਗ ਨੂੰ ਭੇਜਣ ਤਾਂ ਜੋ ਆਊਟਸੋਰਸ ਮੁਲਾਜ਼ਮਾਂ ਨੂੰ ਸਮਾਂਬੱਧ ਤਰੀਕੇ ਨਾਲ ਸਿੱਧੇ ਠੇਕੇ ਦੇ ਅਧਾਰ 'ਤੇ ਲਿਆਂਦਾ ਜਾ ਸਕੇ। ਮੁਲਾਜ਼ਮਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਮੁਖੀ ਕਮ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਨਲਿਸਟਮੈਂਟ ਆਊਟਸੋਰਸਿੰਗ ਕੋਆਰਡੀਨੇਸ਼ਨ ਕਮੇਟੀ ਨਾਲ ਉੱਚ ਪੱਧਰੀ ਵਿਚਾਰ-ਵਟਾਂਦਰੇ ਦੀ ਪ੍ਰਧਾਨਗੀ ਕਰਦਿਆਂ ਕਿਹਾ, ਇਹਨਾਂ ਨਿਰਦੇਸ਼ਾਂ ਦਾ ਉਦੇਸ਼ 'ਪੰਜਾਬ ਸਟੇਟ ਆਊਟਸੋਰਸਡ ਪਰਸੋਨਲ (ਟ੍ਰਾਂਜਿਸ਼ਨ ਟੂ ਕੰਟਰੈਕਚੁਅਲ ਇੰਗੇਜਮੈਂਟ) ਐਕਟ 2026' ਅਧੀਨ ਨਿਰਵਿਘਨ ਅਮਲ ਨੂੰ ਯਕੀਨੀ ਬਣਾਉਣਾ ਹੈ।

ਉਨ੍ਹਾਂ ਨੇ ਦਸ ਵੱਖ-ਵੱਖ ਮੁਲਾਜ਼ਮ ਯੂਨੀਅਨਾਂ ਅਤੇ ਸਾਂਝੇ ਮੋਰਚਿਆਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਯੋਗ ਕਾਮਿਆਂ ਨੂੰ ਸੂਬਾ ਸਰਕਾਰ ਨਾਲ ਸਿੱਧੇ ਠੇਕੇ 'ਤੇ ਲਿਆਉਣ ਦੀ ਕਾਨੂੰਨੀ ਪ੍ਰਕਿਰਿਆ ਵਿੱਚ ਕੋਈ ਪ੍ਰਬੰਧਕੀ ਅੜਚਣ ਦੇਰੀ ਦਾ ਕਾਰਨ ਨਹੀਂ ਬਣਨੀ ਚਾਹੀਦੀ। ਟਰਾਂਸਪੋਰਟ ਵਿਭਾਗ ਦੇ ਮੁਲਾਜ਼ਮ ਨੁਮਾਇੰਦਿਆਂ ਨਾਲ ਗੱਲਬਾਤ ਦੌਰਾਨ ਵਿੱਤ ਮੰਤਰੀ ਚੀਮਾ ਨੇ ਉਨ੍ਹਾਂ ਦੀਆਂ ਲੰਬਿਤ ਮੰਗਾਂ ਦੀ ਸਥਿਤੀ ਦਾ ਜਾਇਜ਼ਾ ਲਿਆ ਅਤੇ ਵਿਭਾਗੀ ਅਧਿਕਾਰੀਆਂ ਨੂੰ ਉਨ੍ਹਾਂ ਦੇ ਜਲਦ ਨਿਪਟਾਰੇ ਦੇ ਨਿਰਦੇਸ਼ ਦਿੱਤੇ। ਇਸ ਤੋਂ ਬਾਅਦ ਸੀ.ਪੀ.ਐਫ. ਕਰਮਚਾਰੀ ਯੂਨੀਅਨ ਨਾਲ ਗੱਲਬਾਤ ਕਰਦਿਆਂ ਵਿੱਤ ਮੰਤਰੀ ਨੇ ਸਪੱਸ਼ਟ ਭਰੋਸਾ ਦਿੰਦਿਆਂ ਕਿਹਾ, ਰਾਜ ਸਰਕਾਰ ਉਨ੍ਹਾਂ ਦੇ ਮਸਲਿਆਂ ਦੇ ਹਾਂ-ਪੱਖੀ ਅਤੇ ਜਲਦ ਹੱਲ ਲਈ ਸਰਗਰਮੀ ਨਾਲ ਕੰਮ ਕਰ ਰਹੀ ਹੈ। ਨੈਸ਼ਨਲ ਫੈਡਰੇਸ਼ਨ ਆਫ ਦਿ ਬਲਾਇੰਡ ਦੇ ਵਫ਼ਦ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਨੇ ਮੈਂਬਰਾਂ ਨੂੰ ਜਾਣੂ ਕਰਵਾਇਆ, ਨੇਤਰਹੀਣ ਉਮੀਦਵਾਰਾਂ ਲਈ ਰਾਖਵੀਆਂ ਗਰੁੱਪ ਡੀ ਦੀਆਂ 28 ਖਾਲੀ ਅਸਾਮੀਆਂ ਨੂੰ ਭਰਨ ਲਈ ਅਧਿਕਾਰਤ ਭਰਤੀ ਪ੍ਰਕਿਰਿਆ ਪਹਿਲਾਂ ਹੀ ਚੱਲ ਰਹੀ ਹੈ। ਮੈਂ ਭਰੋਸਾ ਦਿਵਾਉਂਦਾ ਹਾਂ ਕਿ ਹੋਰ ਗਰੁੱਪਾਂ ਵਿੱਚ ਮੌਜੂਦਾ ਬੈਕਲਾਗ ਅਸਾਮੀਆਂ ਨੂੰ ਵੀ ਸਬੰਧਤ ਅਹੁਦਿਆਂ ਲਈ ਆਉਣ ਵਾਲੀਆਂ ਭਰਤੀ ਮੁਹਿੰਮਾਂ ਦੌਰਾਨ ਨਾਲੋ-ਨਾਲ ਭਰਿਆ ਜਾਵੇਗਾ। ਸਿੱਖਿਆ ਵਿਭਾਗ ਦੀਆਂ 4 ਵੱਖ-ਵੱਖ ਯੂਨੀਅਨਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਹਰੇਕ ਵਫ਼ਦ ਦੀ ਗੱਲ ਧਿਆਨ ਨਾਲ ਸੁਣੀ ਅਤੇ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਬਹੁਤੀਆਂ ਮੁੱਖ ਮੰਗਾਂ ਤੇਜ਼ੀ ਨਾਲ ਪ੍ਰਬੰਧਕੀ ਮਨਜ਼ੂਰੀ ਲਈ ਪਹਿਲਾਂ ਹੀ ਵਿਚਾਰ ਅਧੀਨ ਹਨ। ਗ੍ਰਾਮ ਪੰਚਾਇਤ ਜਲ ਸਪਲਾਈ ਪੰਪ ਆਪਰੇਟਰਜ਼ ਐਸੋਸੀਏਸ਼ਨ ਵੱਲੋਂ ਘੱਟੋ-ਘੱਟ ਰੋਜ਼ਾਨਾ ਦਿਹਾੜੀ ਸਬੰਧੀ ਦਿੱਤੇ ਮੰਗ ਪੱਤਰ 'ਤੇ ਕਾਰਵਾਈ ਕਰਦਿਆਂ ਵਿੱਤ ਮੰਤਰੀ ਨੇ ਸਬੰਧਤ ਵਿਭਾਗ ਨੂੰ ਬਿਨਾਂ ਕਿਸੇ ਦੇਰੀ ਦੇ ਰਸਮੀ ਪ੍ਰਸਤਾਵ ਤਿਆਰ ਕਰਕੇ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ। ਇਨ੍ਹਾਂ ਮੀਟਿੰਗਾਂ ਦੌਰਾਨ ਇਨਲਿਸਟਮੈਂਟ ਆਊਟਸੋਰਸਿੰਗ ਕੋਆਰਡੀਨੇਸ਼ਨ ਕਮੇਟੀ ਵੱਲੋਂ ਵਰਿੰਦਰ ਸਿੰਘ ਮੋਮੀ, ਰਮਨਦੀਪ ਸਿੰਘ, ਪਵਨਦੀਪ ਸਿੰਘ, ਜਗਦੀਪ ਸਿੰਘ, ਲਛਮਣ ਸਿੰਘ, ਹਰਜਿੰਦਰ ਪਾਲ ਸਿੰਘ, ਜਸਪ੍ਰੀਤ ਸਿੰਘ ਅਤੇ ਜਤਿੰਦਰ ਸਿੰਘ ਭੰਗੂ; ਪਨਬੱਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (25/11) ਵੱਲੋਂ ਰੇਸ਼ਮ ਸਿੰਘ ਗਿੱਲ, ਸ਼ਮਸ਼ੇਰ ਸਿੰਘ, ਹਰਕੇਸ਼ ਕੁਮਾਰ; ਪੰਜਾਬ ਰੋਡਵੇਜ਼ (ਪਨਬੱਸ) ਸਟੇਟ ਟਰਾਂਸਪੋਰਟ ਵਰਕਰ ਯੂਨੀਅਨ ਵੱਲੋਂ ਹਰਮਿੰਦਰ ਸਿੰਘ ਅਤੇ ਲਖਵਿੰਦਰ ਸਿੰਘ; 3704 ਅਧਿਆਪਕ ਯੂਨੀਅਨ ਵੱਲੋਂ ਜਗਜੀਵਨ ਕੌਰ ਅਤੇ ਵੀਰਕਰਨ ਸਿੰਘ; ਏ.ਆਈ.ਈ. ਕੱਚੇ ਅਧਿਆਪਕ ਯੂਨੀਅਨ ਵੱਲੋਂ ਤਜਿੰਦਰ ਕੌਰ ਅਤੇ ਹਰਮਨ ਸਿੰਘ; ਮਿਡ ਡੇ ਮੀਲ ਦਫ਼ਤਰੀ ਕਰਮਚਾਰੀਆਂ ਵੱਲੋਂ ਪਰਵੀਨ ਸ਼ਰਮਾ ਅਤੇ ਦੀਪਕ ਨਾਗਪਾਲ; ਮੁੜ ਬਹਾਲ ਕੱਚੇ ਅਧਿਆਪਕ ਯੂਨੀਅਨ ਵੱਲੋਂ ਵਿਕਾਸ ਸਾਹਨੀ ਹਾਜ਼ਰ ਸਨ।

ਪੰਜਾਬ 'ਚ ਨਿੱਤ ਹੋ ਰਹੇ ਕਤਲ, ਸਰਕਾਰ ਬੇਫ਼ਿਕਰ ਚਰਨਜੀਤ ਚੰਨੀ ਨੇ ਘੇਰੀ ਸਰਕਾਰ

ਧਰਮਕੋਟ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਸੂਬਾ ਚੋਣ ਕਮੇਟੀ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਲੰਘੀ ਦੇਰ ਸ਼ਾਮ ਹਲਕੇ ਦੇ ਸਾਬਕਾ ਵਿਧਾਇਕ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਦੇ ਨਿਵਾਸ ਸਥਾਨ ਪੁੱਜੇ, ਜਿੱਥੇ ਲੋਹਗੜ੍ਹ ਸਮਰਥਕਾਂ ਵੱਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਦੋਹਾਂ ਕਾਂਗਰਸੀ ਆਗੂਆਂ ਵਿਚਾਲੇ ਜ਼ਿਲ੍ਹੇ ਅੰਦਰ ਬਦਲ ਰਹੇ ਸਿਆਸੀ ਸਮੀਕਰਨਾਂ ਸਬੰਧੀ ਗੰਭੀਰਤਾ ਨਾਲ ਵਿਚਾਰ-ਚਰਚਾ ਹੋਈ।

ਇਸੇ ਦੌਰਾਨ ਚੰਨੀ ਵੱਲੋਂ ਨਗਰ ਕੌਂਸਲ ਧਰਮਕੋਟ ਦੇ ਸੱਤ ਵਾਰਡਾਂ ਵਿੱਚ ਫਿਰ ਤੋਂ ਹੋ ਰਹੀਆਂ ਚੋਣਾਂ ਦੀ ਤਿਆਰੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਗਈ ਅਤੇ ਪੂਰੇ ਜੋਸ਼ ਤੇ ਉਤਸ਼ਾਹ ਨਾਲ ਉਕਤ ਚੋਣ ਲੜਨ ਅਤੇ ਪਾਰਟੀ ਉਮੀਦਵਾਰਾਂ ਨੂੰ ਜੇਤੂ ਬਣਾਉਣ ਦੀ ਦਿਸ਼ਾ ਵੱਲ ਕੰਮ ਕਰਨ ਦੀ ਨਸੀਹਤ ਦਿੱਤੀ ਗਈ।

ਇਸ ਮੌਕੇ ਚਰਨਜੀਤ ਸਿੰਘ ਚੰਨੀ ਨੇ ਪੰਜਾਬ ਦੇ ਮੌਜੂਦਾ ਹਾਲਾਤ ਬਾਰੇ ਵਿਚਾਰ-ਚਰਚਾ ਕਰਦਿਆਂ ਕਿਹਾ ਕਿ ਸੂਬੇ ਦੇ ਹਾਲਾਤ ਬਦ ਤੋਂ ਬਦਤਰ ਬਣ ਚੁੱਕੇ ਹਨ। ਉਨ੍ਹਾਂ ਕਿਹਾ ਕਿ ਅੱਜ ਸੂਬੇ ਦੇ ਲੋਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਪੰਜਾਬ ਵਿੱਚ ਨਿੱਤ ਦਿਨ ਕਤਲੋਗਾਰਤ ਅਤੇ ਮਾਰਧਾੜ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ੇ ਸੂਬੇ ਅੰਦਰ ਅਮਰਵੇਲ ਦੀ ਤਰ੍ਹਾਂ ਵਧ-ਫੁੱਲ ਰਹੇ ਹਨ, ਪਰ ਸੱਤਾ ਸੰਭਾਲ ਰਹੀ ਪਾਰਟੀ ਨੂੰ ਇਸ ਦੀ ਭੋਰਾ ਫ਼ਿਕਰ ਦਿਖਾਈ ਨਹੀਂ ਦੇ ਰਹੀ।

ਭੰਮੇ ਕਲਾਂ 'ਚ ਲਾਸ਼ ਖੋਹਣ ਨੂੰ ਲੈ ਕੇ ਹੋਏ ਟਕਰਾਅ ਮਾਮਲੇ 'ਚ ਪੁਲੀਸ ਵੱਲੋਂ 40 ਅਣਪਛਾਤਿਆਂ ਖ਼ਿਲਾਫ਼ ਪਰਚਾ ਦਰਜ

ਮਾਨਸਾ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮਾਨਸਾ ਜ਼ਿਲ੍ਹੇ ਦੇ ਪਿੰਡ ਭੰਮੇ ਕਲਾਂ ਵਿੱਚ ਦਿਲਜੀਤ ਸਿੰਘ ਦੀ ਮੌਤ ਨੂੰ ਲੈ ਕੇ ਚੱਲ ਰਹੇ ਵਿਵਾਦ ਦੌਰਾਨ ਪੁਲੀਸ ਅਤੇ ਪ੍ਰਦਰਸ਼ਨਕਾਰੀਆਂ ਵਿਚਾਲੇ ਹੋਏ ਟਕਰਾਅ ਦੇ ਮਾਮਲੇ ਵਿੱਚ ਪੁਲੀਸਨੇ ਕਾਰਵਾਈ ਕਰਦਿਆਂ 40 ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।

ਜ਼ਿਕਰਯੋਗ ਹੈ ਕਿ ਦਿਲਜੀਤ ਸਿੰਘ ਦੀ ਮੌਤ ਨੂੰ ਉਸ ਦੇ ਪਰਿਵਾਰ ਵੱਲੋਂ ਨਸ਼ੇ ਦੀ ਓਵਰਡੋਜ਼ ਨਾਲ ਹੋਈ ਮੌਤ ਦੱਸਿਆ ਜਾ ਰਿਹਾ ਸੀ। ਇਸ ਮਾਮਲੇ ਨੂੰ ਲੈ ਕੇ ਪਿਛਲੇ ਦਿਨੀਂ ਉਸ ਸਮੇਂ ਤਣਾਅਪੂਰਨ ਸਥਿਤੀ ਬਣ ਗਈ ਸੀ, ਜਦੋਂ ਮ੍ਰਿਤਕ ਦੀ ਲਾਸ਼ ਨੂੰ ਧਰਨੇ ਵਾਲੀ ਥਾਂ 'ਤੇ ਲਿਜਾਣ ਨੂੰ ਲੈ ਕੇ ਪੁਲੀਸਅਤੇ ਪ੍ਰਦਰਸ਼ਨਕਾਰੀਆਂ ਵਿਚਾਲੇ ਟਕਰਾਅ ਹੋ ਗਿਆ। ਇਸ ਘਟਨਾ ਦੌਰਾਨ ਕਈ ਪੁਲੀਸਮੁਲਾਜ਼ਮਾਂ ਦੇ ਜ਼ਖ਼ਮੀ ਹੋਣ ਦੀ ਖ਼ਬਰ ਸਾਹਮਣੇ ਆਈ ਸੀ।

ਹੁਣ ਪੁਲੀਸ ਵੱਲੋਂ ਇਸ ਮਾਮਲੇ ਵਿੱਚ 40 ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਦੱਸਿਆ ਜਾ ਰਿਹਾ ਹੈ ਕਿ ਮੁਲਜ਼ਮਾਂ ਖ਼ਿਲਾਫ਼ ਗੰਭੀਰ ਧਾਰਾਵਾਂ ਲਗਾਈਆਂ ਗਈਆਂ ਹਨ।

ਪੁਲੀਸ ਵੱਲੋਂ ਘਟਨਾ ਵਿੱਚ ਸ਼ਾਮਲ ਵਿਅਕਤੀਆਂ ਦੀ ਪਛਾਣ ਕਰਨ ਦੇ ਯਤਨ ਕੀਤੇ ਜਾ ਰਹੇ ਹਨ। ਸੂਤਰਾਂ ਦੇ ਹਵਾਲੇ ਨਾਲ ਇਹ ਵੀ ਚਰਚਾ ਹੈ ਕਿ ਅੱਜ ਕੁਝ ਵਿਅਕਤੀਆਂ ਦੇ ਨਾਂ ਸਾਹਮਣੇ ਆਉਣ ਅਤੇ ਉਨ੍ਹਾਂ ਦੀਆਂ ਗ੍ਰਿਫ਼ਤਾਰੀਆਂ ਪਾਏ ਜਾਣ ਦੀ ਸੰਭਾਵਨਾ ਹੈ। ਹਾਲਾਂਕਿ, ਇਸ ਸਬੰਧੀ ਪੁਲੀਸਵੱਲੋਂ ਅਜੇ ਤੱਕ ਕੋਈ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ।

ਪੁਲਿਸ ਹਿਰਾਸਤ 'ਚੋਂ ਰਿਹਾਅ ਹੋ ਕੇ ਧਰਨੇ 'ਚ ਪੁੱਜੀ ਅਰਵਿੰਦਰ ਕੌਰ ਦਾ ਸਨਮਾਨ

ਮਾਨਸਾ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪਰਮਿੰਦਰ ਸਿੰਘ ਝੋਟਾ ਮਾਮਲੇ ਨੂੰ ਲੈ ਕੇ ਮਾਨਸਾ ਵਿਖੇ ਚੱਲ ਰਹੇ ਧਰਨੇ ਦੌਰਾਨ ਅੱਜ ਉਸ ਸਮੇਂ ਖ਼ਾਸ ਮਾਹੌਲ ਦੇਖਣ ਨੂੰ ਮਿਲਿਆ, ਜਦੋਂ ਪੁਲੀਸ ਹਿਰਾਸਤ ਵਿੱਚੋਂ ਰਿਹਾਅ ਹੋਣ ਤੋਂ ਬਾਅਦ ਅਰਵਿੰਦਰ ਕੌਰ ਮੁੜ ਧਰਨਾ ਸਥਾਨ 'ਤੇ ਪਹੁੰਚੀ। ਇਸ ਮੌਕੇ ਝੋਟਾ ਪਰਿਵਾਰ ਅਤੇ ਐਂਟੀ ਡਰੱਗ ਐਕਸ਼ਨ ਫੋਰਸ ਵੱਲੋਂ ਅਰਵਿੰਦਰ ਕੌਰ ਦਾ ਸਨਮਾਨ ਕੀਤਾ ਗਿਆ। ਉਨ੍ਹਾਂ ਨੂੰ ਸਿਰੋਪਾਓ ਪਾ ਕੇ ਅਤੇ ਨਕਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਅਰਵਿੰਦਰ ਕੌਰ ਪੀ.ਐੱਸ.ਯੂ. ਦੀ ਆਗੂ ਹੈ ਅਤੇ 13 ਤਾਰੀਖ਼ ਤੋਂ ਲਗਾਤਾਰ ਧਰਨੇ 'ਤੇ ਡਟੀ ਹੋਈ ਹੈ। ਬੀਤੇ ਦਿਨ ਦਲਜੀਤ ਸਿੰਘ ਮਾਮਲੇ ਨੂੰ ਲੈ ਕੇ ਪੁਲੀਸ ਵੱਲੋਂ ਉਸ ਨੂੰ ਹਿਰਾਸਤ ਵਿੱਚ ਲਿਆ ਗਿਆ ਸੀ। ਰਿਹਾਅ ਹੋਣ ਤੋਂ ਬਾਅਦ ਜਦੋਂ ਉਹ ਮੁੜ ਧਰਨਾ ਸਥਾਨ 'ਤੇ ਪਹੁੰਚੀ ਤਾਂ ਝੋਟਾ ਪਰਿਵਾਰ ਅਤੇ ਐਂਟੀ ਡਰੱਗ ਐਕਸ਼ਨ ਫੋਰਸ ਵੱਲੋਂ ਉਸ ਦਾ ਸਨਮਾਨ ਕੀਤਾ ਗਿਆ। ਇਸ ਦੌਰਾਨ ਪਰਵਿੰਦਰ ਸਿੰਘ ਝੋਟਾ ਦੇ ਪਿਤਾ ਬਾਪੂ ਭੀਮ ਸਿੰਘ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਪੁਲੀਸ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਉਨ੍ਹਾਂ ਦੇ ਸਾਰੇ ਸਾਥੀਆਂ ਨੂੰ ਰਿਹਾਅ ਨਹੀਂ ਕੀਤਾ ਜਾਂਦਾ, ਉਦੋਂ ਤੱਕ ਪਰਿਵਾਰ ਅਤੇ ਸੰਘਰਸ਼ ਕਰ ਰਹੇ ਲੋਕ ਪ੍ਰਸ਼ਾਸਨ ਜਾਂ ਸਰਕਾਰ ਨਾਲ ਕੋਈ ਮੀਟਿੰਗ ਨਹੀਂ ਕਰਨਗੇ।

ਸਰਕਾਰ ਨੇ ਖ਼ੁਦ ਮੰਨਿਆ ਪੰਜਾਬ 'ਚ ਵਿਗੜ ਚੁੱਕੀ ਹੈ ਕਾਨੂੰਨ ਵਿਵਸਥਾ : ਸੁਨੀਲ ਜਾਖੜ

ਰਾਜਪਾਲ ਨੂੰ ਪੱਤਰ ਲਿਖ ਕੇ ਪੰਜਾਬ 'ਚ ਤੁਰੰਤ 'ਚੋਣ ਜ਼ਾਬਤਾ' ਲਾਗੂ ਕਰਨ ਦੀ ਕੀਤੀ ਮੰਗ

ਚੰਡੀਗੜ੍ਹ 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਨੇ ਰਾਜਪਾਲ ਨੂੰ ਚੋਣ ਕਮਿਸ਼ਨ ਕੋਲ ਸਿਫ਼ਾਰਸ਼ ਕਰਨ ਲਈ ਕਿਹਾ ਹੈ ਕਿ ਸੂਬੇ ਵਿੱਚ ਜਲਦ ਤੋਂ ਜਲਦ ਮਾਡਲ ਚੋਣ ਜ਼ਾਬਤਾ ਲਾਗੂ ਕੀਤਾ ਜਾਵੇ, ਕਿਉਂਕਿ ਭਗਵੰਤ ਮਾਨ ਸਰਕਾਰ ਨੇ ਖ਼ੁਦ ਮੰਨਿਆ ਹੈ ਕਿ ਕਾਨੂੰਨ ਤੇ ਵਿਵਸਥਾ ਦੀ ਸਥਿਤੀ ਵਿਗੜ ਚੁੱਕੀ ਹੈ। ਲੋਕ ਭਵਨ ਵਿਖੇ ਰਾਜਪਾਲ ਨੂੰ ਲਿਖੇ ਪੱਤਰ ਵਿੱਚ ਜਾਖੜ ਨੇ ਅਬੋਹਰ ਵਿੱਚ ਸਾਲਾਨਾ ਐਂਟੀ-ਡਰੱਗ (ਨਸ਼ਾ ਵਿਰੋਧੀ) ਮੈਰਾਥਨ ਦੀ ਇਜਾਜ਼ਤ ਦੇਣ ਤੋਂ ਪ੍ਰਸ਼ਾਸਨ ਵੱਲੋਂ ਕੀਤੇ ਇਨਕਾਰ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਲਿਖਤੀ ਇਨਕਾਰ ਵਿੱਚ ਅਨੁਕੂਲ ਮਾਹੌਲ ਨਾ ਹੋਣ ਅਤੇ ਕਾਨੂੰਨ ਤੇ ਵਿਵਸਥਾ ਦੀ ਮਾੜੀ ਸਥਿਤੀ ਦਾ ਹਵਾਲਾ ਦਿੱਤਾ ਗਿਆ ਹੈ।

ਇਹ ਮੈਰਾਥਨ ਅਬੋਹਰ ਵਿੱਚ ਕਈ ਸਾਲਾਂ ਤੋਂ ਜਾਰੀ ਹੈ ਅਤੇ ਇਸ ਵਿੱਚ ਹਜ਼ਾਰਾਂ ਨੌਜਵਾਨ ਹਿੱਸਾ ਲੈਂਦੇ ਹਨ। ਜਾਖੜ ਨੇ ਆਪਣੀ ਬੇਨਤੀ ਨਾਲ ਪ੍ਰਸ਼ਾਸਨ ਦੇ ਪੱਤਰ ਦੀ ਕਾਪੀ ਵੀ ਨੱਥੀ ਕੀਤੀ ਹੈ।

ਜਾਖੜ ਨੇ ਲਿਖਿਆ, ਹਾਲਾਂਕਿ ਮੈਂ ਇਸ ਸਰਕਾਰ ਅਤੇ ਇਸ ਦੀਆਂ ਨੀਤੀਆਂ ਦਾ ਵਿਰੋਧ ਕਰਦਾ ਹਾਂ, ਪਰ ਮੈਂ ਪਹਿਲੀ ਵਾਰ ਸਰਕਾਰ ਵੱਲੋਂ ਕਬੂਲ ਕੀਤੀ ਗਈ ਇਸ ਕੌੜੀ ਸੱਚਾਈ ਨਾਲ ਸਹਿਮਤ ਹਾਂ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਕੋਈ ਵੀ ਸੁਰੱਖਿਅਤ ਨਹੀਂ ਹੈ ਅਤੇ ਨਸ਼ਿਆਂ ਖ਼ਿਲਾਫ਼ ਉੱਠਣ ਵਾਲੀਆਂ ਆਵਾਜ਼ਾਂ ਨੂੰ ਗੋਲੀਆਂ ਨਾਲ ਦਬਾਇਆ ਜਾ ਰਿਹਾ ਹੈ।

ਉਨ੍ਹਾਂ ਅੰਮ੍ਰਿਤਸਰ, ਤਰਨ ਤਾਰਨ, ਖੇਮਕਰਨ, ਗੁਰਦਾਸਪੁਰ, ਹਰਗੋਬਿੰਦਪੁਰ, ਮਾਨਸਾ, ਅਬੋਹਰ, ਸੰਗਰੂਰ ਅਤੇ ਲੁਧਿਆਣਾ ਵਰਗੀਆਂ ਥਾਵਾਂ ਦੀ ਸੂਚੀ ਦਿੱਤੀ, ਜਿੱਥੇ ਉਨ੍ਹਾਂ ਦਾਅਵਾ ਕੀਤਾ ਕਿ ਲੋਕਾਂ ਨੂੰ ਸ਼ਰੇਆਮ ਮਾਰਿਆ ਜਾ ਰਿਹਾ ਹੈ। ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਪੁਲੀਸ ਨਸ਼ਿਆਂ ਕਾਰਨ ਮਰੇ ਬੱਚਿਆਂ ਦੀਆਂ ਦੇਹਾਂ ਨੂੰ ਉਨ੍ਹਾਂ ਦੇ ਪਰਿਵਾਰਾਂ ਤੋਂ ਜ਼ਬਰਦਸਤੀ ਛੁਡਵਾ ਕੇ ਲੈ ਜਾ ਰਹੀ ਹੈ ਅਤੇ ਨਸ਼ਿਆਂ ਖ਼ਿਲਾਫ਼ ਪ੍ਰਦਰਸ਼ਨ ਕਰਨ ਵਾਲਿਆਂ ਨੂੰ ਪੁਲੀਸ ਜਬਰ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਾਂ ਉਨ੍ਹਾਂ ਨੂੰ ਖ਼ੁਦਕੁਸ਼ੀ ਲਈ ਮਜਬੂਰ ਕੀਤਾ ਜਾ ਰਿਹਾ ਹੈ।

ਜਾਖੜ ਨੇ ਇਸ ਸਥਿਤੀ ਲਈ ਆਮ ਆਦਮੀ ਪਾਰਟੀ ਸਰਕਾਰ ਦੀ ਕਥਿਤ ਸੋਚੀ-ਸਮਝੀ ਨੀਤੀ ਨੂੰ ਜ਼ਿੰਮੇਵਾਰ ਠਹਿਰਾਇਆ।

ਉਨ੍ਹਾਂ 'ਆਪ' ਦੇ ਸੀਨੀਅਰ ਆਗੂ ਮਨੀਸ਼ ਸਿਸੋਦੀਆ ਦੇ ਉਸ ਬਿਆਨ ਦਾ ਹਵਾਲਾ ਦਿੱਤਾ ਜਿਸ ਵਿੱਚ ਉਨ੍ਹਾਂ ਕਿਹਾ ਸੀ ਕਿ ਪਾਰਟੀ ਚੋਣਾਂ ਜਿੱਤਣ ਲਈ ਹਰ ਹੱਥਕੰਡਾ ਅਪਣਾਏਗੀ। ਜਾਖੜ ਨੇ ਦਾਅਵਾ ਕੀਤਾ ਕਿ ਸਰਕਾਰ ਨੇ ਆਗਿਆਕਾਰੀ ਅਧਿਕਾਰੀਆਂ ਨੂੰ ਤਾਇਨਾਤ ਕੀਤਾ ਹੈ ਜਦਕਿ ਗੈਂਗਸਟਰਾਂ ਨੂੰ ਪਾਰਟੀ ਵਿੱਚ ਸ਼ਾਮਲ ਕੀਤਾ ਜਾ ਰਿਹਾ ਹੈ ਜਾਂ ਉਨ੍ਹਾਂ ਨੂੰ ਪਨਾਹ ਦਿੱਤੀ ਜਾ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਮੁੱਖ ਮੰਤਰੀ ਦਫ਼ਤਰ ਭ੍ਰਿਸ਼ਟਾਚਾਰ ਦਾ ਅੱਡਾ ਬਣ ਚੁੱਕਾ ਹੈ।

ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਜੇਲ੍ਹਾਂ ਤੋਂ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਚਲਾਈ ਜਾ ਰਹੀ ਹੈ ਅਤੇ ਤਸਕਰਾਂ ਤੇ ਕਾਤਲਾਂ ਨੂੰ ਪੈਰੋਲ 'ਤੇ ਰਿਹਾਅ ਕਰਕੇ ਵਿਦੇਸ਼ ਭੱਜਣ 'ਚ ਮਦਦ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਦਾਅਵਾ ਕੀਤਾ ਕਿ ਔਰਤਾਂ ਵਿਰੁੱਧ ਜਿਨਸੀ ਸ਼ੋਸ਼ਣ ਦੇ ਮਾਮਲਿਆਂ ਨੂੰ ਦਬਾਉਣ ਲਈ ਕਰੋੜਾਂ ਰੁਪਏ ਦੇ ਲੈਣ-ਦੇਣ ਕੀਤੇ ਜਾ ਰਹੇ ਹਨ, ਅਤੇ ਦੋਸ਼ੀਆਂ ਨੂੰ ਦੇਸ਼ ਛੱਡਣ ਵਿੱਚ ਮਦਦ ਕੀਤੀ ਜਾ ਰਹੀ ਹੈ।

ਜਾਖੜ ਨੇ ਦੋਸ਼ ਲਾਇਆ ਕਿ 5 ਕਰੋੜ ਰੁਪਏ ਦੇ ਅਜਿਹੇ ਹੀ ਇੱਕ ਮਾਮਲੇ ਵਿੱਚ ਮੁੱਖ ਮੰਤਰੀ ਦੇ ਪਰਿਵਾਰ ਦਾ ਨਾਂ ਸਾਹਮਣੇ ਆਇਆ ਸੀ ਅਤੇ ਹਾਈ ਕੋਰਟ ਦੇ ਹੁਕਮਾਂ ਦੇ ਬਾਵਜੂਦ ਸਰਕਾਰ ਨੇ ਇਸ ਦੀ ਜਾਂਚ ਨਹੀਂ ਕਰਵਾਈ।

ਉਨ੍ਹਾਂ ਕਿਹਾ ਕਿ ਅਜਿਹੇ ਮਾਹੌਲ ਵਿੱਚ ਸਰਹੱਦੀ ਸੂਬੇ 'ਚ ਸੁਤੰਤਰ, ਨਿਰਪੱਖ ਅਤੇ ਅਮਨ-ਅਮਾਨ ਨਾਲ ਚੋਣਾਂ ਕਰਵਾਉਣਾ ਅਸੰਭਵ ਹੋ ਜਾਵੇਗਾ। ਉਨ੍ਹਾਂ ਦਾਅਵਾ ਕੀਤਾ ਕਿ ਵਿਧਾਨ ਸਭਾ ਚੋਣਾਂ ਆਉਣ ਤੱਕ ਸਰਕਾਰ ਅਜਿਹਾ ਖ਼ੌਫ਼ ਪੈਦਾ ਕਰ ਦੇਵੇਗੀ ਕਿ ਨਾਗਰਿਕ ਬਿਨਾਂ ਡਰ ਤੋਂ ਵੋਟ ਨਹੀਂ ਪਾ ਸਕਣਗੇ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਨੂੰ ਹੋਰ ਸਮਾਂ ਦੇਣਾ ਲੋਕਾਂ ਦੇ ਮੌਲਿਕ ਅਤੇ ਮਾਨਵ ਅਧਿਕਾਰਾਂ ਦੀ ਹੋਰ ਉਲੰਘਣਾ ਕਰਨ ਦੀ ਇਜਾਜ਼ਤ ਦੇਣ ਦੇ ਬਰਾਬਰ ਹੋਵੇਗਾ।

ਅਦਾਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸ਼ਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

ਅਧਿਆਪਕ ਸਾਹਿਬਾਨ।

ਸੰਪਾਦਕੀ

ਕੁਰਸੀ ਦੀ ਤਲਬ, ਵਾਦਿਆਂ ਦੇ ਗੜ੍ਹੇ

ਜਦੋਂ ਲੋਕ-ਸੇਵਾ ਦਾ ਦਾਅਵਾ ਸੱਤਾ ਦੀ ਲਾਲਸਾ ਹੇਠ ਦੱਬ ਜਾਵੇ, ਤਾਂ ਵੋਟਰ ਦੀ ਸੂਝ-ਬੂਝ ਹੀ ਲੋਕਤੰਤਰ ਦੀ ਸਭ ਤੋਂ ਵੱਡੀ ਢਾਲ ਬਣਦੀ ਹੈ। ਲੋਕਤੰਤਰ ਵਿੱਚ ਚੋਣਾਂ ਸਿਰਫ਼ ਨੁਮਾਇੰਦੇ ਚੁਣਨ ਦੀ ਪ੍ਰਕਿਰਿਆ ਨਹੀਂ, ਸਗੋਂ ਜਨਤਾ ਵੱਲੋਂ ਆਪਣੇ ਭਵਿੱਖ ਦਾ ਫ਼ੈਸਲਾ ਕਰਨ ਦਾ ਅਹਿਮ ਮੌਕਾ ਹੁੰਦੀਆਂ ਹਨ। ਪਰ ਜਦੋਂ ਸਿਆਸਤ ਦਾ ਮਕਸਦ ਲੋਕ-ਸੇਵਾ ਦੀ ਥਾਂ ਕੁਰਸੀ ਹਾਸਲ ਕਰਨਾ ਬਣ ਜਾਵੇ, ਤਾਂ ਵੋਟਰ ਦੀਆਂ ਉਮੀਦਾਂ, ਮਜਬੂਰੀਆਂ ਅਤੇ ਭਾਵਨਾਵਾਂ ਨੂੰ ਇਲੈਕਸ਼ਨੀ ਹਥਿਆਰ ਵਜੋਂ ਵਰਤਣ ਦੇ ਰੁਝਾਨ ਵੀ ਸਾਹਮਣੇ ਆਉਂਦੇ ਹਨ। ਅਜਿਹੇ ਮਾਹੌਲ ਵਿੱਚ ਸਵਾਲ ਸਿਰਫ਼ ਇਹ ਨਹੀਂ ਕਿ ਕੌਣ ਚੋਣ ਜਿੱਤੇਗਾ, ਸਗੋਂ ਮੁੱਦਾ ਇਹ ਬਣ ਜਾਂਦਾ ਹੈ ਕਿ ਜਨਤਾ ਆਪਣੇ ਫ਼ੈਸਲੇ ਦੀ ਤਾਕਤ ਕਿਸ ਦੇ ਹੱਥ ਸੌਂਪ ਰਹੀ ਹੈ। ਚੋਣਾਂ ਨੇੜੇ ਆਉਂਦਿਆਂ ਬਹੁਤ ਸਾਰੇ ਉਮੀਦਵਾਰਾਂ ਦੇ ਵਾਅਦਿਆਂ ਵਿੱਚ ਅਚਾਨਕ ਤੇਜ਼ੀ ਆ ਜਾਂਦੀ ਹੈ। ਕੋਈ ਨੌਕਰੀਆਂ ਦੇਣ ਦੀ ਗੱਲ ਕਰਦਾ ਹੈ, ਕੋਈ ਮਹਿੰਗਾਈ ਘਟਾਉਣ ਦੀ, ਕੋਈ ਸੜਕਾਂ, ਕੋਈ ਕੁਜ ਮਹੀਨਿਆਂ ਵਿੱਚ ਨਸ਼ੇ ਖ਼ਤਮ ਕਰਨ ਦੀ, ਹਸਪਤਾਲਾਂ ਅਤੇ ਸਕੂਲਾਂ ਦਾ ਨਕਸ਼ਾ ਬਦਲਣ ਦਾ ਭਰੋਸਾ ਦਿੰਦਾ ਹੈ। ਲੋਕ-ਭਲਾਈ ਦੀਆਂ ਯੋਜਨਾਵਾਂ ਦਾ ਐਲਾਨ ਕਰਨਾ ਗ਼ਲਤ ਨਹੀਂ, ਪਰ ਬਿਨਾਂ ਗਰਾਂਟ , ਸਮਾਂ-ਸੀਮਾ ਅਤੇ ਅਮਲੀ ਯੋਜਨਾ ਤੋਂ ਕੀਤੇ ਵਾਅਦੇ ਜਨਤਾ ਨੂੰ ਗੁਮਰਾਹ ਕਰਦੇ ਹਨ।

ਵੋਟਰ ਨੂੰ ਪੁੱਛਣਾ ਚਾਹੀਦਾ ਹੈ ਕਿ ਇਹ ਵਾਅਦਾ ਕਿਵੇਂ ਪੂਰਾ ਹੋਵੇਗਾ, ਪੈਸਾ ਕਿੱਥੋਂ ਆਵੇਗਾ, ਕਿੰਨੇ ਸਮੇਂ ਵਿੱਚ ਕੰਮ ਮੁਕੰਮਲ ਹੋਵੇਗਾ ਅਤੇ ਪਹਿਲਾਂ ਕੀਤੇ ਵਾਅਦਿਆਂ ਦਾ ਕੀ ਬਣਿਆ ? ਲੋਕਤੰਤਰ ਵਿੱਚ ਵਾਅਦੇ ਦੀ ਕੀਮਤ ਉਸ ਵੇਲੇ ਤੈਅ ਹੁੰਦੀ ਹੈ, ਜਦੋਂ ਉਸ ਦੀ ਪਰਖ ਅਮਲ ਦੀ ਕਸੌਟੀ ਉੱਤੇ ਹੁੰਦੀ ਹੈ।

ਕੁਝ ਸਿਆਸੀ ਧਿਰਾਂ ਲੋਕਾਂ ਨੂੰ ਸਾਂਝੇ ਮੁੱਦਿਆਂ ਉੱਤੇ ਇਕੱਠਾ ਕਰਨ ਦੀ ਥਾਂ ਜਾਤ, ਧਰਮ, ਫ਼ਿਰਕੇ, ਇਲਾਕੇ ਜਾਂ ਭਾਸ਼ਾ ਦੇ ਆਧਾਰ ਉੱਤੇ ਵੰਡਣ ਦੀ ਕੋਸ਼ਿਸ਼ ਕਰਦੀਆਂ ਹਨ। ਕਦੇ ਕਿਸੇ ਭਾਈਚਾਰੇ ਨੂੰ ਖ਼ਤਰੇ ਦਾ ਅਹਿਸਾਸ ਕਰਵਾਇਆ ਜਾਂਦਾ ਹੈ, ਕਦੇ ਦੂਜੇ ਵਰਗ ਪ੍ਰਤੀ ਨਫ਼ਰਤ ਪੈਦਾ ਕੀਤੀ ਜਾਂਦੀ ਹੈ ਅਤੇ ਕਦੇ ਇਤਿਹਾਸਕ ਘਟਨਾਵਾਂ ਨੂੰ ਚੋਣੀ ਲਾਭ ਲਈ ਚੁਣਵੇਂ ਢੰਗ ਨਾਲ ਪੇਸ਼ ਕੀਤਾ ਜਾਂਦਾ ਹੈ।

ਅਜਿਹੀ ਸਿਆਸਤ ਦਾ ਸਭ ਤੋਂ ਵੱਡਾ ਨੁਕਸਾਨ ਇਹ ਹੈ ਕਿ ਰੁਜ਼ਗਾਰ, ਸਿੱਖਿਆ, ਸਿਹਤ, ਨਸ਼ਿਆਂ, ਭ੍ਰਿਸ਼ਟਾਚਾਰ ਅਤੇ ਵਿਕਾਸ ਵਰਗੇ ਅਸਲ ਮੁੱਦੇ ਪਿੱਛੇ ਰਹਿ ਜਾਂਦੇ ਹਨ। ਜਨਤਾ ਨੂੰ ਸਮਝਣਾ ਚਾਹੀਦਾ ਹੈ ਕਿ ਕਿਸੇ ਵੀ ਧਰਮ, ਜਾਤ ਜਾਂ ਭਾਈਚਾਰੇ ਦਾ ਸਤਿਕਾਰ ਕਰਨਾ ਜ਼ਰੂਰੀ ਹੈ, ਪਰ ਉਸ ਦੀਆਂ ਭਾਵਨਾਵਾਂ ਨੂੰ ਸਿਆਸੀ ਲਾਭ ਲਈ ਵਰਤਣ ਦੀ ਕੋਸ਼ਿਸ਼ ਦੀ ਪੜਤਾਲ ਕਰਨਾ ਵੀ ਉਨਾ ਹੀ ਜ਼ਰੂਰੀ ਹੈ।

ਚੋਣਾਂ ਦੌਰਾਨ ਨਕਦੀ, ਤੋਹਫ਼ੇ, ਸ਼ਰਾਬ ਜਾਂ ਹੋਰ ਲਾਭ ਦੇ ਕੇ ਵੋਟਰਾਂ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਲੋਕਤੰਤਰ ਦੀ ਨੀਂਹ ਨੂੰ ਕਮਜ਼ੋਰ ਕਰਦੀ ਹੈ। ਇਸੇ ਤਰ੍ਹਾਂ ਕਿਸੇ ਅਸਲ ਭਲਾਈ ਯੋਜਨਾ ਨੂੰ ਸਿਆਸੀ ਪ੍ਰਚਾਰ ਦਾ ਹਥਿਆਰ ਬਣਾਉਣਾ ਅਤੇ ਸਰਕਾਰੀ ਸਾਧਨਾਂ ਦੀ ਨਿੱਜੀ ਸਿਆਸੀ ਲਾਭ ਲਈ ਵਰਤੋਂ ਕਰਨਾ ਵੀ ਗੰਭੀਰ ਸਵਾਲ ਖੜ੍ਹੇ ਕਰਦਾ ਹੈ।

ਵੋਟਰ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਇੱਕ ਦਿਨ ਦਾ ਲਾਲਚ ਪੰਜ ਸਾਲਾਂ ਦੇ ਫ਼ੈਸਲੇ ਉੱਤੇ ਭਾਰੂ ਨਹੀਂ ਪੈਣਾ ਚਾਹੀਦਾ। ਆਪਣੀ ਵੋਟ ਨੂੰ ਨਿੱਜੀ ਸੌਦੇ ਦੀ ਵਸਤੂ ਬਣਾਉਣਾ ਆਪਣੇ ਹੀ ਹੱਕਾਂ ਦੀ ਕੀਮਤ ਘਟਾਉਣ ਦੇ ਬਰਾਬਰ ਹੈ।

ਅੱਜ ਚੋਣੀ ਪ੍ਰਚਾਰ ਦਾ ਵੱਡਾ ਹਿੱਸਾ ਮੋਬਾਈਲ ਫ਼ੋਨਾਂ ਅਤੇ ਸਮਾਜਿਕ ਮਾਧਿਅਮਾਂ ਰਾਹੀਂ ਚੱਲਦਾ ਹੈ। ਕੱਟੀਆਂ-ਛਾਂਟੀਆਂ ਵੀਡੀਓਜ਼, ਬਿਨਾਂ ਸਬੂਤ ਦੇ ਦੋਸ਼, ਪੁਰਾਣੀਆਂ ਤਸਵੀਰਾਂ ਨੂੰ ਨਵੇਂ ਸੰਦਰਭ ਵਿੱਚ ਪੇਸ਼ ਕਰਨਾ, ਝੂਠੀਆਂ ਖ਼ਬਰਾਂ ਅਤੇ ਵਧਾ-ਚੜ੍ਹਾ ਕੇ ਕੀਤੇ ਦਾਅਵੇ ਵੋਟਰ ਦੀ ਸੋਚ ਨੂੰ ਪ੍ਰਭਾਵਿਤ ਕਰ ਸਕਦੇ ਹਨ। ਕਿਸੇ ਸੁਨੇਹੇ ਦਾ ਵਾਰ-ਵਾਰ ਆਉਣਾ ਉਸ ਨੂੰ ਸੱਚ ਨਹੀਂ ਬਣਾ ਦਿੰਦਾ।

ਸਮਝਦਾਰ ਨਾਗਰਿਕ ਨੂੰ ਖ਼ਬਰ ਦਾ ਸਰੋਤ, ਤਾਰੀਖ਼, ਸਬੂਤ ਅਤੇ ਭਰੋਸੇਯੋਗ ਪੜਤਾਲ ਜ਼ਰੂਰ ਦੇਖਣੀ ਚਾਹੀਦੀ ਹੈ। ਬਿਨਾਂ ਤਸੱਲੀ ਵਾਲੀ ਸਮੱਗਰੀ ਅੱਗੇ ਭੇਜਣ ਤੋਂ ਗੁਰੇਜ਼ ਕਰਨਾ ਵੀ ਲੋਕਤੰਤਰ ਪ੍ਰਤੀ ਜ਼ਿੰਮੇਵਾਰੀ ਹੈ।

ਲੋਕਤੰਤਰ ਵਿੱਚ ਨੇਤਾ ਜਨਤਾ ਦੇ ਮਾਲਕ ਨਹੀਂ, ਸਗੋਂ ਜਨਤਾ ਦੇ ਚੁਣੇ ਹੋਏ ਨੁਮਾਇੰਦੇ ਹੁੰਦੇ ਹਨ। ਉਨ੍ਹਾਂ ਦੀ ਜਵਾਬਦੇਹੀ ਚੋਣਾਂ ਦੇ ਦਿਨ ਤੋਂ ਨਹੀਂ, ਸਗੋਂ ਚੋਣ ਜਿੱਤਣ ਦੇ ਅਗਲੇ ਦਿਨ ਤੋਂ ਸ਼ੁਰੂ ਹੁੰਦੀ ਹੈ। ਇਸ ਲਈ ਉਮੀਦਵਾਰ ਦੀ ਪਿਛਲੀ ਕਾਰਗੁਜ਼ਾਰੀ, ਇਮਾਨਦਾਰੀ, ਜਨਤਕ ਵਿਹਾਰ, ਕਾਨੂੰਨ ਪ੍ਰਤੀ ਸਤਿਕਾਰ ਅਤੇ ਲੋਕਾਂ ਨਾਲ ਉਸ ਦੇ ਅਸਲ ਰਿਸ਼ਤੇ ਨੂੰ ਪਰਖਣਾ ਲਾਜ਼ਮੀ ਹੈ।

ਵੋਟ ਸਿਰਫ਼ ਉਂਗਲੀ ਉੱਤੇ ਲੱਗਣ ਵਾਲੀ ਸਿਆਹੀ ਨਹੀਂ, ਸਗੋਂ ਜਨਤਾ ਦੇ ਭਵਿੱਖ ਉੱਤੇ ਲੱਗਣ ਵਾਲੀ ਮੋਹਰ ਹੈ। ਇਸ ਨੂੰ ਨਾਅਰਿਆਂ, ਲਾਲਚਾਂ, ਡਰ ਜਾਂ ਨਫ਼ਰਤ ਦੇ ਹਵਾਲੇ ਕਰਨ ਦੀ ਥਾਂ ਤੱਥਾਂ, ਵਿਵੇਕ ਅਤੇ ਜਵਾਬਦੇਹੀ ਦੇ ਆਧਾਰ ਉੱਤੇ ਵਰਤਿਆ ਜਾਣਾ ਚਾਹੀਦਾ ਹੈ।

ਕੁਰਸੀ ਦੀ ਦੌੜ ਵਿੱਚ ਉਮੀਦਵਾਰ ਬਦਲ ਸਕਦੇ ਹਨ, ਪਾਰਟੀਆਂ ਬਦਲ ਸਕਦੀਆਂ ਹਨ ਅਤੇ ਨਾਅਰੇ ਵੀ ਬਦਲ ਸਕਦੇ ਹਨ; ਪਰ ਜੇ ਵੋਟਰ ਆਪਣੀ ਸੂਝ-ਬੂਝ ਗੁਆ ਬੈਠੇ, ਤਾਂ ਉਸ ਦੀਆਂ ਸਮੱਸਿਆਵਾਂ ਜਿਉਂ ਦੀਆਂ ਤਿਉਂ ਰਹਿ ਸਕਦੀਆਂ ਹਨ।

ਇਸ ਲਈ ਜਾਗਰੂਕ ਵੋਟਰ ਬਣੋ, ਸਵਾਲ ਪੁੱਛੋ, ਸਬੂਤ ਮੰਗੋ ਅਤੇ ਫ਼ੈਸਲਾ ਸੋਚ-ਸਮਝ ਕੇ ਕਰੋ। ਕਿਉਂਕਿ ਲੋਕਤੰਤਰ ਦੀ ਅਸਲ ਤਾਕਤ ਕੁਰਸੀ ਉੱਤੇ ਬੈਠੇ ਵਿਅਕਤੀ ਵਿੱਚ ਨਹੀਂ, ਸਗੋਂ ਉਸ ਨੂੰ ਚੁਣਨ ਵਾਲੀ ਜਨਤਾ ਦੀ ਜਾਗਰੂਕਤਾ ਵਿੱਚ ਹੁੰਦੀ ਹੈ।

ਅੱਗ ਅਤੇ ਗੁੱਸੇ ਦੀ ਸਿਆਸਤ

ਜਯੋਤੀ ਮਲਹੋਤਰਾ

ਨਾਗਪੁਰ ਵਿੱਚ ਆਪਣੇ ਸਾਲਾਨਾ ਵਿਜੈਦਸ਼ਮੀ ਭਾਸ਼ਣ ਦੌਰਾਨ ਆਰ ਐੱਸ ਐੱਸ ਦੇ ਸਰਸੰਘਚਾਲਕ ਮੋਹਨ ਭਾਗਵਤ ਨੇ ਹਾਲ ਹੀ ਵਿੱਚ 'ਸੱਤਾ ਤਬਦੀਲੀ' ਦੀ ਸੰਭਾਵਨਾ ਨੂੰ ਖ਼ਾਰਜ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਭਾਜਪਾ ਲਈ ਸੰਗਠਨ ਦੇ ਪੂਰਨ ਸਮਰਥਨ ਦੀ ਤਾਈਦ ਕੀਤੀ, ਪਰ ਇਸ ਦੌਰਾਨ ਪੱਛਮੀ ਬੰਗਾਲ ਵਿੱਚ ਦੁਰਗਾ ਪੂਜਾ ਪੰਡਾਲਾਂ ਦੇ ਆਲੇ-ਦੁਆਲੇ ਆਮ ਵਾਂਗ ਲਗਾਏ ਗਏ ਖੱਬੇ-ਪੱਖੀ ਸਾਹਿਤ ਦੀਆਂ ਕਿਤਾਬ-ਸਟਾਲਾਂ ਨੂੰ ਕੁਝ ਗ਼ੈਰ-ਸਮਾਜੀ ਅਨਸਰਾਂ ਨੇ ਅੱਗ ਦੇ ਹਵਾਲੇ ਕਰ ਦਿੱਤਾ।

ਕਿਤਾਬਾਂ ਦੇ ਸਟਾਲਾਂ ਦੀ ਇਹ ਭੰਨ-ਤੋੜ ਅਤੇ ਸਾੜ-ਫੂਕ ਯਕੀਨਨ ਰੇਅ ਬ੍ਰੈਡਬਰੀ ਦੇ 1953 ਦੇ ਮਸ਼ਹੂਰ ਨਾਵਲ 'ਫਾਰਨਹੀਟ 451' ਦੀ ਯਾਦ ਦਿਵਾਉਂਦੀ ਹੈ, ਜਿਸ ਦਾ ਉਪ-ਸਿਰਲੇਖ ਸੀ: 'ਉਹ ਤਾਪਮਾਨ ਜਿਸ 'ਤੇ ਕਿਤਾਬ ਦਾ ਕਾਗ਼ਜ਼ ਅੱਗ ਫੜਦਾ ਹੈ ਅਤੇ ਸੜ ਕੇ ਸੁਆਹ ਹੋ ਜਾਂਦਾ ਹੈ'। ਅਮਰੀਕਾ ਵਿੱਚ ਮੈਕਾਰਥੀ ਦੌਰ (1950ਵਿਆਂ ਦੇ ਸ਼ੁਰੂ ਵਿੱਚ ਅਮਰੀਕਾ ਦਾ ਅਜਿਹਾ ਸਿਆਸੀ ਦੌਰ, ਜਿਸ ਵਿੱਚ ਖੱਬੇ-ਪੱਖੀਆਂ, ਕਮਿਊਨਿਸਟਾਂ ਅਤੇ ਸਰਕਾਰ-ਵਿਰੋਧੀ ਸੋਚ ਵਾਲੇ ਲੋਕਾਂ ਵਿਰੁੱਧ ਇੱਕ ਵੱਡੀ ਸਰਕਾਰੀ ਅਤੇ ਜਨਤਕ ਮੁਹਿੰਮ ਚਲਾਈ ਗਈ ਸੀ) ਦੇ ਸਿਖਰ ਵੇਲੇ ਲਿਖਿਆ ਗਿਆ ਇਹ ਨਾਵਲ ਨਾਜ਼ੀ ਜਰਮਨੀ ਵਿੱਚ ਕਿਤਾਬਾਂ ਸਾੜਨ ਅਤੇ ਸੋਵੀਅਤ ਗੁਲਾਗਾਂ ਰਾਹੀਂ ਸਰਕਾਰੀ ਧੱਕੇਸ਼ਾਹੀ ਦੇ ਉਸ ਦੌਰ ਦੀ ਯਾਦ ਦਿਵਾਉਂਦਾ ਹੈ ਜਦੋਂ 'ਦੇਸ਼-ਵਿਰੋਧੀ' ਮੰਨੇ ਜਾਂਦੇ ਸਾਹਿਤ ਨੂੰ ਪੜ੍ਹਨ, ਲਿਖਣ ਅਤੇ ਅਜਿਹੀ ਸੋਚ ਰੱਖਣ 'ਤੇ ਵੀ ਬਹੁਤ ਸਖ਼ਤ ਸਜ਼ਾਵਾਂ ਦਿੱਤੀਆਂ ਜਾਂਦੀਆਂ ਸਨ।

ਬਹਰਹਾਲ, ਸੂਬੇ ਦੇ ਵਿੱਤ ਮੰਤਰੀ ਸਵਪਨ ਦਾਸਗੁਪਤਾ ਨੇ ਇਹ ਕਹਿ ਕੇ ਆਪਣੀ ਸਰਕਾਰ ਦੀ ਲਾਜ ਰੱਖਣ ਦੀ ਕੋਸ਼ਿਸ਼ ਕੀਤੀ ਹੈ ਕਿ ਦੁਰਗਾ ਪੂਜਾ ਦੇ ਤਿਉਹਾਰ ਦੌਰਾਨ ਹੁੱਲੜਬਾਜ਼ਾਂ ਅਤੇ ਗੁੰਡਿਆਂ ਵੱਲੋਂ ਖੱਬੇ-ਪੱਖੀ ਕਿਤਾਬ-ਸਟਾਲਾਂ ਦੀ ਕੀਤੀ ਗਈ ਭੰਨ-ਤੋੜ ਨਾਲ ਉਨ੍ਹਾਂ ਦਾ ਸਿਰ ਸ਼ਰਮ ਨਾਲ ਝੁਕ ਗਿਆ ਹੈ। ਸਵਪਨ ਦਾਸਗੁਪਤਾ ਨੇ ਯਕੀਨਨ ਹੀ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਨਾਲੋਂ ਦੋ ਕਿਤਾਬਾਂ ਵੱਧ ਪੜ੍ਹੀਆਂ ਹੋਣਗੀਆਂ, ਜੋ ਆਮ ਤੌਰ 'ਤੇ ਆਪਣੀ ਬੌਧਿਕਤਾ-ਵਿਰੋਧੀ ਛਵੀ ਵਿੱਚ ਹੀ ਮਸਤ ਨਜ਼ਰ ਆਉਂਦੇ ਹਨ।

ਦਾਸਗੁਪਤਾ ਨੇ ਇਸ ਹਫ਼ਤੇ ਆਵਾਜ਼ ਚੁੱਕਣ ਦੀ ਹਿੰਮਤ ਇਸ ਲਈ ਦਿਖਾਈ ਕਿਉਂਕਿ ਉਹ ਸਮਝਦੇ ਹਨ ਕਿ 'ਬੰਗਾਲ ਦਾ ਵਿਚਾਰ' ਸੁਵੇਂਦੂ ਅਧਿਕਾਰੀ ਤੋਂ ਕਿਤੇ ਵੱਡਾ ਹੈ। ਇਹੋ ਹਾਲ ਜਯੋਤੀ ਬਾਸੂ ਦਾ ਸੀ, ਜੋ ਸੀ ਪੀ ਆਈ (ਐੱਮ) ਦੇ ਇੱਕ ਕੱਦਾਵਰ ਆਗੂ ਅਤੇ ਸਾਬਕਾ ਮੁੱਖ ਮੰਤਰੀ ਸਨ। ਉਨ੍ਹਾਂ ਨੇ 1996 ਵਿੱਚ ਆਪਣੀ ਹੀ ਪਾਰਟੀ ਖ਼ਿਲਾਫ਼ ਖੁੱਲ੍ਹ ਕੇ ਆਵਾਜ਼ ਉਠਾਈ ਸੀ, ਜਦੋਂ ਉਨ੍ਹਾਂ ਨੇ ਪਾਰਟੀ ਵੱਲੋਂ ਉਨ੍ਹਾਂ ਨੂੰ ਪ੍ਰਧਾਨ ਮੰਤਰੀ ਨਾ ਬਣਨ ਦੇਣ ਦੇ ਫ਼ੈਸਲੇ ਨੂੰ 'ਇਤਿਹਾਸਕ ਭੁੱਲ' ਕਰਾਰ ਦਿੱਤਾ ਸੀ।

ਖ਼ਾਸ ਗੱਲ ਇਹ ਹੈ ਕਿ ਵੱਖੋ-ਵੱਖਰੀਆਂ ਵਿਚਾਰਧਾਰਾਵਾਂ ਨਾਲ ਸਬੰਧਿਤ ਇਹ ਦੋਵੇਂ ਆਗੂ (ਇੱਕ ਖੱਬੇ-ਪੱਖੀ ਅਤੇ ਦੂਜਾ ਸੱਜੇ-ਪੱਖੀ) ਇੱਕੋ ਥਾਂ ਵੱਖ-ਵੱਖ ਵਿਚਾਰਾਂ ਨੂੰ ਪ੍ਰਵਾਨ ਕਰਨ ਦੀ ਸਮਰੱਥਾ ਰੱਖਦੇ ਹਨ। ਇਹੋ ਜਮਹੂਰੀਅਤ ਦਾ ਅਸਲ ਤੱਤ ਹੈ। ਦਾਸਗੁਪਤਾ ਨੇ ਵਿਰੋਧੀ ਵਿਚਾਰਾਂ ਦੇ ਵਿਰੋਧ ਕਰਨ ਦੇ ਹੱਕ ਵਿੱਚ ਡਟ ਕੇ ਆਵਾਜ਼ ਬੁਲੰਦ ਕੀਤੀ। ਖੱਬੇ ਪੱਖ ਨਾਲ ਜੁੜੇ ਬਹੁਤ ਸਾਰੇ ਲੋਕ ਅਜਿਹੇ ਹਨ ਜੋ 'ਲਾਲ ਸਲਾਮ' ਦੇ ਨਾਅਰੇ ਅਤੇ ਮਹਾਲਯ ਦੇ ਮਧੁਰ ਪਾਠ ਨੂੰ ਇੱਕੋ ਸਾਹੇ ਨਹੀਂ ਅਪਣਾ ਸਕਦੇ ਪਰ ਸੂਝਵਾਨ ਕਾਮਰੇਡ ਜਯੋਤੀ ਬਾਸੂ ਇਹ ਗੱਲ ਚੰਗੀ ਤਰ੍ਹਾਂ ਸਮਝਦੇ ਸਨ ਕਿ ਜੇ ਧਰਮ ਲੋਕਾਂ ਲਈ ਅਫ਼ੀਮ ਵੀ ਹੈ ਤਾਂ ਵੀ ਇਸ ਵਿੱਚ ਥੋੜ੍ਹੀ ਛੋਟ ਹਮੇਸ਼ਾ ਰਹਿੰਦੀ ਹੈ। ਉਹ ਛੋਟ ਹੈ ਦੁਰਗਾ

ਪੂਜਾ, ਕਾਲੀ ਪੂਜਾ ਅਤੇ ਸਰਸਵਤੀ ਪੂਜਾ ਦਾ ਜਸ਼ਨ।

ਗੋਪਾਲ ਕ੍ਰਿਸ਼ਨ ਗੋਖਲੇ ਦੇ ਨਾਂ ਨਾਲ ਜੋੜੀ ਜਾਂਦੀ ਇੱਕ ਗ਼ਲਤ ਕਹਾਵਤ ਇਸੇ ਕਾਰਨ ਲੰਮੇ ਸਮੇਂ ਤੱਕ ਸੱਚ ਸਾਬਿਤ ਹੁੰਦੀ ਰਹੀ ਹੈ ਕਿ ਬੰਗਾਲ ਜੋ ਅੱਜ ਸੋਚਦਾ ਹੈ, ਬਾਕੀ ਭਾਰਤ ਭਲਕੇ ਸੋਚਦਾ ਹੈ। ਹਾਲਾਂਕਿ ਗੋਖਲੇ ਨੇ 1905 ਵਿੱਚ ਅਜਿਹਾ ਕੁਝ ਨਹੀਂ ਸੀ ਕਿਹਾ। ਫਿਰ ਵੀ ਅਸਲ ਸਮੱਸਿਆ ਬੰਗਾਲ ਜਾਂ ਬੰਗਾਲੀਆਂ ਨਾਲ ਨਹੀਂ ਹੈ, ਸੁਵੇਂਦੂ ਅਧਿਕਾਰੀ ਵਰਗੇ ਨੇਤਾਵਾਂ ਨੂੰ ਛੱਡ ਵੀ ਦਿੱਤਾ ਜਾਵੇ ਤਾਂ ਵੀ ਮੁੱਖ ਮੁੱਦਾ ਇਹ ਹੈ ਕਿ ਅਜੋਕੇ ਭਾਰਤ ਵਿੱਚ ਵੱਖਰੀ ਰਾਇ ਰੱਖਣ ਜਾਂ ਸਮੇਂ ਦੇ ਵਹਾਅ ਦੇ ਉਲਟ ਚੱਲਣ ਦਾ ਹੌਸਲਾ ਹੌਲੀ ਹੌਲੀ ਮੱਧਮ ਪੈ ਰਿਹਾ ਹੈ।

ਯਕੀਨਨ ਇਹ ਸਭ ਕੁਝ ਕਾਫ਼ੀ ਸਮੇਂ ਤੋਂ ਵਾਪਰ ਰਿਹਾ ਹੈ। ਵਿਅੰਗ ਨਾਲ ਆਪਣੇ ਵਿਰੋਧੀ ਨੂੰ ਲਾਜਵਾਬ ਕਰਨ ਦੀ ਕਲਾ ਹੁਣ ਲਗਪਗ ਖ਼ਤਮ ਹੋ ਚੁੱਕੀ ਹੈ, ਜਿੱਥੇ ਗੁੱਸੇ ਦੀ ਥਾਂ ਠੋਸ ਤਰਕ ਅਤੇ ਹਾਸ-ਰਸ ਹੁੰਦਾ ਸੀ। ਅੱਜਕੱਲ੍ਹ ਦੀ ਸਿਆਸਤ ਵਿੱਚ ਗੁੱਸਾ ਅਤੇ ਤਲਖ਼ੀ ਬਹੁਤ ਵਧ ਗਈ ਹੈ। ਸ਼ਾਇਦ ਅੱਜ ਹਰ ਕਿਸੇ ਕੋਲ ਗੁੱਸੇ ਹੋਣ ਦਾ ਕੋਈ ਨਾ ਕੋਈ ਕਾਰਨ ਹੈ।

ਇਸੇ ਕਾਰਨ ਦਿੱਲੀ ਦੀਆਂ ਸੜਕਾਂ 'ਤੇ ਹੁੰਦੇ ਪ੍ਰਦਰਸ਼ਨ (ਜਦੋਂ ਵੀ ਪੁਲੀਸ ਇਨ੍ਹਾਂ ਦੀ ਇਜਾਜ਼ਤ ਦਿੰਦੀ ਹੈ) ਘੱਟੋ-ਘੱਟ ਕੁਝ ਹੱਦ ਤੱਕ ਤਾਜ਼ੀ ਹਵਾ ਦੇ ਬੁੱਲੇ ਵਰਗੇ ਲੱਗਦੇ ਹਨ। 'ਏਕ ਕਚੌਰੀ, ਦੋ ਸਮੋਸਾ' ਵਰਗੀ ਨਾਅਰੇਬਾਜ਼ੀ ਬਹੁਤ ਕਾਰਗਰ ਸਾਬਿਤ ਹੁੰਦੀ ਹੈ ਕਿਉਂਕਿ ਮਿਰਾਂਡਾ ਹਾਊਸ ਦੀਆਂ ਲੜਕੀਆਂ ਦਿੱਲੀ ਪੁਲੀਸ 'ਤੇ ਤਨਜ਼ ਕਸ ਰਹੀਆਂ ਹੁੰਦੀਆਂ ਹਨ ਕਿ ਜਦੋਂ ਸਾਨੂੰ ਤੁਹਾਡੀ ਸਭ ਤੋਂ ਵੱਧ ਲੋੜ ਹੁੰਦੀ ਹੈ, ਉਦੋਂ ਤੁਸੀਂ ਕਿੱਥੇ ਹੁੰਦੇ ਹੋ ? ਜਾਂ ਫਿਰ ਜਦੋਂ ਨੇਹਾ ਬੋਰਾ ਆਪਣੇ ਨਾਲ ਹਿਰਾਸਤ ਵਿੱਚ ਲਈਆਂ ਗਈਆਂ ਸਾਥਣਾਂ ਲਈ ਪੁਲੀਸ ਵਾਲਿਆਂ ਤੋਂ ਚਾਹ ਦੀ ਮੰਗ ਕਰਦੀ ਹੈ। ਇਨ੍ਹਾਂ ਵਿਦਿਆਰਥੀਆਂ ਨੇ ਵਰ੍ਹਿਆਂ ਪੁਰਾਣੇ ਅਖਾਣ ਨੂੰ ਚੰਗੀ ਤਰ੍ਹਾਂ ਸਮਝ ਲਿਆ ਹੈ ਕਿ ਜਦੋਂ ਤੁਹਾਡਾ ਵਿਰੋਧੀ ਤੁਹਾਡੇ ਨਾਲੋਂ ਬਹੁਤ ਜ਼ਿਆਦਾ ਤਾਕਤਵਰ ਹੋਵੇ ਤਾਂ ਉਸ ਦਾ ਮਜ਼ਾਕ ਉਡਾਓ। ਫਿਰ ਵੀ ਦਿੱਲੀ ਅੰਦਰ ਮਾਹੌਲ ਹੌਲੀ-ਹੌਲੀ ਬਦਲ ਰਿਹਾ ਹੈ ਅਤੇ ਰੁਖ਼ ਹੋਰ ਵੀ ਸਖ਼ਤ ਹੁੰਦਾ ਜਾ ਰਿਹਾ ਹੈ। ਇਹ ਸਪੱਸ਼ਟ ਹੈ ਕਿ ਸਰਕਾਰ ਦੋ-ਪੱਖੀ ਨੀਤੀ 'ਤੇ ਕੰਮ ਕਰ ਰਹੀ ਹੈ। ਪਹਿਲਾ, ਜਨਤਕ ਵਿਰੋਧ ਦੀ ਹਰ ਆਵਾਜ਼ ਨੂੰ ਪੂਰੀ ਤਰ੍ਹਾਂ ਦਬਾਇਆ ਜਾਵੇ, ਚਾਹੇ ਉਹ ਸੜਕਾਂ 'ਤੇ ਹੁੰਦੇ ਮੁਜ਼ਾਹਰੇ ਹੋਣ ਜਾਂ ਫਿਰ ਪ੍ਰਦਰਸ਼ਨਾਂ ਨੂੰ ਦਰਸਾਉਂਦੀਆਂ ਤਸਵੀਰਾਂ ਵਰਗੇ ਮਾਧਿਅਮ। ਹਾਸੇ-ਠੱਠੇ ਅਤੇ ਸਿਆਸੀ ਵਿਅੰਗ ਲਈ ਗੁੰਜਾਇਸ਼ ਘਟਦੀ ਜਾ ਰਹੀ ਹੈ।

ਦੂਜਾ, ਮੁੱਖ ਵਿਰੋਧੀ ਧਿਰ ਨੂੰ ਨਿਸ਼ਾਨਾ ਬਣਾਇਆ ਜਾਵੇ। ਭਾਵੇਂ ਕਾਂਗਰਸ ਦੇਸ਼ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਕਾਫ਼ੀ ਸੁੰਗੜ ਚੁੱਕੀ ਹੈ ਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਹ ਗੱਲ ਚੰਗੀ ਤਰ੍ਹਾਂ ਜਾਣਦੇ ਹਨ ਕਿ ਇਹੋ ਇੱਕ ਅਜਿਹੀ ਰਾਜਨੀਤਿਕ ਧਿਰ ਹੈ, ਜੋ ਅਜੇ ਵੀ ਆਪਣੇ ਆਪ ਨੂੰ ਨਵੇਂ ਸਿਰੇ ਤੋਂ ਸੰਭਾਲਣ ਦੀ ਸਮਰੱਥਾ ਰੱਖਦੀ ਹੈ। ਇਹ ਕੋਈ ਸੰਯੋਗ ਨਹੀਂ ਸੀ ਕਿ ਵੀਰਵਾਰ ਨੂੰ ਐੱਨ ਡੀ ਟੀ ਵੀ ਵਰਲਡ ਸੰਮੇਲਨ ਦੌਰਾਨ ਮੋਦੀ ਨੇ ਕਾਂਗਰਸ ਉੱਤੇ 'ਦਿਮਾਗ਼ੀ ਨਕਸਲੀਆਂ' ਜਾਂ 'ਬੌਧਿਕ ਨਕਸਲੀਆਂ' ਦਾ ਪ੍ਰਭਾਵ ਵਧਣ ਦਾ ਜ਼ਿਕਰ ਕੀਤਾ। ਇਹ ਵੀ ਕੋਈ ਸੰਯੋਗ ਨਹੀਂ ਹੈ ਕਿ ਭਾਜਪਾ ਇਸ ਸਮੇਂ ਰਾਹੁਲ ਗਾਂਧੀ ਦੀ ਛੁੱਟੀਆਂ ਮਨਾਉਣ ਲਈ ਕੀਤੀ ਗਈ ਵਿਦੇਸ਼ ਫੇਰੀ ਨੂੰ ਨਿਸ਼ਾਨਾ ਬਣਾ ਰਹੀ ਹੈ, ਜਿਸ ਬਾਰੇ ਕਿਹਾ ਜਾ ਰਿਹਾ ਹੈ ਕਿ ਉਹ ਵੀਅਤਨਾਮ ਵਿੱਚ ਸਨ ਅਤੇ ਭਾਜਪਾ ਸਵਾਲ ਪੁੱਛ ਰਹੀ ਹੈ ਕਿ ਉਹ ਉੱਥੇ ਕਿਸ ਨੂੰ ਮਿਲ ਰਹੇ ਸਨ।

ਇਹ ਵੱਖਰੀ ਗੱਲ ਹੈ ਕਿ ਅਜਿਹੇ ਸਿਆਸੀ ਮਾਹੌਲ ਵਿੱਚ ਰਾਹੁਲ ਗਾਂਧੀ ਦਾ ਵਿਦੇਸ਼ ਛੁੱਟੀਆਂ ਮਨਾਉਣ ਚਲੇ ਜਾਣਾ ਇੱਕ ਤਰ੍ਹਾਂ ਨਾਲ ਖ਼ੁਦ ਸ਼ੇਰ ਦੀ ਗੁਫ਼ਾ ਵਿੱਚ ਪੈਰ ਰੱਖਣ ਵਰਗਾ ਹੈ, ਜਿਸ ਨਾਲ ਪੂਰੀ ਵਿਰੋਧੀ ਧਿਰ ਦੀ ਰਣਨੀਤੀ 'ਤੇ ਹੀ ਸਵਾਲੀਆ ਨਿਸ਼ਾਨ ਲੱਗ ਜਾਂਦਾ ਹੈ। ਕਾਂਗਰਸ ਅੰਦਰੋਂ ਨਾ ਤਾਂ ਕੋਈ ਇਸ ਦੀ ਪੁਸ਼ਟੀ ਕਰ ਰਿਹਾ ਹੈ ਅਤੇ ਨਾ ਹੀ ਖੰਡਨ ਕਰ ਰਿਹਾ ਹੈ। ਵਿਰੋਧੀ ਧਿਰ ਦਾ ਬਣਾਇਆ ਮਾਹੌਲ ਹੁਣ ਢਿੱਲਾ ਪੈਂਦਾ ਨਜ਼ਰ ਆ ਰਿਹਾ ਹੈ। ਸਰਕਾਰ ਅਤੇ ਵਿਰੋਧੀ ਧਿਰ ਦੋਵੇਂ ਹੀ ਇਹ ਗੱਲ ਜਾਣਦੇ ਹਨ ਕਿ ਕਾਂਗਰਸ ਵਰਗੀਆਂ ਸਿਆਸੀ ਪਾਰਟੀਆਂ ਅਤੇ 'ਇੰਡੀਆ' ਗੱਠਜੋੜ ਨੂੰ ਹੀ ਇਸ ਲੜਾਈ ਦੀ ਅਗਵਾਈ ਕਰਨੀ ਪਵੇਗੀ, ਨਾ ਕਿ ਛੋਟੇ-ਮੋਟੇ ਧੜਿਆਂ ਨੂੰ ਜੋ ਸਿਰਫ਼ ਧਿਆਨ ਵੰਡਾਉਣ ਦਾ ਕੰਮ ਹੀ ਕਰ ਸਕਦੇ ਹਨ।

ਇਸੇ ਕਾਰਨ ਮੋਹਨ ਭਾਗਵਤ ਵੱਲੋਂ ਆਪਣੇ ਵਿਜੈਦਸ਼ਮੀ ਦੇ ਭਾਸ਼ਣ ਵਿੱਚ 'ਸੱਤਾ ਤਬਦੀਲੀ' ਦੀ ਸੰਭਾਵਨਾ ਨੂੰ ਨਕਾਰਨ ਵਾਲਾ ਬਿਆਨ ਬਹੁਤ ਅਹਿਮ ਹੋ ਜਾਂਦਾ ਹੈ। ਪਹਿਲੀ ਗੱਲ ਇਹ ਹੈ ਕਿ ਅਗਸਤ ਵਿੱਚ ਜੈੱਨ-ਜ਼ੀ ਅਤੇ ਜੈੱਨ ਅਲਫਾ ਦੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਜਦੋਂ ਉਨ੍ਹਾਂ ਨੇ ਮੰਨਿਆ ਸੀ ਕਿ ਹੁਣ ਅੱਖਾਂ ਮੀਚ ਕੇ ਹੁਕਮ ਮੰਨਣ ਦਾ ਦੌਰ ਖ਼ਤਮ ਹੋ ਚੁੱਕਾ ਹੈ, ਉਸ ਦੇ ਮੁਕਾਬਲੇ ਇਸ ਵਾਰ ਉਨ੍ਹਾਂ ਦਾ ਰੁਖ਼ ਕਾਫ਼ੀ ਸਖ਼ਤ ਸੀ। ਦੂਜੀ ਗੱਲ, ਉੱਤਰ ਪ੍ਰਦੇਸ਼ ਅਤੇ ਪੰਜਾਬ ਵਰਗੇ ਅਹਿਮ ਸੂਬਿਆਂ ਵਿੱਚ ਚੋਣਾਂ ਨੇੜੇ ਹੋਣ ਕਰਕੇ ਸ੍ਰੀ ਭਾਗਵਤ ਜਾਣਦੇ ਹਨ ਕਿ ਭਾਜਪਾ ਅਤੇ ਆਰ ਐੱਸ ਐੱਸ ਵਿਚਕਾਰ ਕਿਸੇ ਵੀ ਕਿਸਮ ਦੀ ਦੂਰੀ ਜਾਂ ਮਤਭੇਦ ਦੀ ਗੁੰਜਾਇਸ਼ ਨਹੀਂ ਹੋ ਸਕਦੀ। ਫਿਰ ਹੁਣ ਵਾਪਸ ਬੰਗਾਲ ਅਤੇ ਰੇਅ ਬ੍ਰੈਡਬਰੀ ਵੱਲ ਪਰਤਣ ਦਾ ਸਮਾਂ ਹੈ। ਜਦੋਂ ਸੁਵੇਂਦੂ ਅਧਿਕਾਰੀ ਨੂੰ ਕਿਤਾਬਾਂ ਦੇ ਸਟਾਲਾਂ ਦੀ ਭੰਨ-ਤੋੜ ਦੀ ਸੋਚ ਨੂੰ ਉਤਸ਼ਾਹਿਤ ਕਰਨ ਲਈ ਆਪਣੀ ਹੀ ਪਾਰਟੀ ਵੱਲੋਂ ਕੋਈ ਝਾੜ-ਝੰਬ ਨਹੀਂ ਹੁੰਦੀ ਤਾਂ ਇਸ ਦਾ ਕੀ ਮਤਲਬ ਨਿਕਲਦਾ ਹੈ ? ਜਿੱਥੋਂ ਤੱਕ ਬ੍ਰੈਡਬਰੀ ਦਾ ਸਵਾਲ ਹੈ, ਉਹ ਨਾਜ਼ੀ ਜਰਮਨੀ ਵਿੱਚ ਕਿਤਾਬਾਂ ਸਾੜਨ ਦੀਆਂ ਘਟਨਾਵਾਂ ਤੋਂ ਬਹੁਤ ਦੁਖੀ ਸਨ। ਇੱਕ ਇੰਟਰਵਿਊ ਵਿੱਚ ਉਨ੍ਹਾਂ ਦੱਸਿਆ ਸੀ ਕਿ ਉਨ੍ਹਾਂ ਨੇ 'ਫ਼ਾਰਨਹੀਟ 451' ਨਾਵਲ ਇਸ ਲਈ ਲਿਖਿਆ ਸੀ ਕਿਉਂਕਿ 1950ਵਿਆਂ ਦੇ ਅਮਰੀਕਾ ਦੇ ਹਾਲਾਤ ਤੋਂ ਉਹ ਕਾਫ਼ੀ ਚਿੰਤਤ ਸਨ, ਜਿੱਥੇ ਬਹੁਤ ਸਾਰੇ ਲੋਕ ਆਪਣੇ ਹੀ ਪਰਛਾਵੇਂ ਤੋਂ ਡਰਨ ਲੱਗ ਪਏ ਸਨ।

ਸਭ ਕੁਝ ਦੇਖਣ-ਸੁਣਨ ਮਗਰੋਂ ਸ਼ਾਇਦ ਹੁਣ ਇੱਕੋ-ਇੱਕ ਸਵਾਲ ਬਾਕੀ ਰਹਿ ਜਾਂਦਾ ਹੈ ਕਿ ਕੀ ਇਹ ਸੱਚਮੁੱਚ ਉਹੀ ਤਾਪਮਾਨ ਹੈ ਜਿਸ ਉੱਤੇ ਕਾਗ਼ਜ਼ ਸੜਨ ਲੱਗਦਾ ਹੈ ਜਾਂ ਫਿਰ ਇਸ ਅੱਗ ਨੂੰ ਦੁਬਾਰਾ ਮਘਾਉਣ ਲਈ ਕਿਸੇ ਬਿਲਕੁਲ ਨਵੇਂ ਵਿਚਾਰ ਦੀ ਲੋੜ ਪਵੇਗੀ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ 'ਸਮਕਾਲੀ ਵਿਸ਼ਵ ਰਾਜਨੀਤੀ ਅਤੇ ਪੰਜਾਬ ਦੀ ਸਥਿਤੀ' ਵਿਸ਼ੇ 'ਤੇ ਕੌਮੀ ਸੈਮੀਨਾਰ ਕਰਵਾਇਆ ਗਿਆ

ਫ਼ਤਹਿਗੜ੍ਹ ਸਾਹਿਬ, 29 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਰਾਜਨੀਤੀ ਵਿਗਿਆਨ ਵਿਭਾਗ ਵੱਲੋਂ 'ਸਮਕਾਲੀ ਵਿਸ਼ਵ ਰਾਜਨੀਤੀ ਅਤੇ ਪੰਜਾਬ ਦੀ ਸਥਿਤੀ' ਵਿਸ਼ੇ 'ਤੇ ਕੌਮੀ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦਾ ਮੁੱਖ ਉਦੇਸ਼ ਵਿਸ਼ਵ ਰਾਜਨੀਤੀ ਵਿੱਚ ਹੋ ਰਹੀਆਂ ਤਬਦੀਲੀਆਂ ਅਤੇ ਪੰਜਾਬ ਉੱਤੇ ਉਨ੍ਹਾਂ ਦੇ ਅਸਰਾਂ ਬਾਰੇ ਵਿਦਵਤਾਪੂਰਨ ਵਿਚਾਰ-ਵਟਾਂਦਰਾ ਕਰਨਾ ਸੀ। ਇਸ ਦੌਰਾਨ ਭੂ-ਰਾਜਨੀਤੀ, ਜਲ ਸੁਰੱਖਿਆ, ਸਰਹੱਦੀ ਮਸਲਿਆਂ ਅਤੇ ਵਿਸ਼ਵ ਰਾਜਨੀਤੀ ਵਿੱਚ ਸਿੱਖ ਭਾਈਚਾਰੇ ਦੀ ਭੂਮਿਕਾ ਵਰਗੇ ਅਹਿਮ ਵਿਸ਼ਿਆਂ ਉੱਤੇ ਚਰਚਾ ਕੀਤੀ ਗਈ।

ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਪ੍ਰਧਾਨਗੀ ਭਾਸ਼ਣ ਦਿੰਦਿਆਂ ਸਮਕਾਲੀ ਵਿਸ਼ਵ ਰਾਜਨੀਤੀ ਨੂੰ ਸਮਝਣ ਲਈ ਅਕਾਦਮਿਕ ਵਿਚਾਰ-ਵਟਾਂਦਰੇ ਦੀ ਅਹਿਮੀਅਤ ਉੱਤੇ ਜ਼ੋਰ ਦਿੱਤਾ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਖੋਜਾਰਥੀਆਂ ਨੂੰ ਵਿਸ਼ਵ ਪੱਧਰ 'ਤੇ ਵਾਪਰ ਰਹੀਆਂ ਰਾਜਨੀਤਕ ਤਬਦੀਲੀਆਂ ਅਤੇ ਪੰਜਾਬ ਉੱਤੇ ਉਨ੍ਹਾਂ ਦੇ ਪੈ ਰਹੇ ਅਸਰਾਂ ਬਾਰੇ ਡੂੰਘੀ ਸਮਝ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ। ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ ਡੀਨ ਅਕਾਦਮਿਕ ਮਾਮਲੇ, ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ

ਪਾਣੀ ਅਤੇ ਮਿੱਟੀ ਵਰਗੇ ਕੁਦਰਤੀ ਸਰੋਤਾਂ ਦੀ ਸੰਭਾਲ ਦੀ ਲੋੜ ਉੱਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਸਰੋਤਾਂ ਦਾ ਲਗਾਤਾਰ ਹੋ ਰਿਹਾ ਨਿਘਾਰ ਗੰਭੀਰ ਚਿੰਤਾ ਦਾ ਵਿਸ਼ਾ ਹੈ ਅਤੇ ਇਨ੍ਹਾਂ ਦੀ ਰਾਖੀ ਲਈ ਠੋਸ ਉਪਰਾਲੇ ਕਰਨੇ ਲਾਜ਼ਮੀ ਹਨ। ਉਨ੍ਹਾਂ ਨੇ ਵਿਸ਼ਵ ਰਾਜਨੀਤੀ ਦੇ ਪ੍ਰਸੰਗ ਵਿੱਚ ਖੇਤਰੀ ਮਸਲਿਆਂ ਨੂੰ ਸਮਝਣ ਅਤੇ ਉਨ੍ਹਾਂ ਬਾਰੇ ਤਰਕਪੂਰਨ ਸੋਚ ਵਿਕਸਿਤ ਕਰਨ ਲਈ ਅਜਿਹੇ ਅਕਾਦਮਿਕ ਉਪਰਾਲਿਆਂ ਦੀ ਮਹੱਤਤਾ ਵੀ ਉਜਾਗਰ ਕੀਤੀ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਐਸੋਸੀਏਟ ਪ੍ਰੋਫੈਸਰ ਅਤੇ ਡੀਨ, ਭਾਸ਼ਾਵਾਂ, ਡਾ. ਸਿਕੰਦਰ ਸਿੰਘ ਨੇ ਉਦਘਾਟਨੀ ਭਾਸ਼ਣ ਦਿੰਦਿਆਂ ਬਦਲਦੇ ਕੌਮਾਂਤਰੀ ਸਿਆਸੀ ਪ੍ਰਸੰਗ ਵਿੱਚ ਪੰਜਾਬ ਦੀ ਰਾਜਨੀਤਕ, ਭੂਗੋਲਿਕ ਅਤੇ ਸੱਭਿਆਚਾਰਕ ਮਹੱਤਤਾ ਬਾਰੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਭਾਸ਼ਾ, ਪਾਣੀ, ਪਛਾਣ ਅਤੇ ਸਿੱਖ ਭਾਈਚਾਰੇ ਨਾਲ ਜੁੜੇ ਮਸਲਿਆਂ ਉੱਤੇ ਵਿਸ਼ਵ ਰਾਜਨੀਤੀ ਦੇ ਅਸਰਾਂ ਨੂੰ ਸਮਝਣ ਲਈ ਤੱਥਾਂ ਉੱਤੇ ਆਧਾਰਿਤ ਅਤੇ ਸੂਝਵਾਨ ਅਕਾਦਮਿਕ ਵਿਚਾਰ-ਵਟਾਂਦਰੇ ਦੀ ਲੋੜ ਉੱਤੇ ਜ਼ੋਰ ਦਿੱਤਾ। ਸੈਮੀਨਾਰ ਦੌਰਾਨ ਉੱਘੇ ਵਿਦਵਾਨਾਂ ਨੇ ਪੰਜਾਬ ਅਤੇ ਸਮਕਾਲੀ ਵਿਸ਼ਵ ਰਾਜਨੀਤੀ ਨਾਲ ਜੁੜੇ ਅਹਿਮ ਮਸਲਿਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਮੁੱਖ ਵਕਤਾ ਪ੍ਰੋ. ਕੁਲਦੀਪ ਸਿੰਘ, ਸਾਬਕਾ ਪ੍ਰੋਫੈਸਰ, ਰਾਜਨੀਤੀ ਵਿਗਿਆਨ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ, ਨੇ 'ਜਲ ਸੁਰੱਖਿਆ ਅਤੇ ਪੰਜਾਬ: ਇੱਕ ਭੂ-ਰਾਜਨੀਤਕ ਦ੍ਰਿਸ਼ਟੀਕੋਣ' ਵਿਸ਼ੇ ਉੱਤੇ ਆਪਣੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਨੇ ਜਲ ਸਰੋਤਾਂ ਦੀ ਰਣਨੀਤਕ ਮਹੱਤਤਾ, ਅੰਤਰ-ਰਾਜੀ ਜਲ ਵਿਵਾਦਾਂ ਅਤੇ ਕੌਮੀ ਰਾਜਨੀਤੀ ਉੱਤੇ ਇਨ੍ਹਾਂ ਦੇ ਅਸਰਾਂ ਬਾਰੇ ਚਰਚਾ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਧਰਤੀ ਹੇਠਲੇ ਪਾਣੀ ਦੇ ਲਗਾਤਾਰ ਡਿੱਗ ਰਹੇ ਪੱਧਰ ਦੀ ਸਮੱਸਿਆ ਨਾਲ ਨਜਿੱਠਣ ਲਈ ਢੁਕਵੇਂ ਕਦਮ ਚੁੱਕਣ ਦੀ ਲੋੜ ਵੀ ਉਜਾਗਰ ਕੀਤੀ।

ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਰਾਜਨੀਤੀ ਵਿਗਿਆਨ ਵਿਭਾਗ ਦੇ ਪ੍ਰੋਫੈਸਰ ਅਤੇ ਮੁਖੀ ਪ੍ਰੋ. ਸਤਨਾਮ ਸਿੰਘ ਨੇ 'ਸਿੱਖ ਭਾਈਚਾਰਾ, ਵਿਸ਼ਵ ਰਾਜਨੀਤੀ ਅਤੇ ਪੰਜਾਬ' ਵਿਸ਼ੇ ਉੱਤੇ ਆਪਣੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਨੇ ਸਿੱਖ ਭਾਈਚਾਰੇ, ਵਿਸ਼ਵ ਰਾਜਨੀਤਕ ਵਰਤਾਰਿਆਂ ਅਤੇ ਪੰਜਾਬ ਦੇ ਵਿਆਪਕ ਕੌਮਾਂਤਰੀ ਸਬੰਧਾਂ ਵਿਚਲੇ ਆਪਸੀ ਤਾਣੇ-ਬਾਣੇ ਬਾਰੇ ਚਰਚਾ ਕੀਤੀ। ਉਨ੍ਹਾਂ ਨੇ ਸਿੱਖ ਭਾਈਚਾਰੇ ਦੇ ਹਿੱਤਾਂ ਦੀ ਰਾਖੀ ਅਤੇ ਉਨ੍ਹਾਂ ਦੀ ਬਿਹਤਰੀ ਲਈ ਯੋਗ ਅਗਵਾਈ ਤੇ ਦੂਰਅੰਦੇਸ਼ੀ ਵਾਲੀ ਵਿਉਂਤਬੰਦੀ ਦੀ ਲੋੜ ਉੱਤੇ ਜ਼ੋਰ ਦਿੱਤਾ। ਇਸ ਮੌਕੇ ਰਾਜਨੀਤੀ ਵਿਗਿਆਨ ਵਿਭਾਗ ਦੇ ਮੁਖੀ ਡਾ. ਰਮਨਦੀਪ ਕੌਰ ਨੇ ਪਤਵੰਤੇ ਸੱਜਣਾਂ, ਵਿਦਵਾਨ ਬੁਲਾਰਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਨੇ ਸਮਕਾਲੀ ਵਿਸ਼ਵ ਰਾਜਨੀਤੀ ਵਿੱਚ ਪੰਜਾਬ ਦੀ ਸਥਿਤੀ ਨੂੰ ਸਮਝਣ ਲਈ ਸੈਮੀਨਾਰ ਦੀ ਪ੍ਰਸੰਗਿਕਤਾ ਬਾਰੇ ਚਾਨਣਾ ਪਾਇਆ ਅਤੇ ਖੇਤਰੀ ਤੇ ਕੌਮਾਂਤਰੀ ਮਹੱਤਤਾ ਵਾਲੇ ਮਸਲਿਆਂ ਉੱਤੇ ਅਕਾਦਮਿਕ ਵਿਚਾਰ-ਵਟਾਂਦਰੇ ਦੀ ਲੋੜ ਬਾਰੇ ਗੱਲ ਕੀਤੀ।

ਰਾਜਨੀਤੀ ਵਿਗਿਆਨ ਵਿਭਾਗ ਦੀ ਸਹਾਇਕ ਪ੍ਰੋਫ਼ੈਸਰ ਡਾ. ਬਲਵਿੰਦਰ ਕੌਰ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ। ਉਨ੍ਹਾਂ ਨੇ ਵਿਦਵਾਨ ਬੁਲਾਰਿਆਂ, ਭਾਗੀਦਾਰਾਂ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਦਾ ਸਹਿਯੋਗ ਲਈ ਧੰਨਵਾਦ ਕੀਤਾ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਵਿਭਾਗ ਦੀ ਸਹਾਇਕ ਪ੍ਰੋਫ਼ੈਸਰ ਮਿਸ ਨਵਨੀਤ ਕੌਰ ਨੇ ਸੁਚੱਜੇ ਢੰਗ ਨਾਲ ਨਿਭਾਈ। ਸੈਮੀਨਾਰ ਵਿੱਚ ਡਾ. ਹਰਦੇਵ ਸਿੰਘ, ਡੀਨ, ਫੈਕਲਟੀ ਆਫ਼ ਸ੍ਰੀ ਗੁਰੂ ਗ੍ਰੰਥ ਸਾਹਿਬ ਸਟੱਡੀਜ਼; ਡਾ. ਹਰਮੀਤ ਬਿਲਿੰਗ, ਡੀਨ, ਫੈਕਲਟੀ ਆਫ਼ ਐਜੂਕੇਸ਼ਨ ਐਂਡ ਇਨਫਰਮੇਸ਼ਨ ਸਾਇੰਸ; ਡਾ. ਜਸਪ੍ਰੀਤ ਕੌਰ, ਡਾ. ਅਮਨਦੀਪ ਕੌਰ, ਮਿਸ ਰਮਨਦੀਪ ਬਾਵਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ। ਇਹ ਸੈਮੀਨਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੀ ਅਕਾਦਮਿਕ ਉੱਤਮਤਾ, ਖੋਜ ਅਤੇ ਸਮਕਾਲੀ ਕੌਮੀ ਤੇ ਕੌਮਾਂਤਰੀ ਮਸਲਿਆਂ ਬਾਰੇ ਸਾਰਥਕ ਬੌਧਿਕ ਸੰਵਾਦ ਨੂੰ ਉਤਸ਼ਾਹਿਤ ਕਰਨ ਦੀ ਵਚਨਬੱਧਤਾ ਦਾ ਪ੍ਰਤੀਕ ਰਿਹਾ। ਸੈਮੀਨਾਰ ਨੇ ਬਦਲਦੇ ਕੌਮਾਂਤਰੀ ਪ੍ਰਸੰਗ ਵਿੱਚ ਵਿਸ਼ਵ ਰਾਜਨੀਤੀ ਅਤੇ ਪੰਜਾਬ ਦੀ ਭੂਮਿਕਾ ਬਾਰੇ ਗੰਭੀਰ ਵਿਦਵਤਾਪੂਰਨ ਸੰਵਾਦ ਦੀ ਮਹੱਤਤਾ ਨੂੰ ਹੋਰ ਉਭਾਰਿਆ।

ਮੁਲਾਜ਼ਮ ਅਤੇ ਪੈਨਸ਼ਨਰ ਸਰਕਾਰ ਨੂੰ ਘੇਰਨ ਲਈ ਪੱਬਾ ਭਾਰ; ਸਾਂਝੀ ਤਾਲਮੇਲ ਕਮੇਟੀ ਸਰਕਾਰ ਦੀਆਂ ਚੂਲਾਂ ਹਿਲਾ ਦੇਵੇਗੀ

ਪਟਿਆਲਾ, 29 ਅਕਤੂਬਰ
-ਛਤਰਪਾਲ ਸਿੰਘ-

ਮੁਲਾਜ਼ਮ ਤੇ ਪੈਨਸ਼ਨਰ ਸਾਂਝੀ ਤਾਲਮੇਲ ਕਮੇਟੀ ਜ਼ਿਲਾ ਪਟਿਆਲਾ ਦੀ ਮੀਟਿੰਗ ਦਰਸ਼ਨ ਸਿੰਘ ਬੇਲੂ ਮਾਜਰਾ ਦੀ ਪ੍ਰਧਾਨਗੀ ਹੇਠ ਪੰਜਾਬ ਸਟੇਟ ਕਰਮਚਾਰੀ ਦਲ ਦੇ ਦਫਤਰ ਵਿਖੇ ਹੋਈ ਜਿਸ ਵਿੱਚ ਸੂਬਾ ਕਮੇਟੀ ਵੱਲੋਂ ਉਲੀਕੇ ਪ੍ਰੋਗਰਾਮਾਂ ਨੂੰ ਅਮਲੀ ਜਾਮਾ ਪਹਿਨਾਉਣ ਲਈ ਫੈਸਲਾ ਕੀਤਾ ਗਿਆ ਅੱਜ ਦੀ ਮੀਟਿੰਗ ਵਿੱਚ ਪਹੁੰਚੇ ਆਗੂਆਂ ਧਨਵੰਤ ਸਿੰਘ ਭੱਠਲ,ਬਚਿੱਤਰ ਸਿੰਘ, ਹਰੀ ਸਿੰਘ ਟੌਹੜਾ,ਗੁਰਦੀਪ ਸਿੰਘ ਵਾਲੀਆ ਖੁਸ਼ਵਿੰਦਰ ਕਪਲਾ,ਸੁਖਵਿੰਦਰ ਸਿੰਘ ਸੈਣੀ, ਸੰਤ ਰਾਮ ਚੀਮਾ ਜਸਬੀਰ ਖੋਖਰ ਤੇ ਜਗਜੀਤ ਸਿੰਘ ਨੇ ਕਿਹਾ ਕਿ ਮੁਲਾਜ਼ਮਾਂ ਤੇ ਪੈਨਸਨਰਾਂ ਦੇ ਸੰਘਰਸ਼ ਸਰਕਾਰ ਦੀਆਂ ਚੂਲਾਂ ਹਿਲਾ ਦੇਣਗੇ ਉਹਨਾਂ ਫੈਸਲਾ ਕੀਤਾ ਕਿ ਉਹ ਜਿੱਥੇ ਅੱਜ ਦੀ ਮੀਟਿੰਗ ਕਰਕੇ ਤਹਿ ਕੀਤਾ ਹੈ ਕਿ ਚੰਡੀਗੜ੍ਹ ਵਿਖੇ 13 ਨਵੰਬਰ ਤੋਂ ਜੋ ਸਰਕਾਰ ਦੇ ਖਿਲਾਫ ਪੱਕਾ ਮੋਰਚਾ ਲਾਇਆ ਜਾ ਰਿਹਾ ਉਸ ਵਿੱਚ ਜਿਲੇ ਪਟਿਆਲੇ ਨਾਲ ਸੰਬਧਿਤ ਹਜ਼ਾਰਾਂ ਹੀ ਮੁਲਾਜ਼ਮ ਤੇ ਪੈਨਸ਼ਨਰ ਵਹੀਰਾ ਘੱਤਕੇ ਉਸ ਮੋਰਚੇ ਵਿੱਚ ਪਹੁੰਚਣਗੇ ਅਤੇ ਸਰਕਾਰ ਨੂੰ ਘੇਰਨ ਦੀ ਕੋਈ ਕਸਰ ਬਾਕੀ ਨਹੀਂ ਛੱਡਣਗੇ ਇਸ ਇਕੱਤਰਤਾ ਵਿੱਚ ਪਹੁੰਚੇ ਆਗੂਆਂ ਲਖਵਿੰਦਰ ਖਾਨਪੁਰ, ਜਗਪ੍ਰੀਤ ਸਿੰਘ, ਓਪਨੈਣ ਸਿੰਘ,ਰਕੇਸ਼ ਬਾਤਿਸ, ਨਾਹਰ ਸਿੰਘ, ਦੀਦਾਰ ਸਿੰਘ ਖਨੌਰੀ, ਰਾਵਿੰਦਰ ਕੰਬੋਜ ਤੇ ਗੁਰਮੀਤ ਸਿੰਘ ਟਿਵਾਣਾ ਨੇ ਕਿਹਾ ਕਿ ਮੋਰਚੇ ਤੋਂ ਬਾਅਦ ਵੀ ਉਹ ਲਗਾਤਾਰ ਟਿੱਕ ਕੇ ਨਹੀਂ ਬੈਠਣਗੇ ਜਿੱਥੇ ਦਸੰਬਰ ਮਹੀਨੇ ਇਕ ਤੋਂ ਪੰਜ ਦਸੰਬਰ ਤੱਕ ਐਮ.ਐਲ.ਏ. ਤੇ ਮੰਤਰੀਆਂ ਦੀਆਂ ਅਰਥੀਆਂ ਫੂਕਣਗੇ ਅਤੇ ਛੇ ਤਰੀਕ ਨੂੰ ਬੁੱਢੇ ਨਾਲੇ ਵਿੱਚ ਪੰਜਾਬ ਦੇ ਵਿਧਾਇਕਾਂ ਤੇ ਮੰਤਰੀਆਂ ਦੇ ਫੁੱਲ ਜਲ ਪਰਵਾਹ ਕੀਤੇ ਜਾਣਗੇ ਉੱਥੇ ਹੀ13 ਦਸੰਬਰ ਨੂੰ ਮਨੁੱਖੀ ਚੈਨ ਬਣਾ ਕੇ ਸਰਕਾਰ ਦੇ ਖਿਲਾਫ ਲਾਮਿਸਾਲ ਸੰਘਰਸ਼ ਦਾ ਬਿਗਲ ਬਜਾਇਆ ਜਾਵੇਗਾ। ਅਤੇ ਇਸ ਤੋਂ ਬਾਅਦ ਸਰਕਾਰ ਦੇ ਵਿਧਾਇਕਾਂ ਅਤੇ ਮੰਤਰੀਆਂ ਨੂੰ ਵੀ ਪਿੰਡਾਂ ਵਿੱਚ ਵੜਨ ਨਹੀਂ ਦਿੱਤਾ ਜਾਵੇਗਾ ਹਰੇਕ ਜਗ੍ਹਾ ਤੇ ਜਾ ਕੇ ਮੁਲਾਜ਼ਮ ਤੇ ਪੈਨਸ਼ਨਰ ਲੋਕਾਂ ਨੂੰ ਇਸ ਸਰਕਾਰ ਦੀ ਨਿਖਿੱਧ ਕਾਰਗੁਜਾਰੀ ਅਤੇ ਕੀਤੀ ਲੁੱਟ ਬਾਰੇ ਜਾਗਰੂਕ ਕਰਨਗੇ ਅੱਜ ਦੀ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜਸਵਿੰਦਰ ਸੌਂਜਾ, ਪ੍ਰੇਮ ਚੰਦ ਪੰਜੋਲਾ, ਮਨੋਹਰ ਸਿੰਘ, ਮਲਕੀਤ ਸਿੰਘ ਪੰਜੋਲੀ, ਧਰਮ ਪਾਲ ਲੋਟ,ਦਵਿੰਦਰ ਸਿੰਘ ਤੇ ਭਜਨ ਸਿੰਘ ਲੰਗ, ਆਦਿ ਨੇ ਭਾਗ ਲਿਆ ਅਤੇ ਅੰਤ ਵਿੱਚ ਸਮੁੱਚੇ ਆਗੂਆਂ ਨੇ ਇਕੱਤਰ ਹੋ ਕੇ ਫੈਸਲਾ ਕੀਤਾ ਕਿ ਇਸ ਸਰਕਾਰ ਦੇ ਖਿਲਾਫ ਜਿੰਨੇ ਵੀ ਸੰਘਰਸ਼ ਸੁਬਾਈ ਟੀਮ ਵੱਲੋਂ ਉਲੀਕੇ ਗਏ ਹਨ ਜਿਲਾ ਪਟਿਆਲਾ ਉਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗਾ ਅਤੇ ਹਰੇਕ ਸੰਘਰਸ਼ ਦੇ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਪੂਰੇ ਜੋਸੋ ਖਰੋਸ ਤੇ ਉਤਸ਼ਾਹ ਨਾਲ ਭਾਗ ਲੈਣਗੇ ਅਤੇ ਸਰਕਾਰ ਦੇ ਖਿਲਾਫ ਆਪਣੇ ਰੋਹ ਦਾ ਪ੍ਰਗਟਾਵਾ ਕਰਨਗੇ ਅੱਜ ਦੀ ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ਪਰਗਟ ਸਿੰਘ ਭਾਂਦਸੋ,ਬਲਕਾਰ ਸਿੰਘ, ਭੁਪਿੰਦਰ ਸਿੰਘ ਰੋਣੀ ਤੇ ਕਰਨੈਲ ਸਿੰਘ ਆਗੂਆਂ ਨੇ ਭਾਗ ਲਿਆ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪਿੰਡ ਕੋਟਲਾ ਜੱਟਾਂ ਵਿਖੇ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਇਆ

ਫ਼ਤਹਿਗੜ੍ਹ ਸਾਹਿਬ, 29 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਨਸ਼ਾ ਪ੍ਰਭਾਵਿਤ ਹੌਟਸਪੌਟ ਪਿੰਡ ਕੋਟਲਾ ਜੱਟਾਂ ਵਿਖੇ ਸਿਹਤ ਵਿਭਾਗ ਵੱਲੋਂ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਇਆ ਗਿਆ। ਐਸ.ਐਮ.ਓ. ਚਨਾਰਥਲ ਕਲਾਂ ਸੁਰਿੰਦਰ ਸਿੰਘ ਨੇ ਕੈਂਪ ਦੌਰਾਨ ਸ਼ਮੂਲੀਅਤ ਕਰਨ ਆਏ ਲੋਕਾਂ ਨੂੰ ਨਸ਼ਿਆਂ ਕਾਰਣ ਸਿਹਤ ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਅਤੇ ਲੋਕਾਂ ਨੂੰ ਆਪਣੇ ਆਲੇ-ਦੁਆਲੇ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਲਈ ਵੀ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਨਸ਼ਿਆ ਦੇ ਖਿਲਾਫ਼ ਵਿੱਢੀ ਮੁਹਿੰਮ ਦਾ ਮੰਤਵ ਰਾਜ ਅੰਦਰ ਨਸ਼ਿਆ ਦੇ ਕੋਹੜ ਨੂੰ ਜੜੋਂ ਖਤਮ ਕਰਨਾ ਅਤੇ ਨਸ਼ਿਆ ਦੀ ਗ੍ਰਿਫਤ ਵਿੱਚ ਆਏ ਵਿਅਕਤੀਆਂ ਦਾ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਰਾਹੀ ਇਲਾਜ ਕਰਵਾਉਣਾ ਹੈ।

ਇਸ ਮੌਕੇ ਡਾ. ਵਿਕਾਸ ਗੁਪਤਾ ਅਤੇ ਕੌਂਸਲਰ ਚਰਨਵੀਰ ਸਿੰਘ ਨੇ ਮਾਪਿਆਂ ਅਤੇ ਸਮਾਜ ਦੇ ਹੋਰ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਬੱਚਿਆਂ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਆਪਣੀ ਸਰਗਰਮ ਭੂਮਿਕਾ ਨਿਭਾਉਣ।

ਉਨ੍ਹਾਂ ਨੌਜਵਾਨਾਂ ਨੂੰ ਸਿੱਖਿਆ, ਖੇਡਾਂ ਅਤੇ ਹੋਰ ਸਿਹਤਮੰਦ ਤੇ ਰਚਨਾਤਮਕ ਗਤੀਵਿਧੀਆਂ ਨਾਲ ਜੋੜਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਹਰੇਕ ਵਿਅਕਤੀ ਨੂੰ ਖੁਦ ਨਸ਼ਿਆਂ ਤੋਂ ਦੂਰ ਰਹਿਣ ਦੇ ਨਾਲ-ਨਾਲ ਆਪਣੇ ਪਰਿਵਾਰਕ ਮੈਂਬਰਾਂ, ਦੋਸਤਾਂ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਨਸ਼ਿਆਂ ਦੇ ਖ਼ਤਰਿਆਂ ਬਾਰੇ ਜਾਗਰੂਕ ਕਰਨਾ ਚਾਹੀਦਾ ਹੈ। ਸਿਹਤ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਾ ਪੀੜਤ ਵਿਅਕਤੀਆਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਨਸ਼ਾ ਛੱਡਣ ਵਾਲੇ ਵਿਅਕਤੀਆਂ ਨੂੰ ਆਪਣਾ ਰੁਜ਼ਗਾਰ ਸ਼ੁਰੂ ਕਰਨ ਦੇ ਯੋਗ ਬਣਾਉਣ ਲਈ ਮੁਫ਼ਤ ਸਿਖਲਾਈ ਵੀ ਦਿੱਤੀ ਜਾਂਦੀ ਹੈ, ਤਾਂ ਜੋ ਉਹ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਹੋ ਕੇ ਸਨਮਾਨਜਨਕ ਜੀਵਨ ਬਤੀਤ ਕਰ ਸਕਣ। ਇਸ ਮੌਕੇ ਸੀ.ਐਚ.ਓ. ਗਗਨਪ੍ਰੀਤ ਕੌਰ, ਸੁਮਨਦੀਪ ਕੌਰ ਤੋਂ ਇਲਾਵਾ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

Shaheedeazamnews.com
ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

ਪੌਲੀਟਿਕਸ

ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਸਬਸਿਡੀ 'ਤੇ ਮੁਹੱਈਆ ਕਰਵਾਇਆ ਜਾ ਰਿਹਾ ਹੈ ਕਣਕ ਦਾ ਤਸਦੀਕਸ਼ੁਦਾ ਬੀਜ: ਡਾ. ਜਗਦੇਵ ਸਿੰਘ

ਫ਼ਤਿਹਗੜ੍ਹ ਸਾਹਿਬ, 29 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਕਣਕ ਦੀਆਂ ਵੱਖ-ਵੱਖ ਕਿਸਮਾਂ ਦੇ ਤਸਦੀਕਸ਼ੁਦਾ ਬੀਜ ਸਬਸਿਡੀ ਤੇ ਮੁਹੱਈਆ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ, ਡਾ.ਜਗਦੇਵ ਸਿੰਘ, ਮੁੱਖ ਖੇਤੀਬਾੜੀ ਅਫ਼ਸਰ, ਫਤਿਹਗੜ੍ਹ ਸਾਹਿਬ ਨੇ ਦੱਸਿਆ ਕਿ ਸਬਸਿਡੀ ਸਿਰਫ਼ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ), ਲੁਧਿਆਣਾ ਵੱਲੋਂ ਸਿਫ਼ਾਰਸ਼ ਕੀਤੀਆਂ ਅਤੇ ਆਈ.ਸੀ.ਏ.ਆਰ ਜਾਂ ਪੰਜਾਬ ਸਰਕਾਰ ਵੱਲੋਂ ਨੋਟੀਫਾਈ 10 ਸਾਲ ਤੱਕ ਪੁਰਾਣੀਆਂ ਪ੍ਰਮਾਣਿਤ ਕਣਕ ਦੀਆਂ ਕਿਸਮਾਂ ਤੇ ਹੀ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯੋਗ ਕਿਸਾਨਾਂ ਨੂੰ 50 ਫੀਸਦੀ ਸਬਸਿਡੀ ਜਾਂ ਵੱਧ ਤੋਂ ਵੱਧ 2000 ਰੁਪਏ ਪ੍ਰਤੀ ਕੁਇੰਟਲ ਸਹਾਇਤਾ ਨਾਲ ਕਣਕ ਦਾ ਤਸਦੀਕਸ਼ੁਦਾ ਬੀਜ ਕਿਸਾਨਾਂ ਨੂੰ ਮੁਹੱਈਆ ਕਰਵਾਇਆ ਜਾ ਰਿਹਾ ਹੈ। ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਇਹ ਬੀਜ ਕਿਸਾਨਾਂ ਖਰੀਦ ਸਮੇਂ ਹੀ ਸਹਾਇਤਾ ਰਾਸ਼ੀ ਘਟਾ ਕੇ ਦਿੱਤਾ ਜਾ ਰਿਹਾ ਹੈ ਅਤੇ ਇੱਕ ਕਿਸਾਨ ਵੱਧ ਤੋਂ ਵੱਧ ਇੱਕ ਹੈਕਟੇਅਰ ਲਈ ਹੀ ਸਬਸਿਡੀ ਵਾਲਾ ਬੀਜ ਪ੍ਰਾਪਤ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਸਬਸਿਡੀ ਵਾਲਾ ਬੀਜ ਪ੍ਰਾਪਤ ਕਰਨ ਲਈ ਕਿਸਾਨ ਦਾ ਆਧਾਰ ਨੰਬਰ ਪਹਿਲਾਂ ਅਨਾਜ ਖਰੀਦ ਪੋਰਟਲ 'ਤੇ ਰਜਿਸਟਰਡ ਹੋਣਾ ਲਾਜ਼ਮੀ ਹੈ। ਕਿਸਾਨ ਇਹ ਬੀਜ ਸਬਸਿਡੀ ਉੱਪਰ ਪਹਿਲਾਂ ਆਓ, ਪਹਿਲਾਂ ਪਾਓ ਦੇ ਆਧਾਰ ਤੇ ਮੁਹੱਈਆ ਕਰਵਾਇਆ ਜਾ ਰਿਹਾ ਹੈ। ਕਿਸਾਨ ਵੀਰ ਆਪਣੇ ਬਲਾਕ ਦੇ ਖੇਤੀਬਾੜੀ ਦਫ਼ਤਰ ਵਿਖੇ ਜਾ ਕੇ ਆਪਣਾ ਆਧਾਰ ਕਾਰਡ ਅਤੇ ਆਧਾਰ ਨਾਲ ਅਟੈਚ ਮੋਬਾਈਲ ਨੰਬਰ ਦੇ ਓਟੀਪੀ ਰਾਹੀਂ ਬੀਜ ਲੈ ਸਕਦੇ ਹਨ। ਡਾ. ਜਗਦੇਵ ਸਿੰਘ ਨੇ ਦੱਸਿਆ ਕਿ ਕਿਸਾਨ ਵਧੇਰੇ ਜਾਣਕਾਰੀ ਲਈ ਆਪਣੇ ਪਿੰਡਾਂ ਨਾਲ ਸਬੰਧਤ ਸਰਕਲ ਇੰਚਾਰਜ ਜਾਂ ਬਲਾਕ ਪੱਧਰੀ ਦਫਤਰਾਂ ਦੇ ਅਧਿਕਾਰੀਆਂ ਨਾਲ ਸੰਪਰਕ ਕਰ ਸਕਦੇ ਹਨ। ਬਲਾਕ ਸਰਹਿੰਦ ਦੇ ਖੇਤੀਬਾੜੀ ਵਿਕਾਸ ਅਫ਼ਸਰ ਨਾਲ 97818-48675, ਬਲਾਕ ਖੇੜਾ ਦੇ ਖੇਤੀਬਾੜੀ ਵਿਕਾਸ ਅਫ਼ਸਰ ਨਾਲ 94630-41053, ਬਲਾਕ ਬਸੀ ਪਠਾਣਾ ਦੇ ਖੇਤੀਬਾੜੀ ਵਿਕਾਸ ਅਫ਼ਸਰ ਨਾਲ 97804-49024, ਬਲਾਕ ਖਮਾਣੋਂ ਦੇ ਖੇਤੀਬਾੜੀ ਅਫ਼ਸਰ ਨਾਲ 95018-00975 ਅਤੇ ਬਲਾਕ ਅਮਲੋਹ ਦੇ ਖੇਤੀਬਾੜੀ ਅਫ਼ਸਰ ਨਾਲ 96465-78198 ਮੋਬਾਇਲ ਨੰਬਰਾਂ ਤੇ ਸੰਪਰਕ ਕੀਤਾ ਜਾ ਸਕਦਾ ਹੈ।

ਪੈਰਾ-ਖੇਡਾਂ 'ਵਤਨ ਪੰਜਾਬ ਦੀਆਂ-ਸੀਜ਼ਨ-2' ਲਈ ਦਿਵਿਆਂਗਜਨ ਖਿਡਾਰੀਆਂ ਦੀ ਕਲਾਸੀਫਿਕੇਸ਼ਨ ਤੇ ਰਜਿਸਟ੍ਰੇਸ਼ਨ 2 ਨਵੰਬਰ ਨੂੰ

ਫ਼ਤਹਿਗੜ੍ਹ ਸਾਹਿਬ, 29 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਖੇਡ ਵਿਭਾਗ, ਪੰਜਾਬ ਵੱਲੋਂ ਪੈਰਾ-ਖੇਡਾਂ 'ਵਤਨ ਪੰਜਾਬ ਦੀਆਂ-ਸੀਜ਼ਨ-2 (2026)' ਦਾ ਆਯੋਜਨ 25 ਨਵੰਬਰ ਤੋਂ 28 ਨਵੰਬਰ 2026 ਤੱਕ ਲੁਧਿਆਣਾ ਵਿਖੇ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਸ੍ਰੀਮਤੀ ਜੋਬਨਦੀਪ ਕੌਰ ਨੇ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ ਪੈਰਾ-ਐਥਲੈਟਿਕਸ, ਪੈਰਾ-ਬੈਡਮਿੰਟਨ, ਪੈਰਾ-ਪਾਵਰਲਿਫਟਿੰਗ ਅਤੇ ਵ੍ਹੀਲਚੇਅਰ ਬਾਸਕਟਬਾਲ ਦੇ ਮੁਕਾਬਲੇ ਕਰਵਾਏ ਜਾਣਗੇ। ਇਨ੍ਹਾਂ ਮੁਕਾਬਲਿਆਂ ਵਿੱਚ ਜੂਨੀਅਰ ਵਰਗ (ਅੰਡਰ-19) ਅਤੇ ਓਪਨ ਵਰਗ (19 ਸਾਲ ਤੋਂ ਵੱਧ ਉਮਰ) ਦੇ ਖਿਡਾਰੀ ਭਾਗ ਲੈ ਸਕਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ ਭਾਗ ਲੈਣ ਦੇ ਚਾਹਵਾਨ ਜ਼ਿਲ੍ਹੇ ਦੇ ਯੋਗ ਦਿਵਿਆਂਗਜਨ ਖਿਡਾਰੀਆਂ ਦੀ ਕਲਾਸੀਫਿਕੇਸ਼ਨ ਅਤੇ ਰਜਿਸਟ੍ਰੇਸ਼ਨ ਮਿਤੀ 2 ਨਵੰਬਰ 2026 ਨੂੰ ਜ਼ਿਲ੍ਹਾ ਖੇਡ ਅਫ਼ਸਰ, ਫ਼ਤਹਿਗੜ੍ਹ ਸਾਹਿਬ ਦੇ ਦਫ਼ਤਰ ਵਿਖੇ ਕੀਤੀ ਜਾਵੇਗੀ।

ਇਹ ਪ੍ਰਕਿਰਿਆ ਇਨਡੋਰ ਸਟੇਡੀਅਮ, ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਵਿਖੇ ਹੋਵੇਗੀ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨੇ ਜ਼ਿਲ੍ਹੇ ਦੇ ਯੋਗ ਦਿਵਿਆਂਗਜਨ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਖੇਡਾਂ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਭਾਗ ਲੈਣ ਲਈ ਆਪਣੀ ਕਲਾਸੀਫਿਕੇਸ਼ਨ ਅਤੇ ਰਜਿਸਟ੍ਰੇਸ਼ਨ ਨਿਰਧਾਰਤ ਮਿਤੀ, ਸਮੇਂ ਸਿਰ ਕਰਵਾਉਣ, ਤਾਂ ਜੋ ਉਹ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਸਕਣ।

ਸੈਂਸਜ਼ 2027 ਫੇਜ਼-2 ਤਹਿਤ 16 ਨਵੰਬਰ ਤੋਂ 30 ਨਵੰਬਰ ਤੱਕ ਹੋਵੇਗੀ ਸਵੈ ਜਨਗਣਨਾ-ਸਹਾਇਕ ਡਾਇਰੈਕਟਰ ਸੈਂਸਜ

ਫ਼ਤਹਿਗੜ੍ਹ ਸਾਹਿਬ,29 ਅਕਤੂਬਰ
-ਚੌਧਰੀ ਪ੍ਰਭਜੀਤ ਸਿੰਘ-

ਸੈਂਸਜ਼ 2027 ਫੇਜ਼-2 ਤਹਿਤ 16 ਨਵੰਬਰ ਤੋਂ 30 ਨਵੰਬਰ 2026 ਤੱਕ ਸਵੈ ਜਨਗਣਨਾ ਕਰਵਾਈ ਜਾਵੇਗੀ। ਇਹ ਜਾਣਕਾਰੀ ਦਿੰਦਿਆਂ ਸਹਾਇਕ ਡਾਇਰੈਕਟਰ ਸੈਂਸਜ਼ ਸ੍ਰੀਮਤੀ ਰੇਨੂੰ ਗਰਗ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਉਪ ਅਰਥ ਅਤੇ ਅੰਕੜਾ ਸਲਾਹਕਾਰ ਨਾਲ ਮੀਟਿੰਗ ਦੌਰਾਨ ਦਿੱਤੀ। ਸਹਾਇਕ ਡਾਇਰੈਕਟਰ ਨੇ ਦੱਸਿਆ ਕਿ ਤਹਿਤ ਕੋਈ ਵੀ ਵਿਅਕਤੀ ਨਿਰਧਾਰਤ ਵੈੱਬਸਾਈਟ 'ਤੇ ਜਾ ਕੇ ਆਪਣੇ ਪਰਿਵਾਰ ਦੀ ਜਨਗਣਨਾ ਸਬੰਧੀ ਜਾਣਕਾਰੀ ਖੁਦ ਦਰਜ ਕਰਵਾ ਸਕਦਾ ਹੈ। ਇਸ ਤੋਂ ਬਾਅਦ 01 ਦਸੰਬਰ 2026 ਤੋਂ 04 ਜਨਵਰੀ 2027 ਤੱਕ ਗਿਣਤੀਕਾਰਾਂ ਵੱਲੋਂ ਘਰ-ਘਰ ਜਾ ਕੇ ਜਨਗਣਨਾ ਕੀਤੀ ਜਾਵੇਗੀ। ਇਸ ਦੌਰਾਨ ਪਰਿਵਾਰ ਦੇ ਹਰੇਕ ਮੈਂਬਰ ਸਬੰਧੀ ਲਗਭਗ 40 ਸਵਾਲ ਪੁੱਛੇ ਜਾਣਗੇ ਅਤੇ ਲੋੜੀਂਦੀ ਜਾਣਕਾਰੀ ਦਰਜ ਕੀਤੀ ਜਾਵੇਗੀ। ਸ੍ਰੀਮਤੀ ਰੇਨੂੰ ਗਰਗ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੈਂਸਜ਼ 2027 ਫੇਜ਼-2 ਦੀ ਸਮੁੱਚੀ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਆਪਸੀ ਤਾਲਮੇਲ ਨਾਲ ਕੰਮ ਕੀਤਾ ਜਾਵੇ ਅਤੇ ਜਨਗਣਨਾ ਨਾਲ ਸਬੰਧਤ ਕੰਮਾਂ ਨੂੰ ਨਿਰਧਾਰਤ ਸਮੇਂ ਅਨੁਸਾਰ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਵੈ ਜਨਗਣਨਾ ਦੀ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਜਨਗਣਨਾ ਪ੍ਰਕਿਰਿਆ ਨੂੰ ਸਫਲ ਬਣਾਉਣ ਵਿੱਚ ਆਪਣਾ ਸਹਿਯੋਗ ਦੇਣ।

ਪਟਿਆਲਾ ਦਿਹਾਤੀ ਹਲਕੇ ਵਿੱਚ ਲਗਾਇਆ ਵਿਸ਼ੇਸ਼ ਕੈਂਪ, 83 ਨੌਜਵਾਨਾਂ ਦੀਆਂ ਵੋਟਾਂ ਬਣਾਈਆਂ

ਪਟਿਆਲਾ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਵਿਧਾਨ ਸਭਾ ਚੋਣ ਹਲਕਾ 110-ਪਟਿਆਲਾ ਦਿਹਾਤੀ ਵਿੱਚ ਅੱਜ ਵਿਸ਼ੇਸ਼ ਕੈਂਪ ਲਗਾਇਆ ਗਿਆ, ਜਿਸ ਦੌਰਾਨ 1 ਜਨਵਰੀ 2027 ਨੂੰ 18 ਸਾਲ ਦੀ ਉਮਰ ਪੂਰੀ ਕਰਨ ਵਾਲੇ ਨੌਜਵਾਨਾਂ ਦੀਆਂ ਵੋਟਾਂ ਬਣਾਈਆਂ ਗਈਆਂ। ਇਹ ਕੈਂਪ ਪੀ.ਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਤ੍ਰਿਪੜੀ ਵਿਖੇ ਸਕੂਲ ਦੇ ਇਲੈਕਟੋਰਲ ਲਿਟਰੇਸੀ ਕਲੱਬ (ਈ.ਐੱਲ.ਸੀ.) ਵੱਲੋਂ ਲਗਾਇਆ ਗਿਆ। ਕੈਂਪ ਦੌਰਾਨ ਕੁੱਲ 83 ਨੌਜਵਾਨ ਵੋਟਰਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ।

ਕੈਂਪ ਦਾ ਉਦਘਾਟਨ ਓ ਐਸ ਡੀ ਸ਼ਹਿਰੀ ਵਿਕਾਸ ਸ੍ਰੀ ਮੁਕਿਲਨ ਆਰ, ਆਈ.ਏ.ਐੱਸ. ਵੱਲੋਂ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਭਾਰਤ ਦੇ ਲੋਕਤੰਤਰ ਵਿੱਚ ਵੋਟ ਦਾ ਬਹੁਤ ਮਹੱਤਵ ਹੈ ਅਤੇ ਹਰ ਯੋਗ ਨਾਗਰਿਕ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਵੋਟ ਪਾਉਣ ਤੋਂ ਪਹਿਲਾਂ ਰਾਜਨੀਤਿਕ ਪਾਰਟੀਆਂ ਦੇ ਚੋਣ ਮਨੋਰਥ ਪੱਤਰਾਂ ਅਤੇ ਉਮੀਦਵਾਰਾਂ ਬਾਰੇ ਪੂਰੀ ਜਾਣਕਾਰੀ ਹਾਸਲ ਕਰਨੀ ਚਾਹੀਦੀ ਹੈ, ਤਾਂ ਜੋ ਸੂਝ-ਬੂਝ ਨਾਲ ਸਹੀ ਫ਼ੈਸਲਾ ਲਿਆ ਜਾ ਸਕੇ ਅਤੇ ਲੋਕਤੰਤਰ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕੇ। ਉਨ੍ਹਾਂ ਵਿਦਿਆਰਥੀਆਂ ਨੂੰ ਵੋਟਰ ਹੈਲਪਲਾਈਨ, ਸੱਕਸ਼ਮ ਅਤੇ 1950 ਹੈਲਪਲਾਈਨ ਸਮੇਤ ਚੋਣਾਂ ਨਾਲ ਸਬੰਧਤ ਵੱਖ-ਵੱਖ ਸਹੂਲਤਾਂ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਨਵੀਂ ਵੋਟ ਬਣਾਉਣ ਲਈ ਵੋਟਰ ਹੈਲਪਲਾਈਨ ਐਪ ਜਾਂ ਆਨਲਾਈਨ ਮਾਧਿਅਮ ਰਾਹੀਂ ਫਾਰਮ ਨੰਬਰ 6 ਭਰਿਆ ਜਾ ਸਕਦਾ ਹੈ।

ਇਸ ਮੌਕੇ ਪੀ.ਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਤ੍ਰਿਪੜੀ ਦੇ ਪ੍ਰਿੰਸੀਪਲ ਸ੍ਰੀ ਵਿਕਰਮਜੀਤ ਸਿੰਘ ਵੱਲੋਂ ਸ੍ਰੀ ਮੁਕਿਲਨ ਆਰ, ਆਈ.ਏ.ਐੱਸ. ਦਾ ਧੰਨਵਾਦ ਕੀਤਾ ਗਿਆ। ਇਸ ਤੋਂ ਇਲਾਵਾ ਕੈਂਪ ਦੇ ਆਯੋਜਨ ਵਿੱਚ ਸਹਿਯੋਗ ਦੇਣ ਵਾਲੀ ਟੀਮ ਅਤੇ ਵਿਦਿਆਰਥੀਆਂ ਦੀ ਵੀ ਸ਼ਮੂਲੀਅਤ ਰਹੀ।

ਸੁਨੀਲ ਮਿੱਤਲ ਬਣੇ ਲਾਈਨਜ਼ ਕਲੱਬ ਪਟਿਆਲਾ ਫੋਰਟ ਦੇ ਪ੍ਰਧਾਨ

ਪਟਿਆਲਾ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਲਾਇਨਜ਼ ਕਲੱਬ ਪਟਿਆਲਾ ਫੋਰਟ, ਜੋ ਲਾਇਨਜ਼ ਇੰਟਰਨੈਸ਼ਨਲ ਦਾ ਹਿੱਸਾ ਹੈ, ਨੇ ਪਟਿਆਲਾ ਦੇ ਹੋਟਲ ਅਜੂਬਾ ਵਿਖੇ ਆਪਣਾ 45ਵਾਂ ਅਹੁਦਾ ਗ੍ਰਹਿਣ ਸਮਾਰੋਹ ਆਯੋਜਿਤ ਕੀਤਾ। ਇਹ ਸਮਾਰੋਹ ਡਿਸਟ੍ਰਿਕਟ ਗਵਰਨਰ ਅਜੈ ਗੋਇਲ, ਵਾਈਸ ਡਿਸਟ੍ਰਿਕਟ ਗਵਰਨਰ-1 ਨਰੇਸ਼ ਗੋਇਲ ਅਤੇ ਵਾਈ.ਪੀ.ਸੂਦ (ਮਲਟੀਪਲ ਪੀ.ਆਰ. ਚੇਅਰਪਰਸਨ) ਦੀ ਅਗਵਾਈ ਹੇਠ ਹੋਇਆ। ਇਸ ਮੌਕੇ 'ਤੇ, ਲਾਇਨਜ਼ ਦੀਆਂ ਮਹਿਲਾ ਮੈਂਬਰਾਂ ਨੇ ਮੁੱਖ ਮਹਿਮਾਨ ਅਜੈ ਗੋਇਲ ਨੂੰ ਰਿਬਨ ਕੱਟਣ ਦੀ ਰਸਮ ਅਦਾ ਕਰਨ ਲਈ ਸੱਦਾ ਦਿੱਤਾ। ਰਸਮੀ ਜੋਤ ਜਗਾਉਣ ਤੋਂ ਬਾਅਦ, ਪ੍ਰਾਰਥਨਾ ਕੀਤੀ ਗਈ ਅਤੇ ਰਾਸ਼ਟਰੀ ਗਾਨ ਗਾਇਆ ਗਿਆ। ਡਿਸਟ੍ਰਿਕਟ ਕੈਬਨਿਟ ਸਕੱਤਰ ਲਾਇਨ ਮੁਕੇਸ਼ ਮਦਾਨ ਨੇ 'ਲਾਇਨਜ਼ ਇੰਟਰਨੈਸ਼ਨਲ' ਬਾਰੇ ਜਾਣਕਾਰੀ ਦਿੱਤੀ ਅਤੇ ਦੋ ਨਵੇਂ ਮੈਂਬਰਾਂ, ਸ਼ਰੁਤੀ ਮਿੱਤਲ ਅਤੇ ਮਨੋਜ ਬਾਂਸਲ ਨੂੰ ਕਲੱਬ ਵਿੱਚ ਸ਼ਾਮਲ ਕੀਤਾ। ਇਸ ਤੋਂ ਬਾਅਦ, ਵਾਈਸ ਡਿਸਟ੍ਰਿਕਟ ਗਵਰਨਰ 1, ਲਾਇਨ ਨਰੇਸ਼ ਗੋਇਲ ਨੇ 2026-27 ਦੇ ਕਾਰਜਕਾਲ ਲਈ ਨਵੀਂ ਟੀਮ ਦਾ ਐਲਾਨ ਕੀਤਾ ਅਤੇ ਉਨ੍ਹਾਂ ਨੂੰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਬਾਰੇ ਜਾਣਕਾਰੀ ਦਿੱਤੀ। ਨਵੀਂ ਟੀਮ ਵਿੱਚ ਸੁਨੀਲ ਮਿੱਤਲ ਨੂੰ ਪ੍ਰਧਾਨ, ਸੰਜੇ ਮਲਹੋਤਰਾ ਨੂੰ ਸਕੱਤਰ, ਰਵਿੰਦਰ ਜਿੰਦਲ ਨੂੰ ਖਜ਼ਾਨਚੀ, ਕੇ. ਐਸ. ਸੰਧੂ ਜਨਤਕ ਸੰਪਰਕ ਅਧਿਕਾਰੀ, ਆਰ. ਪੀ. ਸੂਦ ਅਤੇ ਟੀ. ਪੀ. ਗਰਗ ਉਪ-ਪ੍ਰਧਾਨ, ਮੋਨਿਕਾ ਠਾਕੁਰ ਸੰਯੁਕਤ ਸਕੱਤਰ, ਹਿਤੇਸ਼ੀ ਸੇਠ ਟੇਮਰ, ਜੇ. ਕੇ. ਖੋਸਲਾ ਟੇਲ ਟਵਿਸਟਰ ਅਤੇ ਸੀ. ਡੀ. ਗਰਗ ਤੇ ਬੀ. ਕੇ. ਗੋਇਲ ਨੂੰ ਡਾਇਰੈਕਟਰ ਬਣਾਇਆ ਗਿਆ। ਉੱਥੇ ਮੌਜੂਦ ਸਾਰੇ ਮੈਂਬਰਾਂ ਨੇ ਨਵੇਂ ਮੁਖੀ ਸੁਨੀਲ ਮਿੱਤਲ ਨੂੰ ਹਾਰ ਪਹਿਨਾਏ ਅਤੇ ਉਨ੍ਹਾਂ ਨੂੰ ਵਧਾਈ ਦਿੱਤੀ। ਸਮਾਗਮ ਦੇ ਚੇਅਰਮੈਨ ਬੀ. ਕੇ. ਗੋਇਲ ਅਤੇ ਆਰ. ਐਸ. ਪੰਨੂ ਨੇ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ। ਐਮ. ਜੇ. ਐਫ. ਲਾਇਨ ਮੋਨਿਕਾ ਠਾਕੁਰ ਅਤੇ ਸ਼ੈਲ ਮਲਹੋਤਰਾ ਨੇ ਕਲੱਬ ਦੀ ਕਾਰਵਾਈ ਦਾ ਸੰਚਾਲਨ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ। ਇਸ ਮੌਕੇ ਨਵੇਂ ਨਿਯੁਕਤ ਪ੍ਰਧਾਨ ਸੁਨੀਲ ਮਿੱਤਲ ਨੇ ਕਲੱਬ ਦੀਆਂ ਗਤੀਵਿਧੀਆਂ ਬਾਰੇ ਚਾਨਣਾ ਪਾਇਆ ਅਤੇ ਦੱਸਿਆ ਕਿ ਕਲੱਬ ਵੱਲੋਂ ਐਲ. ਸੀ. ਆਈ. ਐਫ. ਨੂੰ ?3,100 ਦਾ ਚੈੱਕ ਭੇਟ ਕੀਤਾ ਗਿਆ। ਲਾਈਨ ਸੀ. ਡੀ. ਗਰਗ ਜ਼ੋਨ ਚੇਅਰਪਰਸਨ ਨੇ ?3,100, ਰਾਜੀਵ ਗੁਪਤਾ ਨੇ ਅੱਖਾਂ ਦੇ ਕੈਂਪ ਲਈ ?15,000 ਦਾ ਚੈੱਕ ਅਤੇ ਸਰਜੀਵਨ ਬਾਂਸਲ ਅਤੇ ਮਨੋਜ ਕੁਮਾਰ ਨੇ ਕਲੱਬ ਨੂੰ ?15,000 ਦਾ ਚੈੱਕ ਭੇਟ ਕੀਤਾ।

ਸੁਨੀਲ ਮਿੱਤਲ ਨੇ ਦੱਸਿਆ ਕਿ ਇਸ ਮੌਕੇ 'ਤੇ ਲੋੜਵੰਦ ਲੜਕੀਆਂ ਨੂੰ ਸਿਲਾਈ ਮਸ਼ੀਨਾਂ ਵੀ ਦਿੱਤੀਆਂ ਗਈਆਂ, ਤਾਂ ਜੋ ਉਹ ਰੋਜ਼ੀ-ਰੋਟੀ ਕਮਾ ਸਕਣ ਅਤੇ ਆਤਮ-ਨਿਰਭਰ ਬਣ ਸਕਣ। ਇਸ ਮੌਕੇ 'ਤੇ ਲਾਈਨ ਲੀਡਰਾਂ ਦੁਆਰਾ ਇੱਕ ਯਾਦਗਾਰੀ ਪ੍ਰਕਾਸ਼ਨ ਜਾਰੀ ਕੀਤਾ ਗਿਆ, ਜਿਸ ਵਿੱਚ ਕਲੱਬ ਦੀਆਂ ਗਤੀਵਿਧੀਆਂ ਨੂੰ ਦਰਸਾਇਆ ਗਿਆ ਸੀ।

ਕਲੱਬ ਨੇ 'ਸਮਾਈਲ ਸਟੋਨ ਜੂਨੀਅਰ ਸਕੂਲ' ਦੇ ਪੰਜ ਬੱਚਿਆਂ ਨੂੰ ਗੋਦ ਲਿਆ ਹੈ ਅਤੇ ਉਨ੍ਹਾਂ ਦੀ ਸਕੂਲ ਫੀਸ ਤੇ ਵਰਦੀਆਂ ਦਾ ਖਰਚਾ ਚੁੱਕਿਆ ਹੈ। ਵਾਈ. ਪੀ. ਸੂਦ ਨੇ ਦੱਸਿਆ ਕਿ ਕਲੱਬ ਨੇ 40 ਅੱਖਾਂ ਦੇ ਕੈਂਪ ਲਗਾਏ ਹਨ, ਜਿਨ੍ਹਾਂ ਰਾਹੀਂ 1,000 ਤੋਂ ਵੱਧ ਲੋਕਾਂ ਨੂੰ ਅੱਖਾਂ ਦੇ ਲੈਂਜ਼ ਪਾਏ ਗਏ ਅਤੇ ਮੁਫ਼ਤ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ।

ਇਸ ਮੌਕੇ ਜੀ ਐਲ ਟੀ ਕੋਆਰਡੀਨੇਟਰ ਸ਼ਾਮ ਗੌਤਮ, ਆਰ ਐਸ ਬੇਦੀ ਡਿਪਟੀ ਜਿਲਾ ਗਵਰਨਰ, ਪ੍ਰਧਾਨ ਕੇ ਕੇ ਬਾਂਸਲ ਲਾਈਨਜ਼ ਕਲੱਬ ਪਟਿਆਲਾ ਨਿਊ ਸੇਂਟ੍ਰਲ, ਡਾ. ਅਨਿਲ ਕਪੂਰ ਲਾਈਨਜ਼ ਕਲੱਬ ਪਟਿਆਲਾ ਸੁਪ੍ਰੀਮ, ਕਵਲਜੀਤ ਸਿੰਘ ਬਾਗੀ ਲਾਈਨ ਲਾਈਨਜ਼ ਕਲੱਬ ਪਟਿਆਲਾ ਕਲਾਸਿਕ, ਜਗਦੀਸ਼ ਗੁਪਤਾ ਲਾਈਨਜ਼ ਕਲੱਬ ਪਟਿਆਲਾ ਕੋਹਿਨੂਰ ਦੇ ਇਲਾਵਾ ਲਾਇਨ ਯਾਦਵਿੰਦਰ ਸਿੰਗਲਾ, ਸੰਜੀਵ ਵਰਮਾ, ਲਾਇਨ ਐਸ. ਪੀ. ਕਾਂਸਲ, ਸੁਭਾਸ਼ ਗੁਪਤਾ, ਦੀਪਕ ਸੂਦ, ਅਨਿਲ ਮਹਿਤਾ, ਅਮਰੀਕ ਸਿੰਘ, ਇੰਜੀਨੀਅਰ ਰਜਿੰਦਰ ਸ਼ਰਮਾ, ਰਮੇਸ਼ ਸੈਨੀ, ਸੰਦੀਪ ਬਾਂਸਲ, ਮੋਹਿਤ ਮਿੱਤਲ, ਏ ਪੀ ਸਿੰਘ, ਡਾ ਰਵਿੰਦਰ ਸਿੱਧੂ, ਅਸ਼ੋਕ ਅਰੋੜਾ, ਡਾ ਰਮਨ ਗਰੋਵਰਕ ਅਤੇ ਬਹੁਤ ਸਾਰੇ ਲਾਈਨ ਮੈਂਬਰਾਂ ਨੇ ਭਾਗ ਲਿਆ। ਅੰਤ ਵਿੱਚ, ਵਾਈ.ਪੀ.ਸੂਦ, ਐਮ.ਜੇ.ਐਫ. ਨੇ ਉੱਥੇ ਮੌਜੂਦ ਸਾਰੇ ਲਾਇਨ ਆਗੂਆਂ, ਮਹਿਮਾਨਾਂ ਅਤੇ ਮਹਿਲਾਵਾਂ ਦਾ ਧੰਨਵਾਦ ਕੀਤਾ।

ਇਨਸਾਫ਼ ਦੇ ਮੋਰਚੇ ਲਈ ਉੱਠੇ ਕਾਫ਼ਲੇ ਨੂੰ ਰਾਹ 'ਚ ਰੋਕਿਆ; ਮਜ਼ਦੂਰਾਂ ਤੇ ਨੌਜਵਾਨਾਂ ਨੂੰ ਥਾਣੇ ਬਿਠਾਇਆ

ਜੈਤੋਂ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ਼ਹੀਦ ਭਾਈ ਪਰਵਿੰਦਰ ਸਿੰਘ ਝੋਟੇ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਮਾਨਸਾ ਵਿਖੇ ਚੱਲ ਰਹੇ ਮੋਰਚੇ ਵਿੱਚ ਸ਼ਮੂਲੀਅਤ ਕਰਨ ਜਾ ਰਹੇ ਨੌਜਵਾਨ ਭਾਰਤ ਸਭਾ ਦੇ ਕਾਫ਼ਲੇ ਨੂੰ ਰਸਤੇ ਵਿੱਚ ਰੋਕ ਕੇ ਥਾਣਾ ਬਾਜਾਖਾਨਾ ਵਿਖੇ ਬਿਠਾਇਆ ਗਿਆ। ਇਸ ਕਾਫ਼ਲੇ ਵਿੱਚ ਜੈਤੋ ਅਤੇ ਆਸ-ਪਾਸ ਦੇ ਪਿੰਡਾਂ ਤੋਂ ਆਏ ਕਰੀਬ ਦੋ ਦਰਜਨ ਪੁਰਸ਼ ਅਤੇ ਔਰਤਾਂ ਸ਼ਾਮਲ ਸਨ। ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਆਗੂ ਅੰਗਰੇਜ਼ ਸਿੰਘ ਗੋਰਾ ਮੱਤਾ ਨੇ ਕਿਹਾ ਕਿ ਜਦੋਂ ਤੱਕ ਪੰਜਾਬ ਦੇ ਮੁੱਖ ਮੰਤਰੀ ਅਤੇ ਡੀਜੀਪੀ ਅਸਤੀਫ਼ਾ ਨਹੀਂ ਦਿੰਦੇ ਅਤੇ ਮੋਰਚੇ ਦੀਆਂ ਮੰਗਾਂ ਲਾਗੂ ਨਹੀਂ ਹੁੰਦੀਆਂ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ।

ਉਨ੍ਹਾਂ ਪੰਜਾਬ ਪੁਲਿਸ ਦੀ ਕਾਰਵਾਈ 'ਤੇ ਸਵਾਲ ਉਠਾਉਂਦਿਆਂ ਦੋਸ਼ ਲਾਇਆ ਕਿ ਮਾਪਿਆਂ ਤੋਂ ਉਨ੍ਹਾਂ ਦੇ ਪੁੱਤਰਾਂ ਦੀਆਂ ਮ੍ਰਿਤਕ ਦੇਹਾਂ ਖੋਹੀਆਂ ਜਾ ਰਹੀਆਂ ਹਨ। ਉਨ੍ਹਾਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਗੰਭੀਰ ਬਣੀ ਹੋਈ ਹੈ।

2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਵਾਰਿਸ ਜਿੱਤ ਪ੍ਰਾਪਤ ਕਰੇਗੀ: ਸ਼ੇਰ ਸਿੰਘ ਘੁੰਡਰ

ਨਾਭਾ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਅਕਾਲੀ ਦਲ ਵਾਰਿਸ ਦੇ ਨਾਭਾ ਹਲਕੇ ਦੇ ਆਗੂ ਸ਼ੇਰ ਸਿੰਘ ਘੁੰਡਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਬਹੁਤ ਦੁਖੀ ਹੋ ਚੁੱਕੇ ਹਨ। ਥਾਂ-ਥਾਂ 'ਤੇ ਕਤਲੇਆਮ, ਚੋਰੀਆਂ ਅਤੇ ਫਿਰੌਤੀਆਂ ਮੰਗਣ ਦੀਆਂ ਘਟਨਾਵਾਂ ਦੇ ਨਾਲ-ਨਾਲ ਨਸ਼ਿਆਂ ਕਾਰਨ ਰੋਜ਼ਾਨਾ ਹੋ ਰਹੀਆਂ ਮੌਤਾਂ ਨੇ ਲੋਕਾਂ ਦਾ ਜਿਊਣਾ ਮੁਸ਼ਕਲ ਕਰ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਅੱਕ ਚੁੱਕੇ ਹਨ ਅਤੇ ਅਕਾਲੀ ਦਲ ਬਾਦਲ ਤੇ ਕਾਂਗਰਸ ਦੀਆਂ ਸਰਕਾਰਾਂ ਨੂੰ ਪਹਿਲਾਂ ਹੀ ਦੇਖ ਚੁੱਕੇ ਹਨ। ਹੁਣ ਲੋਕ ਅਕਾਲੀ ਦਲ ਵਾਰਿਸ ਦੀ ਸਰਕਾਰ ਚਾਹੁੰਦੇ ਹਨ।

ਇਸ ਮੌਕੇ ਸ਼ੇਰ ਸਿੰਘ ਘੁੰਡਰ ਦੇ ਨਾਲ ਜਗਰੂਪ ਸਿੰਘ ਸੁਧੇਵਾਲ, ਵਿੱਕੀ ਸੁਧੇਵਾਲ, ਬਿੱਲੂ ਭਾਦਸੋਂ ਗੁਰਮੀਤ ਸਿੰਘ ਲੋਪੇ ਅਤੇ ਕੁਲਦੀਪ ਸਿੰਘ ਸੁਧੇਵਾਲ ਹਾਜ਼ਰ ਸਨ।

ਸਿੱਖਿਆ ਦੇ ਅੰਬਰ 'ਤੇ ਸਿਲਵਰ ਓਕਸ ਦੀ ਚਮਕ, ਪ੍ਰਿੰਸੀਪਲ ਤੇ ਕੋਆਰਡੀਨੇਟਰ ਨੂੰ ਐਵਾਰਡ

ਜੈਤੋਂ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਸੇਵਾਵਾਂ ਅਤੇ ਮੋਹਰੀ ਅਗਵਾਈ ਲਈ ਸਿਲਵਰ ਓਕਸ ਸਕੂਲ, ਸੇਵੇਵਾਲਾ (ਜੈਤੋ) ਦੀ ਪ੍ਰਿੰਸੀਪਲ ਪ੍ਰਿਅੰਕਾ ਮਹਿਤਾ ਅਤੇ ਕੋਆਰਡੀਨੇਟਰ ਰਮਨਪ੍ਰੀਤ ਕੌਰ ਨੂੰ 'ਐਜੂਕੇਸ਼ਨਲ ਲੀਡਰਸ਼ਿਪ ਐਵਾਰਡ-2026' ਨਾਲ ਸਨਮਾਨਿਤ ਕੀਤਾ ਗਿਆ ਹੈ। ਇਸ ਪ੍ਰਾਪਤੀ ਨਾਲ ਸਕੂਲ ਦਾ ਮਾਣ ਵਧਿਆ ਹੈ।

ਸਿਲਵਰਜ਼ੋਨ ਫਾਊਂਡੇਸ਼ਨ ਵੱਲੋਂ ਆਈ.ਪੀ. ਸਟੱਡੀ ਪਬਲੀਕੇਸ਼ਨਜ਼ ਦੇ ਸਹਿਯੋਗ ਨਾਲ ਜ਼ੀਰਕਪੁਰ ਸਥਿਤ ਹੋਲੀਡੇ ਇਨ ਵਿਖੇ ਕਰਵਾਏ ਸਮਾਗਮ ਦਾ ਮੁੱਖ ਵਿਸ਼ਾ 'ਸਿੱਖਿਆ ਦੇ ਭਵਿੱਖ ਦੀ ਕਲਪਨਾ' ਸੀ।

ਇਸ ਮੌਕੇ ਸਿੱਖਿਆ ਵਿੱਚ ਨਵੀਨਤਾ, ਵਿਦਿਅਕ ਸੰਸਥਾਵਾਂ ਦੇ ਸੁਧਾਰ ਅਤੇ ਵਿਦਿਆਰਥੀਆਂ ਲਈ ਬਿਹਤਰ ਸਿੱਖਿਆ ਮਾਹੌਲ ਸਿਰਜਣ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

ਸਮਾਗਮ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸਾਬਕਾ ਜੱਜ ਜਸਟਿਸ ਜੋਰਾ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦੋਂਕਿ ਪੰਚਕੂਲਾ ਦੇ ਮੇਅਰ ਸ਼ਾਮ ਲਾਲ ਬਾਂਸਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਵੱਖ-ਵੱਖ ਸੂਬਿਆਂ ਤੋਂ ਆਏ ਸਿੱਖਿਆ ਮਾਹਿਰਾਂ ਨੇ ਪ੍ਰਭਾਵਸ਼ਾਲੀ ਅਗਵਾਈ, ਅਧਿਆਪਕਾਂ ਦੀ ਭੂਮਿਕਾ ਅਤੇ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਨ 'ਤੇ ਜ਼ੋਰ ਦਿੱਤਾ।

ਦੋਵਾਂ ਨੂੰ ਮਿਲੇ ਸਨਮਾਨ 'ਤੇ ਸਕੂਲ ਦੇ ਸਟਾਫ਼ ਅਤੇ ਪ੍ਰਬੰਧਕੀ ਕਮੇਟੀ ਨੇ ਖ਼ੁਸ਼ੀ ਪ੍ਰਗਟ ਕਰਦਿਆਂ ਵਧਾਈ ਦਿੱਤੀ।

ਡੀ.ਬੀ.ਈ.ਈ., ਪਟਿਆਲਾ ਵਿਖੇ 30 ਅਕਤੂਬਰ ਨੂੰ ਰਮਾਯਾ ਹੈਲਥ ਕੇਅਰ ਦਾ ਪਲੇਸਮੈਂਟ ਕੈਂਪ

ਪਟਿਆਲਾ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਵੱਲੋਂ ਮਿਤੀ 30 ਅਕਤੂਬਰ ਦਿਨ ਸ਼ੁੱਕਰਵਾਰ, ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਰਮਾਯਾ ਹੈਲਥ ਕੇਅਰ ਕੰਪਨੀ ਵਲੋਂ ਵੈਲਨੈਸ ਐਡਵਾਈਜਰ ਦੀਆਂ ਅਸਾਮੀਆਂ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।

ਇਸ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ, ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਬਿਊਰੋ ਰਵਿੰਦਰਪਾਲ ਸਿੰਘ ਨੇ ਦੱਸਿਆ ਕਿ ਰਮਾਯਾ ਹੈਲਥ ਕੇਅਰ ਕੰਪਨੀ ਵਲੋਂ ਵੈਲਨੈਸ ਐਡਵਾਈਜਰ ਦੀਆਂ ਅਸਾਮੀਆਂ ਲਈ ਉਮੀਦਵਾਰਾਂ ਦੀ ਮੰਗ ਕੀਤੀ ਗਈ ਹੈ।ਜਿਸ ਲਈ ਉਮਰ 18 ਤੋਂ 30 ਸਾਲ, ਵਿੱਦਿਅਕ ਯੋਗਤਾ ਦਸਵੀਂ, ਬਾਰਵੀਂ ਅਤੇ ਮਰਦ ਤੇ ਔਰਤਾਂ ਦੋਵੇਂ ਇੰਟਰਵਿਊ ਦੇ ਸਕਦੇ ਹਨ।

ਨੌਕਰੀ ਦੇ ਚਾਹਵਾਨ ਉਮੀਦਵਾਰ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈਣ ਲਈ ਆਪਣੀ ਯੋਗਤਾ ਦੇ ਸਾਰੇ ਸਰਟੀਫਿਕੇਟ, ਉਨ੍ਹਾਂ ਦੀਆਂ ਫੋਟੋਕਾਪੀਆਂ ਅਤੇ ਰਜ਼ਿਊਮੇ ਨਾਲ ਲੈ ਕੇ ਮਿਤੀ 30-10-2026, ਸਵੇਰੇ 10 ਵਜੇ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਲਾਕ ਡੀ, ਮਿੰਨੀ ਸਕੱਤਰੇਤ, ਨੇੜੇ ਸੇਵਾ ਕੇਂਦਰ, ਪਟਿਆਲਾ ਵਿਖੇ ਪਹੁੰਚ ਕੇ ਇਸ ਕੈਂਪ ਵਿੱਚ ਹਿੱਸਾ ਲੈਣ। ਵਧੇਰੇ ਜਾਣਕਾਰੀ ਲਈ ਦਫ਼ਤਰ ਦੇ ਹੈਲਪਲਾਈਨ ਨੰਬਰ 98776-10877 ਤੇ ਸੰਪਰਕ ਕਰ ਸਕਦੇ ਹਨ।

ਮੇਰੀ ਦੁਕਾਨ ਮੇਰੇ ਨਾਮ ਸਕੀਮ ਨੂੰ 100 ਫ਼ੀਸਦੀ ਲਾਗੂ ਕੀਤਾ ਜਾਵੇਗਾ: ਅਨਿਲ ਠਾਕੁਰ

ਪਟਿਆਲਾ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੇਰੀ ਦੁਕਾਨ ਮੇਰੇ ਨਾਮ' ਸਕੀਮ ਤਹਿਤ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਅਤੇ ਸਟੇਟ ਪ੍ਰੈਜ਼ੀਡੈਂਟ ਟ੍ਰੇਡ ਵਿੰਗ ਦੇ ਚੇਅਰਮੈਨ ਸ੍ਰੀ ਅਨਿਲ ਠਾਕੁਰ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਦੁਕਾਨਦਾਰਾਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਸਕੀਮ ਨੂੰ 100 ਫ਼ੀਸਦੀ ਲਾਗੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਕੀਮ ਨੂੰ ਸੁਚੱਜੇ ਢੰਗ ਨਾਲ ਲਾਗੂ ਕਰਨ ਲਈ ਪ੍ਰਸ਼ਾਸਨ ਅਤੇ ਵਪਾਰੀਆਂ ਵਿਚਕਾਰ ਆਪਸੀ ਤਾਲਮੇਲ ਬਹੁਤ ਜ਼ਰੂਰੀ ਹੈ।ਇਸ ਮੌਕੇ ਓਹਨਾ ਦੇ ਨਾਲ ਚੇਅਰਮੈਨ ਪਲੇਨਿੰਗ ਬੋਰਡ ਤੇਜਿੰਦਰ ਮਹਿਤਾ , ਜਿਲ੍ਹਾ ਚੇਅਰਮੈਨ ਟ੍ਰੇਡ ਕਮਿਸ਼ਨ ਵਿਨੋਦ ਸਿੰਗਲਾ, ਮੈਂਬਰ ਟ੍ਰੇਡ ਕਮਿਸ਼ਨ ਸੰਜੀਵ ਗੁਪਤਾ ਵੀ ਮੌਜੂਦ ਸਨ।

ਸ੍ਰੀ ਅਨਿਲ ਠਾਕੁਰ ਨੇ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸਕੀਮ ਸਬੰਧੀ ਜ਼ਿਲ੍ਹਾ ਪ੍ਰਸ਼ਾਸਨ ਨਾਲ ਪੂਰਾ ਸਹਿਯੋਗ ਕਰਨ ਅਤੇ ਲੋੜੀਂਦੀ ਪ੍ਰਕਿਰਿਆ ਸਮੇਂ ਸਿਰ ਮੁਕੰਮਲ ਕਰਨ, ਤਾਂ ਜੋ ਯੋਗ ਦੁਕਾਨਦਾਰਾਂ ਨੂੰ ਸਕੀਮ ਦਾ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦੁਕਾਨਦਾਰਾਂ ਨੂੰ ਮਾਲਕੀ ਦੇ ਹੱਕ ਦੇਣ ਲਈ ਜੋ ਉਪਰਾਲਾ ਕੀਤਾ ਗਿਆ ਹੈ, ਉਸ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਇਸ ਸਕੀਮ ਨੂੰ ਲਾਗੂ ਕਰਨ ਲਈ ਸਾਰੇ ਸਬੰਧਤ ਵਿਭਾਗਾਂ ਅਤੇ ਵਪਾਰੀਆਂ ਦੇ ਸਹਿਯੋਗ ਨਾਲ ਲੋੜੀਂਦੇ ਕਦਮ ਚੁੱਕੇ ਜਾਣਗੇ। ਚੇਅਰਮੈਨ ਨੇ ਦੁਕਾਨਦਾਰਾਂ ਨੂੰ ਕਿਹਾ ਕਿ ਜਿਹੜੇ ਦੁਕਾਨਦਾਰ ਇਸ ਸਕੀਮ ਤਹਿਤ ਆਪਣੀ ਦੁਕਾਨ ਦੀ ਮਾਲਕੀ ਲੈਣਾ ਚਾਹੁੰਦੇ ਹਨ, ਉਹ 6 ਤਾਰੀਖ ਤੱਕ ਆਪਣੇ ਫਾਰਮ ਭਰ ਕੇ ਜਮ੍ਹਾਂ ਕਰਵਾਉਣ।

ਦਿੱਲੀ ਕਮੇਟੀ ਜੀਐੱਚਪੀਐੱਸ ਸਕੂਲਾਂ ਦੇ ਮਿਆਰ ਉੱਚੇ ਚੁੱਕਣ ਲਈ ਵਚਨਬੱਧ: ਕਾਲਕਾ ਤੇ ਕਾਹਲੋਂ

ਨਵੀਂ ਦਿੱਲੀ, 29 ਅਕਤੂਬਰ
-ਚੌਧਰੀ ਪ੍ਰਭਜੀਤ ਸਿੰਘ-

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਕਿ ਅੱਜ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਪ੍ਰਿੰਸੀਪਲਾਂ ਨਾਲ ਇੱਕ ਉਸਾਰੂ ਅਤੇ ਸਾਰਥਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਮੁੱਖ ਉਦੇਸ਼ ਸਕੂਲਾਂ ਦੀ ਕਾਰਗੁਜ਼ਾਰੀ ਨੂੰ ਹੋਰ ਬਿਹਤਰ ਬਣਾਉਣ, ਵਿਦਿਅਕ ਮਿਆਰਾਂ ਨੂੰ ਉੱਚਾ ਚੁੱਕਣ ਅਤੇ ਵਿਦਿਆਰਥੀਆਂ ਨੂੰ ਗੁਣਵੱਤਾਪੂਰਨ ਸਿੱਖਿਆ ਦੇ ਨਾਲ-ਨਾਲ ਬਿਹਤਰ ਸਿੱਖਣ ਦੇ ਮੌਕੇ ਪ੍ਰਦਾਨ ਕਰਨ ਸਬੰਧੀ ਉਪਰਾਲੇ ਕਰਨਾ ਵਿਸ਼ੇਸ਼ ਤੌਰ ਤੇ ਸ਼ਾਮਿਲ ਸੀ।

ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਜੀਐੱਚਪੀਐੱਸ ਸਕੂਲਾਂ ਨੂੰ ਵਿਦਿਅਕ ਖੇਤਰ ਵਿੱਚ ਹੋਰ ਮਜ਼ਬੂਤ ਬਣਾਉਣ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਬੱਚੇ ਸਾਡੇ ਸਮਾਜ ਦਾ ਭਵਿੱਖ ਹਨ ਅਤੇ ਉਨ੍ਹਾਂ ਨੂੰ ਮਿਆਰੀ ਸਿੱਖਿਆ, ਸੁਚੱਜਾ ਮਾਰਗਦਰਸ਼ਨ ਅਤੇ ਅਨੁਕੂਲ ਸਿੱਖਿਆ ਮਾਹੌਲ ਦੇਣਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਤੇ ਵਿਦਿਅਕ ਸੰਸਥਾਵਾਂ ਦੀ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਦੋਵੇਂ ਆਗੂਆਂ ਨੇ ਕਿਹਾ ਕਿ ਇਸ ਦਿਸ਼ਾ ਵਿੱਚ ਸਕੂਲ ਪ੍ਰਿੰਸੀਪਲਾਂ ਦੇ ਤਜਰਬੇ, ਸੁਝਾਅ ਅਤੇ ਸਮੂਹਿਕ ਯਤਨ ਬੇਹੱਦ ਮਹੱਤਵਪੂਰਨ ਹਨ।

ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਆਪਸੀ ਸਹਿਯੋਗ, ਨਵੀਆਂ ਵਿਦਿਅਕ ਪਹਿਲਕਦਮੀਆਂ ਅਤੇ ਸੁਚੱਜੀ ਯੋਜਨਾਬੰਦੀ ਰਾਹੀਂ ਜੀਐੱਚਪੀਐੱਸ ਸਕੂਲਾਂ ਨੂੰ ਹੋਰ ਉੱਤਮ ਬਣਾਇਆ ਜਾਵੇਗਾ, ਤਾਂ ਜੋ ਵਿਦਿਆਰਥੀ ਸਿੱਖਿਆ ਦੇ ਨਾਲ-ਨਾਲ ਨੈਤਿਕ ਕਦਰਾਂ-ਕੀਮਤਾਂ, ਆਤਮ-ਵਿਸ਼ਵਾਸ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨਾਲ ਵੀ ਲੈਸ ਹੋ ਕੇ ਉੱਜਵਲ ਭਵਿੱਖ ਵੱਲ ਅੱਗੇ ਵਧ ਸਕਣ।

ਗੁਰੂ ਹਰਗੋਬਿੰਦ ਸਾਹਿਬ ਖਾਲਸਾ ਗਰਲਜ ਕਾਲਜ ਕਰਹਾਲੀ ਸਾਹਿਬ ਵਿਖੇ ਸੱਤ ਰੋਜ਼ਾ ਐੱਨ.ਐੱਸ.ਐੱਸ. ਕੈਂਪ ਆਯੋਜਿਤ

ਪਟਿਆਲਾ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-)

ਗੁਰੂ ਹਰਗੋਬਿੰਦ ਸਾਹਿਬ ਖਾਲਸਾ ਗਰਲਜ ਕਾਲਜ ਕਰਹਾਲੀ ਸਾਹਿਬ ਵਿਖੇ ਚੱਲ ਰਹੇ ਸੱਤ ਰੋਜ਼ਾ ਐੱਨ.ਐੱਸ.ਐੱਸ. ਕੈਂਪ ਦੇ ਪੰਜਵੇਂ ਦਿਨ ਟ੍ਰੈਫਿਕ ਨਿਯਮਾਂ ਸਬੰਧੀ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਕਾਲਜ ਦੀ ਪ੍ਰਿੰਸੀਪਲ ਡਾ. ਰਮਨਜੀਤ ਕੌਰ ਦੀ ਸਰਪ੍ਰਸਤੀ ਅਤੇ ਪ੍ਰੋਗਰਾਮ ਅਫਸਰ ਪ੍ਰੋਫੈਸਰ ਅਰਸ਼ਪ੍ਰੀਤ ਕੌਰ, ਐੱਨ.ਐੱਸ.ਐੱਸ. ਵਿਭਾਗ ਦੀ ਅਗਵਾਈ ਹੇਠ ਬੜੀ ਸਫਲਤਾ ਨਾਲ ਚਲਾਇਆ ਜਾ ਰਿਹਾ ਹੈ।

ਇਸ ਸੈਮੀਨਾਰ ਵਿੱਚ ਜ਼ਿਲ੍ਹਾ ਟ੍ਰੈਫਿਕ ਐਜੂਕੇਸ਼ਨ ਸੈਲ ਪਟਿਆਲਾ ਦੇ ਇੰਚਾਰਜ ਇੰਸਪੈਕਟਰ ਸਰਬਜੀਤ ਕੌਰ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜਦਕਿ ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ। ਕਾਲਜ ਪੁੱਜਣ ਤੇ ਪ੍ਰਿੰਸੀਪਲ ਡਾ. ਰਮਨਜੀਤ ਕੌਰ ਅਤੇ ਪ੍ਰੋਫੈਸਰ ਅਰਸ਼ਪ੍ਰੀਤ ਕੌਰ ਵੱਲੋਂ ਮਹਿਮਾਨਾਂ ਦਾ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਡਾਕਟਰ ਸੁਖਵਿੰਦਰ ਸਿੰਘ, ਪ੍ਰੋਫੈਸਰ ਲਵਪ੍ਰੀਤ ਕੌਰ, ਪ੍ਰੋਫੈਸਰ ਹਰਦੀਪ ਕੌਰ, ਪ੍ਰੋਫੈਸਰ ਹੁਸਨਪ੍ਰੀਤ ਕੌਰ, ਪ੍ਰੋਫੈਸਰ ਪਿੰਕੀ, ਹਰਜਿੰਦਰ ਕੌਰ ,ਏ ਐਸ ਆਈ ਰਾਮ ਸਰਨ ਨੇ ਸ਼ਿਰਕਤ ਕੀਤੀ

ਆਪਣੇ ਸੰਬੋਧਨ ਦੌਰਾਨ ਇੰਸਪੈਕਟਰ ਸਰਬਜੀਤ ਕੌਰ ਨੇ ਵਿਦਿਆਰਥਣਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦੇ ਮਹੱਤਵ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਸੜਕ ਹਾਦਸੇ ਇੱਕ ਗੰਭੀਰ ਸਮੱਸਿਆ ਬਣਦੇ ਜਾ ਰਹੇ ਹਨ ਅਤੇ ਇਨ੍ਹਾਂ ਹਾਦਸਿਆਂ ਦਾ ਮੁੱਖ ਕਾਰਨ ਟ੍ਰੈਫਿਕ ਨਿਯਮਾਂ ਦੀ ਅਣਗਹਿਲੀ ਹੈ। ਉਨ੍ਹਾਂ ਵਿਦਿਆਰਥਣਾਂ ਨੂੰ ਦੋ ਪਹੀਆ ਵਾਹਨ ਚਲਾਉਂਦੇ ਸਮੇਂ ਹੈਲਮਟ ਪਾਉਣ, ਚਾਰ ਪਹੀਆ ਵਾਹਨ ਵਿੱਚ ਸੀਟ ਬੈਲਟ ਲਗਾਉਣ, ਓਵਰ ਸਪੀਡਿੰਗ ਨਾ ਕਰਨ, ਮੋਬਾਈਲ ਫੋਨ ਦੀ ਵਰਤੋਂ ਨਾ ਕਰਨ, ਸ਼ਰਾਬ ਪੀ ਕੇ ਗੱਡੀ ਨਾ ਚਲਾਉਣ ਅਤੇ ਟ੍ਰੈਫਿਕ ਸਿਗਨਲਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਇਹ ਵੀ ਦੱਸਿਆ ਕਿ ਘੱਟ ਉਮਰ ਦੇ ਬੱਚਿਆਂ ਨੂੰ ਵਾਹਨ ਚਲਾਉਣ ਨਹੀਂ ਦੇਣਾ ਚਾਹੀਦਾ ਅਤੇ ਹਮੇਸ਼ਾ ਸੜਕ ਤੇ ਖੱਬੇ ਪਾਸੇ ਚੱਲਣਾ ਚਾਹੀਦਾ ਹੈ।

ਉਨ੍ਹਾਂ ਨੇ ਵਿਦਿਆਰਥਣਾਂ ਨੂੰ ਸੜਕ ਸੁਰੱਖਿਆ ਦੇ ਸੁਨਹਿਰੀ ਨਿਯਮਾਂ ਬਾਰੇ ਦੱਸਦੇ ਹੋਏ ਕਿਹਾ ਕਿ ਜੇਕਰ ਅਸੀਂ ਥੋੜ੍ਹੀ ਜਿਹੀ ਸਾਵਧਾਨੀ ਵਰਤੀਏ ਤਾਂ ਕਈ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਉਨ੍ਹਾਂ ਵਿਦਿਆਰਥਣਾਂ ਨੂੰ ਅਪੀਲ ਕੀਤੀ ਕਿ ਉਹ ਖੁਦ ਵੀ ਨਿਯਮਾਂ ਦੀ ਪਾਲਣਾ ਕਰਨ ਅਤੇ ਆਪਣੇ ਪਰਿਵਾਰ ਤੇ ਸਮਾਜ ਨੂੰ ਵੀ ਇਸ ਬਾਰੇ ਜਾਗਰੂਕ ਕਰਨ, ਤਾਂ ਜੋ ਇੱਕ ਸੁਰੱਖਿਅਤ ਸਮਾਜ ਦੀ ਸਿਰਜਣਾ ਹੋ ਸਕੇ।

ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਨੇ ਕਿਹਾ ਕਿ ਐੱਨ.ਐੱਸ.ਐੱਸ. ਵਲੰਟੀਅਰ ਸਮਾਜ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਨੂੰ ਆਪਣੇ ਆਲੇ-ਦੁਆਲੇ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕਤਾ ਫੈਲਾਉਣੀ ਚਾਹੀਦੀ ਹੈ। ਉਨ੍ਹਾਂ ਨੇ ਪੁਲਿਸ ਦੇ ਸਾਂਝ ਕੇਂਦਰਾਂ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਵੀ ਜਾਣਕਾਰੀ ਦਿੱਤੀ। ਇਸ ਮੌਕੇ ਟ੍ਰੈਫਿਕ ਨਿਯਮਾਂ ਸਬੰਧੀ ਜਾਗਰੂਕਤਾ ਰੈਲੀ ਦਾ ਆਯੋਜਨ ਵੀ ਕੀਤਾ ਗਿਆ। ਪ੍ਰੋਗਰਾਮ ਅਫਸਰ ਪ੍ਰੋਫੈਸਰ ਅਰਸ਼ਪ੍ਰੀਤ ਕੌਰ ਨੇ ਸਾਰੇ ਮਹਿਮਾਨਾਂ, ਸਟਾਫ ਮੈਂਬਰਾਂ ਅਤੇ ਐੱਨ.ਐੱਸ.ਐੱਸ. ਵਲੰਟੀਅਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਕੈਂਪ ਵਿਦਿਆਰਥਣਾਂ ਲਈ ਬਹੁਤ ਲਾਭਦਾਇਕ ਸਾਬਤ ਹੋ ਰਿਹਾ ਹੈ ਅਤੇ ਅੱਗੇ ਵੀ ਅਜਿਹੇ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾਂਦੇ ਰਹਿਣਗੇ। ਅੰਤ ਵਿੱਚ ਸੈਮੀਨਾਰ ਦੇ ਸਫਲ ਆਯੋਜਨ ਲਈ ਸਮੂਹ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਬਲਾਕ ਪ੍ਰਾਇਮਰੀ ਖੇਡਾਂ ਦਾ ਹੋਇਆ ਆਗਾਜ਼

ਪਟਿਆਲਾ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕਲਸਟਰ ਇੰਚਾਰਜ ਪ੍ਰਾਇਮਰੀ ਖੇਡਾਂ ਬਿੰਦੂ ਬਾਲਾ ਨੇ ਦੱਸਿਆ ਕਿ ਇਨਾ ਖੇਡਾਂ ਦੇ ਵਿੱਚ ਸ਼ਤਰੰਜ, ਤਾਇਕਮਾਂਡੋ, ਯੋਗਾ, ਅਥਲੈਟਿਕਸ, ਰੱਸਾਕਸ਼ੀ, ਕਰਾਟੇ, ਕੁਸ਼ਤੀਆਂ, ਸਰਕਲ ਕਬੱਡੀ ਖੇਡਾਂ ਕਰਵਾਈਆਂ ਜਾ ਰਹੀਆਂ ਹਨ।ਅੱਜ ਮੁੱਖ ਮਹਿਮਾਨ ਦੇ ਤੌਰ ਤੇ ਬਰਿੰਦਰ ਕੁਮਾਰ ਢੂਡੀਆਂ ਮੈਨੇਜਰ,ਪ੍ਰਿੰਸੀਪਲ ਡੋਲੀ ਲਰੋਈਆ ਤੇ ਐਚਓਡੀ ਸਪੋਰਟਸ ਡਾ ਆਸਾ ਸਿੰਘ ਨੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ।ਪ੍ਰਿੰਸੀਪਲ ਡੋਲੀ ਲਰੋਈਆ ਨੇ ਸਾਰੇ ਅਧਿਆਪਕਾਂ ਅਤੇ ਖਿਡਾਰੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਤੇ ਪੁਨਦੀਪ ਕੌਰ,ਜਸਪ੍ਰੀਤ ਕੌਰ, ਅਮਨਿੰਦਰ ਸਿੰਘ ਅਤੇ ਪ੍ਰੈੱਸ ਇੰਚਾਰਜ ਜਸਵਿੰਦਰ ਸਿੰਘ ਸਮੂਹ ਡਿਊਟੀ ਸਟਾਫ ਹਾਜਰ ਸੀ।

ਕੋਈ ਵੀ ਬੱਚਾ ਖੁਦ ਨੂੰ ਇਕੱਲਾ ਨਾ ਸਮਝੇ; ਪੰਜਾਬ ਸਰਕਾਰ ਵੱਲੋਂ 254.44 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ

ਔਖੀਆਂ ਸਥਿਤੀਆਂ ਦਾ ਸਾਹਮਣਾ ਕਰ ਰਹੇ ਬੱਚਿਆਂ ਦੀ ਭਲਾਈ, ਪੜ੍ਹਾਈ ਅਤੇ ਬਿਹਤਰ ਭਵਿੱਖ ਲਈ ਪੰਜਾਬ ਸਰਕਾਰ ਵਚਨਬੱਧ: ਡਾ. ਬਲਜੀਤ ਕੌਰ

ਚੰਡੀਗੜ੍ਹ, 29 ਅਕਤੂਬਰ
-ਜੀ. ਐਸ. ਤੁੰਗ-

ਬੱਚਿਆਂ ਦੇ ਸੁਰੱਖਿਅਤ ਬਚਪਨ, ਸਨਮਾਨਪੂਰਨ ਜੀਵਨ ਅਤੇ ਬਿਹਤਰ ਭਵਿੱਖ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਸਮਾਜਿਕ ਸੁਰੱਖਿਆ ਸਕੀਮਾਂ ਨੂੰ ਲਗਾਤਾਰ ਮਜ਼ਬੂਤ ਕੀਤਾ ਜਾ ਰਿਹਾ ਹੈ। ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਆਸ਼ਰਿਤ ਬੱਚਿਆਂ ਨੂੰ ਵਿੱਤੀ ਸਹਾਇਤਾ ਸਕੀਮ ਤਹਿਤ ਸੂਬਾ ਸਰਕਾਰ ਵੱਲੋਂ ਸਤੰਬਰ 2026 ਤੱਕ 254.44 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਜਾ ਚੁੱਕੀ ਹੈ, ਜਿਸ ਦਾ ਲਾਭ ਪੰਜਾਬ ਭਰ ਦੇ ਕਰੀਬ 2.43 ਲੱਖ ਬੱਚਿਆਂ ਨੂੰ ਮਿਲ ਰਿਹਾ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਹਰ ਬੱਚਾ ਪਿਆਰ, ਸੰਭਾਲ, ਸਨਮਾਨ ਅਤੇ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਲਈ ਬਰਾਬਰ ਮੌਕਿਆਂ ਦਾ ਹੱਕਦਾਰ ਹੈ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਮਾਨਵੀ ਸਰੋਕਾਰਾਂ ਨੂੰ ਤਰਜੀਹ ਦਿੰਦਿਆਂ ਅਜਿਹੇ ਬੱਚਿਆਂ ਨੂੰ ਸਮੇਂ ਸਿਰ ਸਹਾਇਤਾ ਪ੍ਰਦਾਨ ਕਰ ਰਹੀ ਹੈ, ਤਾਂ ਜੋ ਉਹ ਆਤਮ ਵਿਸ਼ਵਾਸ ਨਾਲ ਆਪਣੀ ਜ਼ਿੰਦਗੀ ਵਿੱਚ ਅੱਗੇ ਵੱਧ ਸਕਣ।

ਉਨ੍ਹਾਂ ਕਿਹਾ ਕਿ ਇਹ ਉਪਰਾਲਾ 'ਰੰਗਲਾ ਪੰਜਾਬ' ਦੀ ਸੋਚ ਨੂੰ ਦਰਸਾਉਂਦਾ ਹੈ, ਜਿੱਥੇ ਹਰ ਬੱਚੇ ਦੀ ਸੁਰੱਖਿਆ, ਭਲਾਈ ਅਤੇ ਸਰਵਪੱਖੀ ਵਿਕਾਸ ਸਰਕਾਰ ਦੀ ਮੁੱਖ ਤਰਜੀਹ ਹੈ। ਸਰਕਾਰ ਦਾ ਉਦੇਸ਼ ਹੈ ਕਿ ਕਿਸੇ ਵੀ ਬੱਚੇ ਦੇ ਔਖੇ ਹਾਲਾਤ ਉਸ ਦੀ ਪੜ੍ਹਾਈ, ਤਰੱਕੀ ਅਤੇ ਸੁਪਨਿਆਂ ਦੇ ਰਾਹ ਵਿੱਚ ਰੁਕਾਵਟ ਨਾ ਬਣਨ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਆਸ਼ਰਿਤ ਬੱਚਿਆਂ ਨੂੰ ਵਿੱਤੀ ਸਹਾਇਤਾ ਸਕੀਮ ਤਹਿਤ 21 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਸ਼ਾਮਲ ਹਨ, ਜਿਨ੍ਹਾਂ ਦੇ ਮਾਤਾ-ਪਿਤਾ ਦੋਵਾਂ ਦੀ ਮੌਤ ਹੋ ਚੁੱਕੀ ਹੈ, ਦੋਵੇਂ ਮਾਤਾ-ਪਿਤਾ ਲਾਪਤਾ ਹਨ ਜਾਂ ਮਾਤਾ-ਪਿਤਾ ਸਰੀਰਕ ਜਾਂ ਮਾਨਸਿਕ ਅਸਮਰੱਥਾ ਕਾਰਨ ਬੱਚਿਆਂ ਦੀ ਦੇਖਭਾਲ ਕਰਨ ਦੇ ਯੋਗ ਨਹੀਂ ਹਨ। ਇਸ ਸਕੀਮ ਦਾ ਲਾਭ ਉਨ੍ਹਾਂ ਯੋਗ ਪਰਿਵਾਰਾਂ ਨੂੰ ਵੀ ਦਿੱਤਾ ਜਾਂਦਾ ਹੈ, ਜਿਨ੍ਹਾਂ ਦੀ ਸਾਲਾਨਾ ਆਮਦਨ 60,000 ਰੁਪਏ ਜਾਂ ਇਸ ਤੋਂ ਘੱਟ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਵਿੱਤੀ ਸਾਲ 2026-27 ਲਈ 432.78 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਹੈ, ਜਿਸ ਵਿੱਚੋਂ ਸਤੰਬਰ 2026 ਤੱਕ 254.44 ਕਰੋੜ ਰੁਪਏ ਖਰਚ ਕੀਤੇ ਜਾ ਚੁੱਕੇ ਹਨ। ਇਹ ਵਿੱਤੀ ਸਹਾਇਤਾ ਬੱਚਿਆਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕਰਨ, ਉਨ੍ਹਾਂ ਦੀ ਪੜ੍ਹਾਈ ਜਾਰੀ ਰੱਖਣ ਅਤੇ ਉਨ੍ਹਾਂ ਦੇ ਬਿਹਤਰ ਭਵਿੱਖ ਦੀ ਨੀਂਹ ਮਜ਼ਬੂਤ ਕਰਨ ਵਿੱਚ ਸਹਾਇਕ ਸਾਬਤ ਹੋ ਰਹੀ ਹੈ। ਡਾ. ਬਲਜੀਤ ਕੌਰ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਬੱਚਿਆਂ ਦੀ ਭਲਾਈ, ਸੁਰੱਖਿਆ ਅਤੇ ਸਸ਼ਕਤੀਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਹੈ ਕਿ ਸੂਬੇ ਦਾ ਹਰ ਬੱਚਾ ਸੁਰੱਖਿਅਤ ਬਚਪਨ, ਸਨਮਾਨਪੂਰਨ ਜੀਵਨ ਅਤੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਬਰਾਬਰ ਮੌਕੇ ਪ੍ਰਾਪਤ ਕਰੇ।

ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਮਨਰੇਗਾ ਕਰਮਚਾਰੀ ਯੂਨੀਅਨ ਦੀਆਂ ਮੰਗਾਂ ਦਾ ਸਮਾਂਬੱਧ ਨਿਪਟਾਰਾ ਕਰਨ ਦਾ ਭਰੋਸਾ

ਚੰਡੀਗੜ੍ਹ 29 ਅਕਤੂਬਰ
-ਛਤਰਪਾਲ ਸਿੰਘ-

ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਮਨਰੇਗਾ ਕਰਮਚਾਰੀ ਯੂਨੀਅਨ ਦੇ ਨੁਮਾਇੰਦਿਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ 'ਤੇ ਵਿਚਾਰ ਕਰਕੇ ਇਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ, ਤਾਂ ਜੋ ਇਨ੍ਹਾਂ ਮੰਗਾਂ ਦਾ ਸਮਾਂਬੱਧ ਨਿਪਟਾਰਾ ਯਕੀਨੀ ਬਣਾਇਆ ਜਾ ਸਕੇ।

ਖੰਨਾ ਵਿਖੇ ਯੂਨੀਅਨ ਨੁਮਾਇੰਦਿਆਂ ਨਾਲ ਮੁਲਾਕਾਤ ਦੌਰਾਨ ਸ੍ਰੀ ਸੌਂਦ ਨੇ ਉਨ੍ਹਾਂ ਦੇ ਮਸਲਿਆਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਵਿਸ਼ਵਾਸ ਦਿਵਾਇਆ ਕਿ ਮਾਨ ਸਰਕਾਰ ਉਨ੍ਹਾਂ ਦੇ ਲੰਬਿਤ ਮਸਲਿਆਂ ਨੂੰ ਸਮੇਂ ਸਿਰ ਹੱਲ ਕਰਨ ਲਈ ਹਰ ਸੰਭਵ ਯਤਨ ਕਰੇਗੀ।

ਕੈਬਨਿਟ ਮੰਤਰੀ ਨੇ ਮਨਰੇਗਾ, ਹੁਣ 'ਵੀਬੀ ਜੀ ਰਾਮ ਜੀ' ਨੂੰ ਲਾਗੂ ਕਰਨ ਅਤੇ ਜ਼ਮੀਨੀ ਪੱਧਰ 'ਤੇ ਸਰਕਾਰੀ ਸਕੀਮਾਂ ਦੀ ਸੁਚੱਜੀ ਪਹੁੰਚ ਯਕੀਨੀ ਬਣਾਉਣ ਵਿੱਚ ਮਨਰੇਗਾ ਕਰਮਚਾਰੀਆਂ ਦੁਆਰਾ ਨਿਭਾਈ ਗਈ ਅਹਿਮ ਭੂਮਿਕਾ ਨੂੰ ਪ੍ਰਵਾਨ ਕੀਤਾ ਅਤੇ ਕਿਹਾ ਕਿ ਉਨ੍ਹਾਂ ਦਾ ਯੋਗਦਾਨ ਪੇਂਡੂ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਸੂਬੇ ਭਰ ਦੇ ਪਿੰਡਾਂ ਦੇ ਲੋਕਾਂ ਦੇ ਜੀਵਨ ਨੂੰ ਸੁਧਾਰਨ ਲਈ ਬਹੁਤ ਮਹੱਤਵਪੂਰਨ ਹੈ।

ਸ੍ਰੀ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਰਕਾਰੀ ਮੁਲਾਜ਼ਮਾਂ ਦੇ ਹਿੱਤਾਂ ਦੀ ਰਾਖੀ ਅਤੇ ਉਨ੍ਹਾਂ ਦੀ ਭਲਾਈ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਪਾਰਦਰਸ਼ੀ, ਮੁਲਾਜ਼ਮ-ਪੱਖੀ ਅਤੇ ਜਵਾਬਦੇਹ ਸ਼ਾਸਨ ਵਿੱਚ ਵਿਸ਼ਵਾਸ ਰੱਖਦੀ ਹੈ ਅਤੇ ਆਪਣੇ ਸਟਾਫ਼ ਦੀਆਂ ਜਾਇਜ਼ ਚਿੰਤਾਵਾਂ ਨੂੰ ਦੂਰ ਕਰਨ ਲਈ ਨਿਰੰਤਰ ਯਤਨ ਕਰ ਰਹੀ ਹੈ।

ਸੂਬਾ ਸਰਕਾਰ ਦੀ ਲੋਕ-ਪੱਖੀ ਪਹੁੰਚ 'ਤੇ ਚਾਨਣਾ ਪਾਉਂਦਿਆਂ ਮੰਤਰੀ ਨੇ ਕਿਹਾ ਕਿ ਮਾਨ ਸਰਕਾਰ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਔਰਤਾਂ, ਸਰਕਾਰੀ ਮੁਲਾਜ਼ਮਾਂ ਅਤੇ ਪੇਂਡੂ ਭਾਈਚਾਰਿਆਂ ਸਮੇਤ ਸਮਾਜ ਦੇ ਸਾਰੇ ਵਰਗਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਸਮੁੱਚੇ ਵਿਕਾਸ ਨੂੰ ਉਤਸ਼ਾਹਿਤ ਕਰਨ, ਪੇਂਡੂ ਸ਼ਾਸਨ ਨੂੰ ਮਜ਼ਬੂਤ ਕਰਨ, ਰੋਜ਼ਗਾਰ ਦੇ ਮੌਕੇ ਵਧਾਉਣ ਅਤੇ ਸੂਬੇ ਭਰ ਵਿੱਚ ਨਾਗਰਿਕ-ਪੱਖੀ ਸੇਵਾਵਾਂ ਪ੍ਰਦਾਨ ਕਰਨਾ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਕੈਬਨਿਟ ਮੰਤਰੀ ਨੇ ਵਫ਼ਦ ਨੂੰ ਅੱਗੇ ਭਰੋਸਾ ਦਿਵਾਇਆ ਕਿ ਮੀਟਿੰਗ ਦੌਰਾਨ ਉਠਾਏ ਗਏ ਸਾਰੇ ਮੁੱਦਿਆਂ ਦੀ ਡੂੰਘਾਈ ਨਾਲ ਸਮੀਖਿਆ ਕੀਤੀ ਜਾਵੇਗੀ ਅਤੇ ਨਿਰਧਾਰਤ ਸਮੇਂ ਅੰਦਰ ਢੁਕਵੀਂ ਕਾਰਵਾਈ ਲਈ ਸਬੰਧਤ ਵਿਭਾਗਾਂ ਕੋਲ ਮਸਲਾ ਉਠਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਵਿਹਾਰਕ ਅਤੇ ਟਿਕਾਊ ਹੱਲਾਂ ਲਈ ਨੀਤੀਗਤ ਫੈਸਲਿਆਂ ਜਾਂ ਵਿੱਤੀ ਪ੍ਰਭਾਵਾਂ ਵਾਲੇ ਮਸਲਿਆਂ 'ਤੇ ਵਿੱਤ ਵਿਭਾਗ ਨਾਲ ਚਰਚਾ ਕੀਤੀ ਜਾਵੇਗੀ।

ਮੁਲਾਜ਼ਮਾਂ ਦੀ ਭਲਾਈ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਸ੍ਰੀ ਸੌਂਦ ਨੇ ਕਿਹਾ ਕਿ ਸੂਬਾ ਸਰਕਾਰ ਮੁਲਾਜ਼ਮ ਯੂਨੀਅਨਾਂ ਨਾਲ ਸਕਾਰਾਤਮਕ ਗੱਲਬਾਤ ਜਾਰੀ ਰੱਖੇਗੀ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਨਿਰਪੱਖ, ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਹੱਲ ਕਰਨ ਲਈ ਕੰਮ ਕਰੇਗੀ।

ਇਸ ਮੀਟਿੰਗ ਵਿੱਚ ਮਨਰੇਗਾ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਸੇਵਕ ਸਿੰਘ, ਚੇਅਰਮੈਨ ਅਮਨਦੀਪ ਕੁਮਾਰ, ਵਿੱਤ ਸਕੱਤਰ ਰਮਨਦੀਪ ਸਿੰਘ, ਹਰਵਿੰਦਰ ਸਿੰਘ, ਬੰਟੀ ਬੈਂਸ, ਕਿਸ਼ੋਰ ਕੁਮਾਰ ਅਤੇ ਜਗਦੇਵ ਸਿੰਘ ਹਾਜ਼ਰ ਸਨ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਮਾਨਸਾ ਵਿਚ ਪੁਲਿਸ ਵੱਲੋਂ ਕੀਤੀ ਧੱਕੇਸ਼ਾਹੀ ਦੀ ਕੀਤੀ ਨਿਖੇਧੀ

ਅੰਮ੍ਰਿਤਸਰ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮਾਨਸਾ ਵਿਖੇ ਨਸ਼ਿਆਂ ਖ਼ਿਲਾਫ਼ ਰੋਸ ਪ੍ਰਦਰਸਨ ਕਰ ਰਹੇ ਲੋਕਾਂ 'ਤੇ ਪੁਲਿਸ ਵੱਲੋਂ ਕੀਤੇ ਤਸ਼ੱਦਦ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਪਿੰਡ ਭੰਮੇ ਕਲਾਂ ਦੇ ਇੱਕ ਵਿਅਕਤੀ ਦੀ ਮੌਤ ਤੋਂ ਬਾਅਦ ਉਸ ਦੀ ਮ੍ਰਿਤਕ ਦੇਹ ਨੂੰ ਪੁਲਿਸ ਵੱਲੋਂ ਪਰਿਵਾਰ ਅਤੇ ਪਿੰਡ ਵਾਸੀਆਂ ਤੋਂ ਜਬਰੀ ਲਿਜਾਣ ਦੀ ਨਿਖੇਧੀ ਕੀਤੀ ਹੈ। ਉਨ੍ਹਾਂ ਮਾਨਸਾ ਧਰਨੇ ਵਿੱਚ ਪੁਲਿਸ ਵੱਲੋਂ ਧੱਕਾ ਕਰਦਿਆਂ ਨੌਜਵਾਨਾਂ ਨੂੰ ਗ੍ਰਿਫਤਾਰ ਕਰਨ ਅਤੇ ਇਸ ਸਮੇਂ ਸਿੱਖਾਂ ਦੀਆਂ ਦਸਤਾਰਾਂ ਦੀ ਬੇਅਬਦੀ ਕਰਨ ਦਾ ਵੀ ਸਖ਼ਤ ਨੋਟਿਸ ਲਿਆ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਦੀ ਇਹ ਮਾਨਸਿਕਤਾ ਉਸ ਦੀ ਪੰਜਾਬ ਅਤੇ ਸਿੱਖ ਵਿਰੋਧੀ ਸੋਚ ਦਾ ਪ੍ਰਗਟਾਅ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਕਾਰਨ ਨੌਜਵਾਨਾਂ ਦੀਆਂ ਜਾ ਰਹੀਆਂ ਜਾਨਾਂ ਪੰਜਾਬ ਲਈ ਬੇਹੱਦ ਚਿੰਤਾਜਨਕ ਹਨ ਅਤੇ ਅਜਿਹੇ ਦੁਖਦਾਈ ਸਮੇਂ ਵਿੱਚ ਪੀੜਤ ਪਰਿਵਾਰ ਨਾਲ ਹਮਦਰਦੀ ਅਤੇ ਸੰਵੇਦਨਸ਼ੀਲਤਾ ਨਾਲ ਪੇਸ਼ ਆਉਣ ਦੀ ਬਜਾਏ ਸਰਕਾਰ ਤਾਨਾਸ਼ਾਹੀ ਕਰ ਰਹੀ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਪੁਲਿਸ ਵੱਲੋਂ ਕੀਤੀ ਗਈ ਇਸ ਹਰਕਤ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਇਹ ਸਾਹਮਣੇ ਆ ਸਕੇ ਕਿ ਇਹ ਕਾਰਵਾਈ ਕਿਸ ਦੇ ਹੁਕਮਾਂ 'ਤੇ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਜੇਕਰ ਕੋਈ ਪਰਿਵਾਰ ਆਪਣੇ ਜੀਅ ਨੂੰ ਨਸ਼ਿਆਂ ਕਾਰਨ ਗੁਆ ਬੈਠਦਾ ਹੈ ਤਾਂ ਉਸ ਦੇ ਦੁੱਖ ਨੂੰ ਸਮਝਣ ਅਤੇ ਨਸ਼ਿਆਂ ਦੇ ਗੰਭੀਰ ਮੁੱਦੇ ਨੂੰ ਹੱਲ ਕਰਨ ਦੀ ਬਜਾਏ ਸਰਕਾਰ ਵੱਲੋਂ ਅਜਿਹੇ ਮਾਮਲਿਆਂ ਨੂੰ ਧੱਕੇ ਨਾਲ ਦਬਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਸੰਘਰਸ਼ ਕਰ ਰਹੇ ਲੋਕਾਂ ਦੀ ਗੱਲ ਸੁਣਨਾ ਅਤੇ ਪੰਜਾਬ ਦੀ ਜਵਾਨੀ ਨੂੰ ਇਸ ਲਾਹਨਤ ਤੋਂ ਬਚਾਉਣਾ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੈ ਪਰ ਸਰਕਾਰ ਲੋਕਾਂ ਦੀ ਅਵਾਜ਼ ਨੂੰ ਦਬਾਉਣ ਲਈ ਪੁਲਿਸ ਤੰਤਰ ਦੀ ਦੁਰਵਰਤੋਂ ਕਰ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਦਾ ਇਹ ਤਾਨਾਸ਼ਾਹੀ ਰਵੱਈਆ ਠੀਕ ਨਹੀਂ ਹੈ ਅਤੇ ਪੰਜਾਬ ਦੇ ਲੋਕ ਇਸ ਨੂੰ ਬਰਦਾਸ਼ਤ ਨਹੀਂ ਕਰਨਗੇ।

ਜਨਗਣਨਾ-2027 ਸਬੰਧੀ ਬਰਲਟਨ ਪਾਰਕ ਵਿਖੇ ਲਗਾਇਆ ਜਾਗਰੂਕਤਾ ਸਟਾਲ

ਜਲੰਧਰ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜਨਗਣਨਾ-2027 ਦੇ ਦੂਜੇ ਪੜਾਅ ਸਬੰਧੀ ਆਮ ਲੋਕਾਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਸ਼ਹਿਰ ਦੇ ਬਰਲਟਨ ਪਾਰਕ ਵਿਖੇ ਇੱਕ ਵਿਸ਼ੇਸ਼ ਜਾਗਰੂਕਤਾ ਸਟਾਲ ਲਗਾਇਆ ਗਿਆ। ਇਸ ਸਟਾਲ ਰਾਹੀਂ ਆਮ ਲੋਕਾਂ ਨੂੰ ਜਨਗਣਨਾ ਦੀ ਮਹੱਤਤਾ, ਇਸ ਦੇ ਮੁੱਖ ਉਦੇਸ਼ਾਂ ਅਤੇ ਇਸ ਪ੍ਰਕਿਰਿਆ ਵਿੱਚ ਨਾਗਰਿਕਾਂ ਦੀ ਭੂਮਿਕਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਸਟਾਲ 'ਤੇ ਪਹੁੰਚਣ ਵਾਲੇ ਲੋਕਾਂ ਨੂੰ ਦੱਸਿਆ ਗਿਆ ਕਿ ਜਨਗਣਨਾ ਦੇ ਦੂਜੇ ਪੜਾਅ ਤਹਿਤ ਸਵੈ-ਗਣਨਾ ਦੀ ਪ੍ਰਕਿਰਿਆ 16 ਨਵੰਬਰ ਤੋਂ 30 ਨਵੰਬਰ 2026 ਤੱਕ ਚੱਲੇਗੀ, ਜਦਕਿ ਆਬਾਦੀ ਦੀ ਗਣਨਾ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਕੀਤੀ ਜਾਵੇਗੀ। ਇਸ ਦੌਰਾਨ ਲੋਕਾਂ ਨੂੰ ਜਨਗਣਨਾ ਨਾਲ ਜੁੜੀਆਂ ਅਹਿਮ ਤਰੀਕਾਂ ਅਤੇ ਪ੍ਰਕਿਰਿਆ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ, ਤਾਂ ਜੋ ਉਹ ਸਮੇਂ ਸਿਰ ਇਸ ਵਿੱਚ ਭਾਗ ਲੈ ਸਕਣ। ਇਸ ਮੌਕੇ ਲੋਕਾਂ ਨੂੰ ਦੱਸਿਆ ਗਿਆ ਕਿ ਜਨਗਣਨਾ ਦੇਸ਼ ਦੇ ਸਮਾਜਿਕ ਤੇ ਆਰਥਿਕ ਵਿਕਾਸ ਦੀ ਯੋਜਨਾਬੰਦੀ ਲਈ ਇੱਕ ਅਹਿਮ ਆਧਾਰ ਹੈ। ਜਨਗਣਨਾ ਰਾਹੀਂ ਪ੍ਰਾਪਤ ਹੋਣ ਵਾਲੇ ਅੰਕੜੇ ਵੱਖ-ਵੱਖ ਸਰਕਾਰੀ ਯੋਜਨਾਵਾਂ ਤਿਆਰ ਕਰਨ, ਲੋਕਾਂ ਦੀਆਂ ਲੋੜਾਂ ਨੂੰ ਸਮਝਣ ਅਤੇ ਵਿਕਾਸ ਕਾਰਜਾਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਸਹਾਇਕ ਹੁੰਦੇ ਹਨ।

ਆਮ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਜਨਗਣਨਾ ਸਬੰਧੀ ਜਾਣਕਾਰੀ ਨੂੰ ਧਿਆਨ ਨਾਲ ਸਮਝਣ, ਨਿਰਧਾਰਤ ਸਮੇਂ ਅਨੁਸਾਰ ਆਪਣੀ ਭਾਗੀਦਾਰੀ ਯਕੀਨੀ ਬਣਾਉਣ ਅਤੇ ਇਸ ਮਹੱਤਵਪੂਰਨਣ ਪ੍ਰਕਿਰਿਆ ਨੂੰ ਸਫ਼ਲ ਬਣਾਉਣ ਲਈ ਪੂਰਾ ਸਹਿਯੋਗ ਦੇਣ।

ਗੁਰਲੀਨ ਕੌਰ ਰੱਖੜਾ ਨੇ ਜ਼ੋਨਲ ਫੈਂਸਿੰਗ ਲੀਗ 'ਚ ਬ੍ਰਾਊਨਜ਼ ਮੈਡਲ ਜਿੱਤਿਆ

ਪਟਿਆਲਾ, 29 ਅਕਤੂਬਰ
ਰਣਜੀਤ ਸਿੰਘ
-ਸ਼ਹੀਦ-ਏ-ਆਜ਼ਮ-ਬਿਊਰੋ-

ਕੇਂਦਰ ਸਰਕਾਰ ਦੇ ਖੇਡ ਵਿਭਾਗ ਵੱਲੋਂ ਲੜਕੀਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਸਾਈ, ਆਈ. ਐਸ. ਐਫ. ਏ., ਫੈਂਸਿੰਗ ਇੰਡੀਆ ਵੱਲੋਂ ਖੇਲੋ ਇੰਡੀਆ ਅਸਮਿਤਾ ਫੈਂਸਿੰਗ ਜ਼ੋਨਲ ਵੂਮੈਨ ਲੀਗ ਹਿਸਾਬ ਦੇ ਹਾਂਸੀ ਵਿਖੇ ਕਰਵਾਈ ਗਈ ਜਿਥੇ ਤਿੰਨ ਦਿਨ ਚੱਲੇ ਫੈਂਸਿੰਗ ਮੁਕਾਬਿਲਆਂ ਵਿਚ ਦੇਸ਼ ਭਰ ਤੋਂ ਖਿਡਾਰਨਾਂ ਨੇ ਫੁਆਇਲ, ਇਪੀ ਅਤੇ ਸੈਵਰ ਦੇ ਮੁਕਾਬਲਿਆਂ ਵਿਚ ਆਪਣੀ ਕਲਾ ਦੇ ਜ਼ੌਹਰ ਦਿਖਾਏ। ਇਨ੍ਹਾਂ ਮੁਕਾਬਲਿਆਂ ਵਿਚ ਸਰਕਾਰੀ ਕਾਲਜ ਮੁਹਾਲੀ ਦੀ ਵਿਦਿਆਰਥਣ ਤੇ ਪੰਜਾਬ ਸਰਕਾਰ ਦੇ ਪੀ. ਆਈ. ਐਸ. ਮੁਹਾਲੀ ਦੀ ਖਿਡਾਰਣ ਗੁਰਲੀਨ ਕੌਰ ਰੱਖੜਾ ਨੇ ਤਲਵਾਰਬਾਜ਼ੀ ਫੁਆਇਲ ਈਵੈਂਟ ਵਿਚ ਬ੍ਰਾਊਨਜ਼ ਤਗਮਾ ਜਿੱਤਣ ਦੇ ਨਾਲ-ਨਾਲ 15000 ਰੁਪਏ ਦਾ ਨਕਦ ਇਨਾਮ ਵੀ ਹਾਸਲ ਕੀਤਾ। ਜ਼ਿਕਰਯੋਗ ਹੈ ਕਿ ਗੁਰਲੀਨ ਕੌਰ ਰੱਖੜਾ ਪੀ. ਆਈ. ਐਸ. ਮੁਹਾਲੀ ਵਿਖੇ ਅੰਤਰ ਰਾਸ਼ਟਰੀ ਕੋਚ ਪੰਕਜ ਸਿੰਗਲਾ ਕੋਲੋਂ ਟਰੇਨਿੰਗ ਹਾਸਲ ਕਰ ਰਹੀ ਹੈ ਅਤੇ ਭਵਿੱਖ ਵਿਚ ਨੈਸ਼ਨਲ ਪੱਧਰ 'ਤੇ ਹੋਣ ਵਾਲੀਆਂ ਖੇਡਾਂ ਵਿਚ ਵੀ ਭਾਗ ਲਵੇਗੀ।

ਨਸ਼ਾ ਤਸਕਰਾਂ ਤੋਂ ਛੁਟਕਾਰਾ ਚਾਹੁੰਦੀਆਂ ਹਨ ਪੰਜਾਬ ਦੀਆਂ ਔਰਤਾਂ : ਹਰਸਿਮਰਤ ਕੌਰ ਬਾਦਲ

ਜ਼ੀਰਕਪੁਰ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ਼੍ਰੋਮਣੀ ਅਕਾਲੀ ਦਲ ਦੀ ਸੰਸਦ ਮੈਂਬਰ ਅਤੇ ਸਾਬਕਾ ਕੇਂਦਰੀ ਮੰਤਰੀ ਹਰਸਿਮਰਤ ਕੌਰ ਬਾਦਲ ਨੇ ਡੇਰਾਬੱਸੀ ਹਲਕੇ ਦੀਆਂ ਔਰਤਾਂ ਨੂੰ ਇੱਕਜੁੱਟ ਹੋ ਕੇ ਨਸ਼ੇ ਦੀ ਦੁਰਵਰਤੋਂ ਵਿਰੁੱਧ ਲੜਨ ਦੀ ਅਪੀਲ ਕਰਦਿਆਂ ਕਿਹਾ ਕਿ ਅੱਜ ਪੰਜਾਬ ਦੀਆਂ ਮਾਵਾਂ ਅਤੇ ਭੈਣਾਂ ਨਸ਼ੇ ਦੇ ਤਸਕਰਾਂ ਤੋਂ ਛੁਟਕਾਰਾ ਚਾਹੁੰਦੀਆਂ ਹਨ। ਪਿਛਲੇ ਪੰਜ ਸਾਲਾਂ ਵਿੱਚ, ਨਸ਼ਿਆਂ ਦੇ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲਿਆਂ ਨੂੰ ਸਿਰਫ਼ ਮੌਤ ਹੀ ਮਿਲੀ ਹੈ। ਮੌਜੂਦਾ ਪੰਜਾਬ ਸਰਕਾਰ ਦੀ ਸਭ ਤੋਂ ਵੱਡੀ ਪ੍ਰਾਪਤੀ ਜਗ੍ਹਾ-ਜਗ੍ਹਾ ਸ਼ਰਾਬ ਦੇ ਠੇਕੇ ਖੁੱਲ੍ਹਵਾਉਣਾ ਅਤੇ ਨਸ਼ੇ ਦੇ ਕਾਰੋਬਾਰ ਨੂੰ ਹੁਲਾਰਾ ਦੇਣਾ ਹੈ।

ਹਰਸਿਮਰਤ ਕੌਰ ਬਾਦਲ ਜ਼ੀਰਕਪੁਰ ਵਿੱਚ ਮਾਵਾਂ-ਧੀਆਂ ਦੀ ਲਲਕਾਰ, ਬੰਦ ਕਰਾਵਾਂਗੇ ਨਸ਼ੇ ਦਾ ਕਰੋਬਾਰ ਨਾਮਕ ਰੈਲੀ ਨੂੰ ਸੰਬੋਧਨ ਕਰ ਰਹੀ ਸਨ। ਇਸ ਰੈਲੀ ਵਿੱਚ ਹਲਕੇ ਦੀਆਂ ਵੱਡੀ ਗਿਣਤੀ ਵਿੱਚ ਔਰਤਾਂ ਨੇ ਹਿੱਸਾ ਲਿਆ। ਹਰਸਿਮਰਤ ਕੌਰ ਨੇ ਕਿਹਾ ਕਿ ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਬਣਨ ਤੋਂ ਬਾਅਦ ਮਹਿਲਾ ਆਈਪੀਐਸ ਅਧਿਕਾਰੀ ਦੀ ਅਗਵਾਈ ਵਿੱਚ ਟਾਸਕ ਫੋਰਸ ਬਣਾਈ ਜਾਵੇਗੀ। ਇਹ ਟਾਸਕ ਫੋਰਸ ਅਕਾਲੀ ਦਲ ਦੀ ਮਾਈ ਭਾਗੋ ਫੌਜ ਨਾਲ ਮਿਲਕੇ ਨਸ਼ਾ ਤਸਕਰਾਂ ਦਾ ਸਫਾਇਆ ਕਰੇਗੀ।

ਅਕਾਲੀ ਦਲ ਦੀ ਸੰਸਦ ਮੈਂਬਰ ਨੇ ਕਿਹਾ ਕਿ ਪੰਜਾਬ ਵਿੱਚ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਕਾਰਜਕਾਲ ਦੌਰਾਨ ਹਮੇਸ਼ਾ ਵਿਕਾਸ, ਆਪਸੀ ਭਾਈਚਾਰੇ ਅਤੇ ਸ਼ਾਂਤੀ ਦੀ ਗੱਲ ਹੁੰਦੀ ਸੀ, ਪਰ ਦਿੱਲੀ ਤੋਂ ਰਿਮੋਟ ਕੰਟਰੋਲ ਨਾਲ ਚਲਾਈ ਜਾ ਰਹੀ ਸਰਕਾਰ ਸਿਰਫ਼ ਨਸ਼ਾ ਤਸਕਰਾਂ ਨੂੰ ਉਤਸ਼ਾਹਿਤ ਕਰਨ, ਸ਼ਰਾਬ ਦੇ ਠੇਕੇ ਖੁੱਲ੍ਹਵਾਉਣ ਅਤੇ ਭ੍ਰਿਸ਼ਟਾਚਾਰ ਦੀਆਂ ਗੱਲਾਂ ਕਰਦੀ ਹੈ। ਮੌਜੂਦਾ ਮੁੱਖ ਮੰਤਰੀ ਭਗਵੰਤ ਮਾਨ 'ਤੇ ਨਿਸ਼ਾਨਾ ਸਾਧਦੇ ਹੋਏ, ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਤੋਂ ਵੱਡਾ ਔਰਤਾਂ ਦਾ ਕੋਈ ਦੋਸ਼ੀ ਨਹੀਂ ਹੈ। ਅੱਜ ਪੰਜਾਬ ਵਿੱਚ ਇੱਕ ਵੀ ਔਰਤ ਅਜਿਹੀ ਨਹੀਂ ਹੈ, ਜਿਸਦੇ ਖਾਤੇ ਵਿੱਚ 60,000 ਰੁਪਏ ਆਏ ਹੋਣ, ਜਦੋਂ ਕਿ ਚੋਣਾਂ ਦੌਰਾਨ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਦੇਣ ਦੀ ਗੱਲ ਕੀਤੀ ਗਈ ਸੀ।

ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਔਰਤਾਂ ਦੀ ਇੱਕੋ ਇੱਕ ਪੁਕਾਰ ਹੈ ਕਿ ਆਪਣੇ ਬੱਚਿਆਂ ਨੂੰ ਨਸ਼ਿਆਂ ਤੋਂ ਕਿਵੇਂ ਬਚਾਇਆ ਜਾਵੇ। ਜਿਨ੍ਹਾਂ ਨੇ ਤਿੰਨ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦੀ ਗਾਰੰਟੀ ਦਿੱਤੀ ਸੀ, ਉਹ ਪੰਜ ਸਾਲਾਂ ਵਿੱਚ ਇੱਕ ਵੀ ਮਗਰਮੱਛ ਨੂੰ ਨਹੀਂ ਫੜ ਸਕੇ।

ਅਕਾਲੀ ਦਲ ਦੇ ਸੰਸਦ ਮੈਂਬਰ ਨੇ ਔਰਤਾਂ ਨੂੰ ਇੱਕਜੁੱਟ ਕਰਦੇ ਹੋਏ ਕਿਹਾ ਕਿ ਉਹ ਆਪਣੇ ਨਾਲ ਘੱਟੋ-ਘੱਟ ਤਿੰਨ ਪਰਿਵਾਰਾਂ ਦੀਆਂ ਔਰਤਾਂ ਨੂੰ ਜੋੜ ਕੇ ਮਾਈ ਭਾਗੋ ਫੌਜ ਦਾ ਹਿੱਸਾ ਬਣਨ। ਅਕਾਲੀ ਦਲ ਦੀ ਸਰਕਾਰ ਬਣਨ 'ਤੇ ਇਹ ਫੌਜ ਨਸ਼ਾ ਤਸਕਰਾਂ ਨੂੰ ਪੰਜਾਬ ਤੋਂ ਬਾਹਰ ਕੱਢਣ ਵਿੱਚ ਸਭ ਤੋਂ ਅਹਿਮ ਭੂਮਿਕਾ ਨਿਭਾਏਗੀ।

ਇਸ ਤੋਂ ਪਹਿਲਾਂ ਹਰਸਿਮਰਤ ਕੌਰ ਬਾਦਲ ਦਾ ਸਵਾਗਤ ਕਰਦੇ ਹੋਏ ਰੈਲੀ ਪ੍ਰਬੰਧਕ ਅਤੇ ਸਾਬਕਾ ਵਿਧਾਇਕ ਐਨ.ਕੇ. ਸ਼ਰਮਾ ਦੀ ਪਤਨੀ ਬਬੀਤਾ ਸ਼ਰਮਾ ਨੇ ਕਿਹਾ ਕਿ ਤਲਵੰਡੀ ਸਾਬੋ ਤੋਂ ਸ਼ੁਰੂ ਹੋਈ ਨਸ਼ਿਆਂ ਵਿਰੁੱਧ ਮੁਹਿੰਮ ਹੁਣ ਡੇਰਾਬੱਸੀ ਪਹੁੰਚ ਗਈ ਹੈ। ਅੱਜ ਡੇਰਾਬੱਸੀ ਹਲਕੇ ਦੇ ਹਰ ਪਿੰਡ ਦੀਆਂ ਔਰਤਾਂ ਸਿਰਫ਼ ਇਸ ਗੱਲ ਦੀ ਚਿੰਤਾ ਵਿੱਚ ਹਨ ਕਿ ਉਨ੍ਹਾਂ ਦੇ ਬੱਚਿਆਂ ਨੂੰ ਨਸ਼ਿਆਂ ਤੋਂ ਕੌਣ ਬਚਾਏਗਾ। ਜਦੋਂ ਉਨ੍ਹਾਂ ਹਲਕੇ ਦਾ ਦੌਰਾ ਕੀਤਾ ਤਾਂ ਪਿੰਡਾਂ ਦੀਆਂ ਔਰਤਾਂ ਨੇ ਉਨ੍ਹਾਂ ਨੂੰ ਦੱਸਿਆ ਕਿ ਕਿਵੇਂ ਸਰਕਾਰੀ ਸੁਰੱਖਿਆ ਹੇਠ ਨਸ਼ੇ ਖੁੱਲ੍ਹੇਆਮ ਮਿਲ ਰਹੇ ਹਨ ਅਤੇ ਉਨ੍ਹਾਂ ਦੇ ਨੌਜਵਾਨ ਬੱਚੇ ਕਿਵੇਂ ਆਦੀ ਹੋ ਗਏ ਹਨ। ਵਾਰ-ਵਾਰ ਸ਼ਿਕਾਇਤਾਂ ਕਰਨ ਦੇ ਬਾਵਜੂਦ, ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ।

ਇਸ ਮੌਕੇ ਬੋਲਦਿਆਂ ਸਾਬਕਾ ਵਿਧਾਇਕ ਐਨ.ਕੇ. ਸ਼ਰਮਾ ਨੇ ਕਿਹਾ ਕਿ ਹਰਸਿਮਰਤ ਕੌਰ ਬਾਦਲ ਨੇ ਨਾ ਸਿਰਫ਼ ਆਪਣੇ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਵਿੱਚ ਸਫਲਤਾ ਹਾਸਲ ਕੀਤੀ ਹੈ, ਸਗੋਂ ਇਸਨੂੰ ਕਾਮਯਾਬ ਵੀ ਕੀਤਾ ਹੈ। ਸ਼ਰਮਾ ਨੇ ਕਿਹਾ ਕਿ ਜਦੋਂ ਪੰਜਾਬ ਵਿੱਚ ਲੜਕਿਆਂ ਦੇ ਮੁਕਾਬਲੇ ਕੁੜੀਆਂ ਦੀ ਗਿਣਤੀ ਘੱਟ ਰਹੀ ਸੀ, ਤਾਂ ਹਰਸਿਮਰਤ ਕੌਰ ਬਾਦਲ ਨੇ ਰਾਜਨੀਤੀ ਨੂੰ ਇੱਕ ਪਾਸੇ ਰੱਖ ਕੇ ਨੰਨ੍ਹੀ ਛਾਂ ਮੁਹਿੰਮ ਸ਼ੁਰੂ ਕੀਤੀ, ਜਿਸ ਨਾਲ ਪੰਜਾਬ ਦੀਆਂ ਔਰਤਾਂ ਵਿੱਚ ਸਮਾਜਿਕ ਕ੍ਰਾਂਤੀ ਆਈ। ਅੱਜ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਪੰਜਾਬ ਭਰ ਦੀਆਂ ਔਰਤਾਂ ਹਰਸਿਮਰਤ ਕੌਰ ਦੇ ਨਾਲ ਇੱਕਜੁੱਟਤਾ ਨਾਲ ਖੜ੍ਹੀਆਂ ਹੋ ਗਈਆਂ ਹਨ।ਇਸ ਮੌਕੇ ਬੀਬੀ ਪਰਮਜੀਤ ਕੌਰ ਲਾਂਡਰਾਂ, ਬਲਵਿੰਦਰ ਕੌਰ ਈਸਾਪੁਰ, ਮਨੀਸ਼ਾ ਮਲਿਕ, ਮਨਜੀਤ ਕੌਰ, ਗੁਰਪ੍ਰੀਤ ਕੌਰ ਬਾਜਵਾ, ਈਸ਼ਾ ਬੱਤਰਾ, ਸਲੋਚਨਾ ਦੇਵੀ, ਸਲਿਤਾ ਸੈਣੀ, ਬਲਜਿੰਦਰ ਕੌਰ, ਅਨੀਤਾ ਕਟਾਰੀਆ ਸਮੇਤ ਕਈ ਮਹਿਲਾ ਆਗੂ ਹਾਜ਼ਰ ਸਨ।

70ਵੀਂਆ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਤਾਇਕਮਾਂਡੋ ਤੇ ਕਰਾਟੇ ਦਾ ਹੋਇਆ ਆਗਾਜ਼

ਪਟਿਆਲਾ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ-14 ਲੜਕੇ/ਲੜਕੀਆਂ ਦੇ ਤਾਈਕਮਾਂਡੋ ਅਤੇ ਅੰਡਰ-17 ਲੜਕੇ/ਲੜਕੀਆਂ ਦੇ ਕਰਾਟੇ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦਾ ਆਗਾਜ਼ ਪਲੇ ਵੇਜ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ ਹੋਇਆ। ਅੱਜ ਮੁੱਖ ਮਹਿਮਾਨ ਦੇ ਤੌਰ ਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ, ਡਾ ਰਾਜਦੀਪ ਸਿੰਘ (ਚੇਅਰਮੈਨ) ਹਰਲੀਨ ਕੌਰ (ਡਾਇਰੈਕਟਰ) ਨੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ।ਇਹ ਟੂਰਨਾਮੈਂਟ 29 ਅਕਤੂਬਰ ਤੋਂ 31 ਅਕਤੂਬਰ ਤੱਕ ਹੋਵੇਗਾ। ਇਸ ਟੂਰਨਾਮੈਂਟ ਵਿੱਚ 400 ਦੇ ਕਰੀਬ ਖਿਡਾਰੀ ਹਿੱਸਾ ਲੈ ਰਹੇ ਹਨ।ਪਲੇ ਵੇਜ ਸੀਨੀਅਰ ਸੈਕੈਂਡਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਬਹੁਤ ਹੀ ਵਧੀਆ ਗਿੱਧੇ ਦੀ ਪੇਸ਼ਕਾਰੀ ਕੀਤੀ। ਸਟੇਜ ਦਾ ਸੰਚਾਲਨ ਪ੍ਰੈੱਸ ਇੰਚਾਰਜ ਜਸਵਿੰਦਰ ਸਿੰਘ ਨੇ ਬਖੂਬੀ ਨਿਭਾਇਆ।ਇਸ ਮੌਕੇ ਤੇ ਅਬਜਰਵਰ ਨਿਖਿਲ ਹੰਸ, ਅਬਜਰਵਰ ਰਾਜੇਸ਼ ਸ਼ਰਮਾ, ਪ੍ਰਿੰਸੀਪਲ ਰਕਸ਼ਾ ਵਰਮਾ, ਚਰਨਜੀਤ ਸਿੰਘ ਰੈਫਰੀ,ਸ਼ਸੀ ਮਾਨ,ਬਲਵਿੰਦਰ ਸਿੰਘ ਜੱਸਲ, ਰਾਜੇਸ਼ ਕੁਮਾਰ,ਡਾ ਆਸਾ ਸਿੰਘ,ਬਿਪਨ ਚੰਦ,ਰੇਨੂੰ ਕੌਸ਼ਲ, ਜਾਹੀਦਾ ਕੁਰੈਸ਼ੀ,ਬੇਅੰਤ ਕੌਰ, ਰਾਕੇਸ਼ ਕੁਮਾਰ,ਸਤਵਿੰਦਰ ਸਿੰਘ,ਸੁਰਿੰਦਰ ਪਾਲ ਸਿੰਘ ਐਸਪੀ,ਪਵਨ ਸਿੰਗਲਾ,ਰਾਕੇਸ਼ ਕੁਮਾਰ,ਹਰਜੀਤ ਸਿੰਘ,ਸਾਰੇ ਜਿਲ੍ਹਿਆਂ ਦੇ ਖਿਡਾਰੀ ਅਤੇ ਡਿਊਟੀ ਸਟਾਫ ਹਾਜਰ ਸੀ।

ਆਪਰੇਸ਼ਨ ਵਾਕ ਮਿਡ ਐਟਲਾਂਟਿਕ ਅਤੇ ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਨੇ 53 ਲੋੜਵੰਦ ਮਰੀਜ਼ਾਂ ਦੇ ਗੋਡੇ ਬਦਲ ਕੇ ਦਿੱਤਾ ਨਵਾਂ ਜੀਵਨਦਾਨ

ਮੁਫ਼ਤ ਗੋਡੇ ਬਦਲਣ ਦੀਆਂ ਸਰਜਰੀਆਂ ਨਾਲ ਲੋੜਵੰਦ ਮਰੀਜ਼ਾਂ ਨੂੰ ਮਿਲੀ ਨਵੀਂ ਜ਼ਿੰਦਗੀ; ਮੈਡੀਕਲ ਵਿਦਿਆਰਥੀਆਂ ਨੂੰ ਵੀ ਮਿਲਿਆ ਵਿਹਾਰਕ ਤਜਰਬਾ

ਅੰਮ੍ਰਿਤਸਰ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਲੋੜਵੰਦ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਮਰੀਜ਼ਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਅਮਰੀਕਾ ਦੀ ਸੰਸਥਾ ਆਪਰੇਸ਼ਨ ਵਾਕ ਮਿਡ ਐਟਲਾਂਟਿਕ ਅਤੇ ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਅੰਮ੍ਰਿਤਸਰ ਦੇ ਸਾਂਝੇ ਉਪਰਾਲੇ ਸਦਕਾ ਸ੍ਰੀ ਗੁਰੂ ਰਾਮ ਦਾਸ ਚੈਰੀਟੇਬਲ ਹਸਪਤਾਲ ਵਿਖੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ ਮਰੀਜ਼ਾਂ ਦੇ ਗੋਡੇ ਬਦਲਣ ਦੇ 53 ਮੁਫ਼ਤ ਆਪ੍ਰੇਸ਼ਨ ਸਫ਼ਲਤਾਪੂਰਵਕ ਕੀਤੇ ਗਏ। ਇਸ ਸੇਵਾ ਤਹਿਤ ਉਨ੍ਹਾਂ ਮਰੀਜ਼ਾਂ ਦੀ ਚੋਣ ਕੀਤੀ ਗਈ, ਜਿਹੜੇ ਗੋਡਿਆਂ ਦੀ ਗੰਭੀਰ ਸਮੱਸਿਆ ਕਾਰਨ ਤੁਰਨ-ਫਿਰਨ ਤੋਂ ਅਸਮਰੱਥ ਸਨ ਅਤੇ ਮਹਿੰਗੇ ਇਲਾਜ ਦਾ ਖ਼ਰਚਾ ਚੁੱਕਣ ਦੀ ਸਮਰੱਥਾ ਨਹੀਂ ਰੱਖਦੇ ਸਨ। ਇਹ ਉਪਰਾਲਾ ਦੋਵਾਂ ਸੰਸਥਾਵਾਂ ਦੀ ਹਰੇਕ ਵਰਗ ਤੱਕ ਅਸਾਨ ਪਹੁੰਚਯੋਗ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸ ਕੈਂਪ ਦੀ ਸਫਲਤਾ ਉਪਰੰਤ ਅੱਜ ਮੀਡੀਆ ਨਾਲ ਗੱਲਬਾਤ ਕਰਦਿਆਂ ਅਮਰੀਕਾ ਦੀ ਚੈਰੀਟੇਬਲ ਸੰਸਥਾ ਆਪਰੇਸ਼ਨ ਵਾਕ ਮਿਡ ਐਟਲਾਂਟਿਕ ਦੇ ਡਾ. ਹਰਪਾਲ ਸਿੰਘ ਖਨੂਜਾ ਨੇ ਕਿਹਾ ਕਿ ਸਾਡਾ ਮਕਸਦ ਆਰਥਿਕ ਰੁਕਾਵਟਾਂ ਨੂੰ ਦੂਰ ਕਰਕੇ, ਲੋੜਵੰਦਾਂ ਲਈ ਇਲਾਜ ਦੇ ਦਰਵਾਜ਼ੇ ਖੋਲ੍ਹਣਾ ਹੈ, ਜਿਨ੍ਹਾਂ ਨੂੰ ਲੋੜੀਂਦੀਆਂ ਡਾਕਟਰੀ ਪ੍ਰਕਿਰਿਆਵਾਂ ਦਾ ਖ਼ਰਚਾ ਚੁੱਕਣ ਵਿੱਚ ਅਸਮਰੱਥ ਹੋਣ ਕਾਰਨ ਚੁੱਪਚਾਪ ਤਕਲੀਫ਼ ਸਹਿਣੀ ਪੈ ਸਕਦੀ ਸੀ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਤਹਿਤ ਆਰਥਿਕ ਤੌਰ 'ਤੇ ਕਮਜ਼ੋਰ ਮਰੀਜ਼ਾਂ ਦੇ ਇਲਾਜ ਨਾਲ ਸਬੰਧਤ ਸਾਰੇ ਖਰਚੇ ਦੋਵਾਂ ਸੰਸਥਾਵਾਂ ਵੱਲੋਂ ਉਠਾਏ ਗਏ। ਇਨ੍ਹਾਂ ਵਿੱਚ ਸਰਜਰੀ ਦਾ ਖ਼ਰਚਾ, ਗੋਡੇ ਬਦਲਣ ਲਈ ਵਰਤੇ ਜਾਣ ਵਾਲੇ ਇੰਪਲਾਂਟ, ਹਸਪਤਾਲ ਤੋਂ ਛੁੱਟੀ ਮਿਲਣ ਤੋਂ ਬਾਅਦ ਇੱਕ ਮਹੀਨੇ ਤੱਕ ਦੀਆਂ ਦਵਾਈਆਂ ਅਤੇ ਮਰੀਜ਼ਾਂ ਨੂੰ ਚੱਲਣ-ਫਿਰਨ ਅਤੇ ਮੁੜ ਵਸੇਬੇ ਵਿੱਚ ਸਹਾਇਤਾ ਦੇਣ ਲਈ ਵਾਕਰ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਗੋਡੇ ਬਦਲਣ ਦੀਆਂ ਸਰਜਰੀਆਂ ਲਈ ਜ਼ਿਮਰ ਬਾਇਓਮੈਟ ਦੇ ਇੰਪਲਾਂਟ ਦੀ ਵਰਤੋਂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸ ਉਪਰਾਲੇ ਦੀ ਸਫ਼ਲਤਾ ਲਈ ਅਮਰੀਕਾ ਤੋਂ ਆਪਰੇਸ਼ਨ ਵਾਕ ਮਿਡ ਐਟਲਾਂਟਿਕ ਦੇ 49 ਮੈਂਬਰੀ ਵਫ਼ਦ ਜਿਸ ਵਿੱਚ ਡਾਕਟਰ, ਨਰਸਾਂ, ਫਿਜ਼ੀਕਲ ਥੈਰੇਪਿਸਟ ਅਤੇ ਵਲੰਟੀਅਰ ਸ਼ਾਮਲ ਸਨ ਆਏ ਸਨ। ਉਨ੍ਹਾਂ ਕਿਹਾ ਕਿ ਇਸ ਕਾਰਜ਼ ਵਿਚ ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਦੇ ਮੈਡੀਕਲ ਮਾਹਿਰਾਂ, ਖ਼ਾਸ ਕਰਕੇ ਆਰਥੋਪੀਡਿਕਸ ਅਤੇ ਐਨੇਸਥੀਜ਼ਿਓਲੋਜੀ ਵਿਭਾਗਾਂ ਦੇ ਮਾਹਿਰਾਂ ਦੇ ਤਾਲਮੇਲ ਨੇ ਮਰੀਜ਼ਾਂ ਨੂੰ ਪ੍ਰਭਾਵਸ਼ਾਲੀ ਡਾਕਟਰੀ ਸੇਵਾਵਾਂ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ। ਦੋਵਾਂ ਵਿਭਾਗਾਂ ਦੇ ਫੈਕਲਟੀ ਮੈਂਬਰਾਂ, ਮੈਡੀਕਲ ਮਾਹਿਰਾਂ ਅਤੇ ਸਹਾਇਕ ਸਟਾਫ਼ ਨੇ ਆਏ ਹੋਏ ਵਫ਼ਦ ਨਾਲ ਮਿਲ ਕੇ ਪੂਰੀ ਲਗਨ ਅਤੇ ਤਾਲਮੇਲ ਨਾਲ ਕੰਮ ਕੀਤਾ। ਉਨ੍ਹਾਂ ਦੇ ਯੋਗਦਾਨ ਸਦਕਾ ਸਾਰੀਆਂ ਸਰਜਰੀਆਂ ਨੂੰ ਸਫ਼ਲਤਾਪੂਰਵਕ ਸੰਪੰਨ ਕਰਨ ਵਿੱਚ ਮਹੱਤਵਪੂਰਨ ਸਹਾਇਤਾ ਮਿਲੀ। ਇਸ ਮੌਕੇ ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੇ ਡੀਨ ਡਾ. ਏ ਪੀ ਸਿੰਘ ਨੇ ਦੱਸਿਆ ਕਿ ਸਿੱਖਾਂ ਦੀ ਇਸ ਮੈਡੀਕਲ ਸੰਸਥਾ ਵਿੱਚ ਜਿਥੇ ਬਹੁਤ ਘੱਟ ਖਰਚੇ ਤੇ ਮਰੀਜ਼ਾਂ ਦਾ ਇਲਾਜ ਕੀਤਾ ਜਾਂਦਾ ਹੈ, ਉਥੇ ਲੋੜਵੰਦ ਮਰੀਜ਼ਾਂ ਲਈ ਸਮੇ ਸਮੇਂ ਕਈ ਉਪਰਾਲੇ ਵੀ ਕੀਤੇ ਜਾਂਦੇ ਹਨ, ਜਿਸ ਵਿਚ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਅਮਰੀਕਾ ਦੀ ਇਸ ਸੰਸਥਾ ਦੇ ਸਹਿਯੋਗ ਨਾਲ ਬੀਤੇ ਸਾਲ ਵੀ 39 ਲੋੜਵੰਦ ਮਰੀਜ਼ਾਂ ਦੇ ਮੁਫ਼ਤ ਆਪਰੇਸ਼ਨ ਕੀਤੇ ਗਏ ਸਨ, ਅਤੇ ਇਸ ਸਾਲ 53 ਮਰੀਜ਼ਾਂ ਦਾ ਸਫ਼ਲ ਇਲਾਜ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਮਨੁੱਖਤਾ ਦੀ ਸੇਵਾ ਅਤੇ ਸੰਸਥਾਗਤ ਸਹਿਯੋਗ ਪ੍ਰਤੀ ਸੰਸਥਾ ਦੀ ਵਚਨਬੱਧਤਾ ਦਾ ਪ੍ਰਗਟਾਵਾ ਹੈ। ਇਹ ਦਰਸਾਉਂਦਾ ਹੈ ਕਿ ਵੱਖ-ਵੱਖ ਸੰਸਥਾਵਾਂ ਵਿਚਕਾਰ ਸਹਿਯੋਗ ਰਾਹੀਂ ਮਹਿੰਗੇ ਇਲਾਜ ਦੇ ਚਲਦਿਆਂ ਆਰਥਿਕ ਤੌਰ 'ਤੇ ਕਮਜ਼ੋਰ ਮਰੀਜ਼ਾਂ ਨੂੰ ਜ਼ਰੂਰੀ ਇਲਾਜ ਦੀਆਂ ਸਹੂਲਤਾਂ ਉਪਲਬਧ ਕਰਵਾਉਣ ਲਈ ਪਰਿਵਰਤਨਕਾਰੀ ਹੱਲ ਕਿਵੇਂ ਲਿਆਂਦੇ ਜਾ ਸਕਦੇ ਹਨ। ਅੱਜ ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਵਿਖੇ ਅਮਰੀਕਾ ਤੋਂ ਆਏ ਡਾਕਟਰਾਂ ਦੇ ਵਫ਼ਦ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੇ ਡੀਨ ਡਾ. ਏ ਪੀ ਸਿੰਘ, ਵਾਈਸ ਚਾਂਸਲਰ ਡਾ. ਮਨਜੀਤ ਸਿੰਘ ਉੱਪਲ, ਡਾ. ਰਾਜ ਕੁਮਾਰ, ਆਪਰੇਸ਼ਨ ਵਾਕ ਮਿਡ ਐਟਲਾਂਟਿਕ ਦੇ ਡਾ. ਹਰਪਾਲ ਖਨੂਜਾ, ਮਾਰੀਆ, ਡਾ. ਦਲਜੀਤ, ਡਾ. ਸੀਮਾਂ, ਡਾ. ਵਿਵੇਕ ਸੂਦ, ਡਾ. ਪਰਮਜੋਤ ਬਿੰਦਰਾ ਸਮੇਤ ਹੋਰ ਮੌਜੂਦ ਸਨ।

ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਭੱਠਾ ਸਾਹਿਬ ਖੇਤਰ ਦੇ ਸ਼ਰਧਾਲੂਆਂ ਦੀ ਬੱਸ ਰਵਾਨਾ

ਰੂਪਨਗਰ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਭੱਠਾ ਸਾਹਿਬ ਖੇਤਰ ਦੇ ਵੱਖ-ਵੱਖ ਵਸਨੀਕਾਂ ਨੂੰ ਤੀਰਥ ਯਾਤਰਾ ਕਰਵਾਉਣ ਲਈ ਬੱਸ ਰਵਾਨਾ ਕੀਤੀ ਗਈ। ਇਸ ਮੌਕੇ ਹਲਕਾ ਵਿਧਾਇਕ ਦਿਨੇਸ਼ ਚੱਢਾ ਨੇ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

ਇਸ ਦੌਰਾਨ ਵਿਧਾਇਕ ਦਿਨੇਸ਼ ਚੱਢਾ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਦਾ ਮੁੱਖ ਮਕਸਦ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਪ੍ਰਦਾਨ ਕਰਨਾ ਹੈ, ਤਾਂ ਜੋ ਉਹ ਬਿਨਾਂ ਕਿਸੇ ਆਰਥਿਕ ਬੋਝ ਦੇ ਆਪਣੀ ਸ਼ਰਧਾ ਅਨੁਸਾਰ ਤੀਰਥ ਯਾਤਰਾ ਕਰ ਸਕਣ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਲੋਕ ਆਰਥਿਕ ਜਾਂ ਹੋਰ ਕਾਰਨਾਂ ਕਰਕੇ ਦੂਰ-ਦੁਰਾਡੇ ਸਥਿਤ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਤੋਂ ਵਾਂਝੇ ਰਹਿ ਜਾਂਦੇ ਹਨ। ਅਜਿਹੇ ਲੋਕਾਂ ਲਈ ਇਹ ਸਕੀਮ ਲਾਹੇਵੰਦ ਸਾਬਤ ਹੋ ਰਹੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਵੱਖ-ਵੱਖ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ ਅਤੇ ਤੀਰਥ ਯਾਤਰਾ ਸਕੀਮ ਵੀ ਇਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਉਪਰਾਲਾ ਹੈ। ਇਸ ਨਾਲ ਸ਼ਰਧਾਲੂਆਂ ਨੂੰ ਧਾਰਮਿਕ ਯਾਤਰਾ ਦੀ ਸਹੂਲਤ ਮਿਲਣ ਦੇ ਨਾਲ-ਨਾਲ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਵੀ ਸਨਮਾਨ ਮਿਲਦਾ ਹੈ। ਇਸ ਮੌਕੇ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਵਿੱਚ ਉਤਸ਼ਾਹ ਦੇਖਣ ਨੂੰ ਮਿਲਿਆ। ਉਨ੍ਹਾਂ ਨੇ ਇਸ ਸਹੂਲਤ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਬੱਸ ਦੀ ਰਵਾਨਗੀ ਮੌਕੇ ਇਲਾਕੇ ਦੇ ਲੋਕ ਵੀ ਮੌਜੂਦ ਸਨ।

ਸੀ.ਆਈ.ਏ. ਸਟਾਫ਼ ਮਾਹੋਰਾਣਾ ਵੱਲੋਂ ਅੰਤਰ-ਜ਼ਿਲ੍ਹਾ ਸਨੈਚਿੰਗ ਗਿਰੋਹ ਦਾ ਪਰਦਾਫ਼ਾਸ਼; ਚਾਰ ਦੋਸ਼ੀ ਗ੍ਰਿਫ਼ਤਾਰ

➢ ਗਿਰੋਹ ਮਾਲੇਰਕੋਟਲਾ, ਲੁਧਿਆਣਾ ਅਤੇ ਤਰਨਤਾਰਨ ਵਿੱਚ ਔਰਤਾਂ ਨੂੰ ਨਿਸ਼ਾਨਾ ਬਣਾ ਕੇ ਸੋਨੇ ਦੇ ਗਹਿਣੇ ਖੋਹਦਾ ਸੀ ➢ ਖੋਹਿਆ ਸੋਨਾ ਖ਼ਰੀਦਣ ਵਾਲੇ ਦੋ ਸੁਨਿਆਰੇ ਮੁਕੱਦਮੇ ਵਿੱਚ ਨਾਮਜ਼ਦ ➢ ਸੋਨੇ ਦੇ ਗਹਿਣੇ, ਦੋ ਮੋਟਰਸਾਈਕਲ ਅਤੇ ਮੋਬਾਈਲ ਫ਼ੋਨ ਬਰਾਮਦ ➢ ਔਰਤਾਂ ਵਿਰੁੱਧ ਅਪਰਾਧਾਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ: ਐਸ.ਪੀ. (ਇਨਵੈਸਟੀਗੇਸ਼ਨ) ਭੁੱਲਰ

ਮਲੇਰਕੋਟਲਾ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮਾਲੇਰਕੋਟਲਾ ਪੁਲਿਸ ਨੇ ਇੱਕ ਵੱਡੀ ਕਾਮਯਾਬੀ ਹਾਸਲ ਕੀਤੀ ਹੈ। ਪੁਲਿਸ ਨੇ ਔਰਤਾਂ ਨੂੰ ਨਿਸ਼ਾਨਾ ਬਣਾ ਕੇ ਉਨ੍ਹਾਂ ਦੇ ਸੋਨੇ ਦੇ ਗਹਿਣੇ ਖੋਹਣ ਵਾਲੇ ਇੱਕ ਅੰਤਰ-ਜ਼ਿਲ੍ਹਾ ਗਿਰੋਹ ਦਾ ਪਰਦਾਫ਼ਾਸ਼ ਕੀਤਾ ਹੈ। ਇਸ ਗਿਰੋਹ ਨੇ ਮਾਲੇਰਕੋਟਲਾ, ਲੁਧਿਆਣਾ ਅਤੇ ਤਰਨਤਾਰਨ ਵਿੱਚ ਘੱਟੋ-ਘੱਟ ਅੱਠ ਅਜਿਹੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ। ਚਾਰ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

ਗ੍ਰਿਫ਼ਤਾਰ ਦੋਸ਼ੀਆਂ ਦੀ ਪਛਾਣ ਸਾਮੂ ਵਾਸੀ ਵਾਰਡ ਨੰਬਰ 02, ਗਲੀ ਨਾਥਾਂ ਵਾਲੀ, ਰਾਮ ਚੰਦ ਕਲੋਨੀ, ਗੋਕਲਪੁਰ, ਜ਼ਿਲ੍ਹਾ ਤਰਨਤਾਰਨ; ਮੁਕੱਦਰਾ ਕੁਮਾਰ ਰਾਹੋ ਵਾਲੀ, ਜਲੰਧਰ; ਕਾਡਾ ਰਾਮ ਵਾਸੀ ਰਾਮ ਦੇਵ ਕਲੋਨੀ, ਮੁਹੱਲਾ ਗੋਕਲਪੁਰ, ਜ਼ਿਲ੍ਹਾ ਤਰਨਤਾਰਨ ਅਤੇ ਸੰਜੇ ਕੁਮਾਰ ਵਾਸੀ ਮੁਹੱਲਾ ਨੀਲ ਕੰਠ, ਨੇੜੇ ਟਾਂਡਾ ਬਾਈਪਾਸ, ਹੁਸ਼ਿਆਰਪੁਰ ਵਜੋਂ ਹੋਈ ਹੈ।

ਜਾਣਕਾਰੀ ਸਾਂਝੀ ਕਰਦਿਆਂ ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਰਮਨਦੀਪ ਸਿੰਘ ਭੁੱਲਰ ਨੇ ਦੱਸਿਆ ਕਿ ਸੀਨੀਅਰ ਕਪਤਾਨ ਪੁਲਿਸ (ਐਸ.ਐਸ.ਪੀ.) ਮਾਲੇਰਕੋਟਲਾ ਸ੍ਰੀ ਹਰਕਮਲਪ੍ਰੀਤ ਸਿੰਘ ਖੱਖ ਦੀ ਸਮੁੱਚੀ ਨਿਗਰਾਨੀ ਹੇਠ ਇਹ ਕਾਰਵਾਈ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ਅਤੇ ਮਾੜੇ ਅਨਸਰਾਂ ਵਿਰੁੱਧ ਵਿੱਢੀ ਗਈ ਮੁਹਿੰਮ ਤਹਿਤ ਕੀਤੀ ਗਈ ਹੈ। ਇਸ ਕਾਰਵਾਈ ਨੂੰ ਇੰਚਾਰਜ ਸੀ.ਆਈ.ਏ. ਸਟਾਫ਼ ਮਾਹੋਰਾਣਾ ਇੰਸਪੈਕਟਰ ਹਰਜਿੰਦਰ ਸਿੰਘ ਦੀ ਅਗਵਾਈ ਵਾਲੀ ਟੀਮ ਨੇ ਅੰਜਾਮ ਦਿੱਤਾ। ਟੀਮ ਨੇ ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਸ੍ਰੀ ਰਮਨਦੀਪ ਸਿੰਘ ਭੁੱਲਰ ਅਤੇ ਉਪ ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਸ੍ਰੀ ਦੀਪਵਿੰਦਰਪਾਲ ਸਿੰਘ ਦੀ ਨਿਗਰਾਨੀ ਹੇਠ ਕੰਮ ਕੀਤਾ।

ਮਿਤੀ 19.10.2026 ਨੂੰ ਸਹਾਇਕ ਥਾਣੇਦਾਰ ਲਖਵਿੰਦਰ ਸਿੰਘ ਦੀ ਅਗਵਾਈ ਹੇਠ ਪੁਲਿਸ ਪਾਰਟੀ ਇੱਕ ਮੁਕੱਦਮੇ ਦੀ ਤਫ਼ਤੀਸ਼ ਕਰ ਰਹੀ ਸੀ। ਇਹ ਮੁਕੱਦਮਾ ਮਿਤੀ 01.07.2026 ਨੂੰ ਥਾਣਾ ਸਿਟੀ-1 ਮਾਲੇਰਕੋਟਲਾ ਵਿਖੇ ਬੀ.ਐਨ.ਐਸ. ਦੀਆਂ ਧਾਰਾਵਾਂ 307, 126(2), 351(3), 191(3), 190 ਅਤੇ ਅਸਲਾ ਐਕਟ ਦੀਆਂ ਧਾਰਾਵਾਂ 25/54/59 ਤਹਿਤ ਦਰਜ ਹੈ। ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਚੈਕਿੰਗ ਦੌਰਾਨ ਪੁਲਿਸ ਪਾਰਟੀ ਨੂੰ ਖ਼ਾਸ ਮੁਖ਼ਬਰੀ ਮਿਲੀ ਕਿ ਦੋਸ਼ੀ ਛਾਉਣੀ ਰੋਡ, ਮਾਲੇਰਕੋਟਲਾ ਸਥਿਤ ਮਸਜਿਦ ਨੇੜੇ ਰਾਤ ਠਹਿਰਨ ਦਾ ਪ੍ਰਬੰਧ ਕਰ ਰਹੇ ਹਨ।

ਜਦੋਂ ਪੁਲਿਸ ਪਾਰਟੀ ਮੌਕੇ 'ਤੇ ਪਹੁੰਚੀ ਤਾਂ ਚਾਰ ਨੌਜਵਾਨ ਪੁਲਿਸ ਦੀ ਗੱਡੀ ਦੇਖ ਕੇ ਭੱਜਣ ਲੱਗੇ। ਮੁੱਦਈ ਮੁਕੱਦਮਾ ਸ. ਦਾਰਾ ਸਿੰਘ ਨੇ ਉਨ੍ਹਾਂ ਦੀ ਸ਼ਨਾਖ਼ਤ ਕੀਤੀ। ਇਨ੍ਹਾਂ ਵਿੱਚੋਂ ਤਿੰਨ ਦੋਸ਼ੀਆਂ, ਸਾਮੂ, ਮੁਕੱਦਰਾ ਕੁਮਾਰ ਅਤੇ ਕਾਡਾ ਰਾਮ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ ਗਿਆ। ਚੌਥਾ ਦੋਸ਼ੀ, ਸੰਜੇ ਕੁਮਾਰ, ਭੱਜਣ ਵਿੱਚ ਸਫ਼ਲ ਹੋ ਗਿਆ।

ਪੁੱਛਗਿੱਛ ਦੌਰਾਨ ਦੋਸ਼ੀਆਂ ਨੇ ਅੱਠ ਵਾਰਦਾਤਾਂ ਕਬੂਲ ਕੀਤੀਆਂ। ਉਨ੍ਹਾਂ ਦੱਸਿਆ ਕਿ ਇਹ ਵਾਰਦਾਤਾਂ ਉਨ੍ਹਾਂ ਨੇ ਆਪਣੇ ਦੋ ਸਾਥੀਆਂ ਨਾਲ ਮਿਲ ਕੇ ਕੀਤੀਆਂ ਸਨ। ਇਹ ਸਾਥੀ ਲੰਬੂ ਬਾਬਾ ਵਾਸੀ ਮੁਹੱਲਾ ਮੁਰਾਦਪੁਰਾ, ਤਰਨਤਾਰਨ ਅਤੇ ਮਮਤਾ ਪਤਨੀ ਤੋਰਮੀ ਵਾਸੀ ਮੁਹੱਲਾ ਨੇੜੇ ਰੇਲਵੇ ਸਟੇਸ਼ਨ, ਤਰਨਤਾਰਨ ਹਨ।

ਮਾਲੇਰਕੋਟਲਾ ਵਿੱਚ ਗਿਰੋਹ ਨੇ ਚਾਰ ਵਾਰਦਾਤਾਂ ਕੀਤੀਆਂ। ਕਰੀਬ ਤਿੰਨ-ਚਾਰ ਮਹੀਨੇ ਪਹਿਲਾਂ ਉਨ੍ਹਾਂ ਨੇ ਲੁਧਿਆਣਾ ਰੋਡ 'ਤੇ ਨਰਸਰੀਆਂ ਨੇੜੇ ਇੱਕ ਔਰਤ ਤੋਂ ਕੰਨ ਦੀ ਵਾਲੀ ਖੋਹੀ। ਕਰੀਬ ਸੱਤ-ਅੱਠ ਮਹੀਨੇ ਪਹਿਲਾਂ ਲੁਧਿਆਣਾ ਬਾਈਪਾਸ ਨੇੜੇ ਉਨ੍ਹਾਂ ਨੇ ਪੈਦਲ ਜਾ ਰਹੀ ਇੱਕ ਔਰਤ ਨੂੰ ਗੱਲਾਂ ਵਿੱਚ ਉਲਝਾਇਆ ਅਤੇ ਧੋਖੇ ਨਾਲ ਉਸ ਦੀਆਂ ਵਾਲੀਆਂ ਲੈ ਲਈਆਂ। ਕਰੀਬ ਅੱਠ-ਨੌਂ ਮਹੀਨੇ ਪਹਿਲਾਂ ਉਨ੍ਹਾਂ ਨੇ ਸਰੌਂਦ ਰੋਡ 'ਤੇ ਇੱਕ ਔਰਤ ਤੋਂ ਇੱਕ ਵਾਲੀ ਅਤੇ ਇੱਕ ਮੁੰਦਰੀ ਖੋਹੀ। ਕਰੀਬ 20-25 ਦਿਨ ਪਹਿਲਾਂ ਉਨ੍ਹਾਂ ਨੇ ਰਟੋਲਾ ਰੋਡ 'ਤੇ ਇੱਕ ਔਰਤ ਅਤੇ ਇੱਕ ਵਿਅਕਤੀ ਨੂੰ ਰੋਕ ਕੇ ਉਨ੍ਹਾਂ ਦੀਆਂ ਵਾਲੀਆਂ ਖੋਹ ਲਈਆਂ।

ਗਿਰੋਹ ਨੇ ਮਾਲੇਰਕੋਟਲਾ ਤੋਂ ਬਾਹਰ ਵੀ ਵਾਰਦਾਤਾਂ ਕੀਤੀਆਂ। ਕਰੀਬ ਅੱਠ-ਨੌਂ ਮਹੀਨੇ ਪਹਿਲਾਂ ਉਨ੍ਹਾਂ ਨੇ ਦਾਣਾ ਮੰਡੀ ਨੇੜੇ ਸਬਜ਼ੀ ਮੰਡੀ, ਜਲੰਧਰ ਬਾਈਪਾਸ, ਲੁਧਿਆਣਾ ਵਿਖੇ ਇੱਕ ਬਜ਼ੁਰਗ ਔਰਤ ਤੋਂ ਵਾਲੀਆਂ ਖੋਹੀਆਂ। ਉਨ੍ਹਾਂ ਨੇ ਖਡੂਰ ਸਾਹਿਬ ਵਿਖੇ ਵੀ ਇੱਕ ਬਜ਼ੁਰਗ ਔਰਤ ਤੋਂ ਇੱਕ ਵਾਲੀ ਖੋਹੀ। ਕਰੀਬ ਸੱਤ-ਅੱਠ ਮਹੀਨੇ ਪਹਿਲਾਂ ਉਨ੍ਹਾਂ ਨੇ ਕਚਹਿਰੀ ਰੋਡ/ਜੰਡਿਆਲਾ ਰੋਡ 'ਤੇ ਇੱਕ ਔਰਤ ਤੋਂ ਟੌਪਸ ਖੋਹੇ। ਕਰੀਬ ਇੱਕ ਸਾਲ ਪਹਿਲਾਂ ਉਨ੍ਹਾਂ ਨੇ ਪੱਟੀ ਸ਼ਹਿਰ ਵਿੱਚ ਖੇਮਕਰਨ ਬਾਈਪਾਸ 'ਤੇ ਇੱਕ ਔਰਤ ਤੋਂ ਇੱਕ ਵਾਲੀ ਖੋਹੀ।

ਗਿਰੋਹ ਦੇ ਮੈਂਬਰ ਤਰਨਤਾਰਨ ਅਤੇ ਹੋਰ ਜ਼ਿਲ੍ਹਿਆਂ ਤੋਂ ਮੋਟਰਸਾਈਕਲਾਂ 'ਤੇ ਆਉਂਦੇ ਸਨ। ਪਛਾਣ ਤੋਂ ਬਚਣ ਲਈ ਉਹ ਹੋਟਲਾਂ ਵਿੱਚ ਨਹੀਂ ਠਹਿਰਦੇ ਸਨ। ਇਸ ਦੀ ਬਜਾਏ ਉਹ ਜਨਤਕ ਥਾਵਾਂ, ਜਿਵੇਂ ਧਾਰਮਿਕ ਸਥਾਨਾਂ ਦੇ ਨੇੜੇ, ਰਾਤਾਂ ਕੱਟਦੇ ਸਨ। ਉਹ ਆਮ ਤੌਰ 'ਤੇ ਭੀੜ-ਭਾੜ ਵਾਲੀਆਂ ਸੜਕਾਂ ਅਤੇ ਬਾਈਪਾਸਾਂ ਨੇੜੇ ਇਕੱਲੀਆਂ ਜਾ ਰਹੀਆਂ ਔਰਤਾਂ, ਖ਼ਾਸ ਕਰਕੇ ਬਜ਼ੁਰਗ ਔਰਤਾਂ, ਨੂੰ ਨਿਸ਼ਾਨਾ ਬਣਾਉਂਦੇ ਸਨ। ਪਹਿਲਾਂ ਉਹ ਪੀੜਤ ਔਰਤ ਨੂੰ ਗੱਲਾਂ ਵਿੱਚ ਉਲਝਾ ਕੇ ਉਸ ਦਾ ਧਿਆਨ ਭਟਕਾਉਂਦੇ ਸਨ। ਫਿਰ ਕਦੇ ਧੋਖੇ ਨਾਲ ਅਤੇ ਕਦੇ ਝਪਟ ਮਾਰ ਕੇ ਉਸ ਦੀਆਂ ਸੋਨੇ ਦੀਆਂ ਵਾਲੀਆਂ, ਟੌਪਸ ਜਾਂ ਮੁੰਦਰੀਆਂ ਲਾਹ ਲੈਂਦੇ ਸਨ।

ਪਲਾਂ ਵਿੱਚ ਹੀ ਉਹ ਮੋਟਰਸਾਈਕਲਾਂ 'ਤੇ ਫ਼ਰਾਰ ਹੋ ਜਾਂਦੇ ਸਨ। ਖੋਹਿਆ ਸੋਨਾ ਬਾਅਦ ਵਿੱਚ ਤਰਨਤਾਰਨ ਦੇ ਸੁਨਿਆਰਿਆਂ ਨੂੰ ਵੇਚ ਦਿੱਤਾ ਜਾਂਦਾ ਸੀ, ਜਿਸ ਕਾਰਨ ਇਸ ਦਾ ਪਤਾ ਲਗਾਉਣਾ ਔਖਾ ਹੋ ਜਾਂਦਾ ਸੀ। ਤਿੰਨੇ ਗ੍ਰਿਫ਼ਤਾਰ ਦੋਸ਼ੀਆਂ ਨੂੰ ਮਾਣਯੋਗ ਮਿਸ ਕਾਜਲ, ਜੇ.ਐਮ.ਆਈ.ਸੀ. (ਡਿਊਟੀ ਮੈਜਿਸਟ੍ਰੇਟ), ਮਾਲੇਰਕੋਟਲਾ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਅਦਾਲਤ ਤੋਂ ਤਿੰਨ ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ। ਮਿਤੀ 21.10.2026 ਨੂੰ ਰਿਮਾਂਡ ਦੌਰਾਨ ਦੋਸ਼ੀ ਕਾਡਾ ਰਾਮ ਦੀ ਨਿਸ਼ਾਨਦੇਹੀ 'ਤੇ ਸੰਜੇ ਕੁਮਾਰ ਨੂੰ ਗ੍ਰਿਫ਼ਤਾਰ ਕੀਤਾ ਗਿਆ। ਉਸ ਸਮੇਂ ਵਾਰਦਾਤਾਂ ਵਿੱਚ ਵਰਤਿਆ ਮੋਟਰਸਾਈਕਲ ਨੰਬਰ P2-46-AP-1223 ਵੀ ਬਰਾਮਦ ਕੀਤਾ ਗਿਆ।

ਹੋਰ ਪੁੱਛਗਿੱਛ ਦੌਰਾਨ ਦੋਸ਼ੀਆਂ ਨੇ ਖ਼ੁਲਾਸਾ ਕੀਤਾ ਕਿ ਉਨ੍ਹਾਂ ਨੇ ਖੋਹੇ ਗਏ ਸੋਨੇ ਦੇ ਗਹਿਣੇ ਦੋ ਭਰਾਵਾਂ ਨੂੰ ਵੇਚੇ ਸਨ। ਇਹ ਭਰਾ ਰਾਜਵਿੰਦਰ ਸਿੰਘ ਉਰਫ਼ ਰਾਜਨ ਅਤੇ ਹਰਪ੍ਰੀਤ ਸਿੰਘ ਉਰਫ਼ ਭੋਲੂ ਹਨ। ਦੋਵੇਂ ਮਾਸਟਰ ਕਲੋਨੀ, ਮੁਰਾਦਪੁਰਾ, ਤਰਨਤਾਰਨ ਦੇ ਵਾਸੀ ਹਨ ਅਤੇ ਤਰਨਤਾਰਨ ਵਿੱਚ ਸੁਨਿਆਰੇ ਦੀ ਦੁਕਾਨ ਲਾਉਂਦੇ ਹਨ। ਦੋਵਾਂ ਨੂੰ ਮੁਕੱਦਮੇ ਵਿੱਚ ਨਾਮਜ਼ਦ ਕਰ ਲਿਆ ਗਿਆ ਹੈ। ਪੁਲਿਸ ਨੇ ਇੱਕ ਕਾਲੇ ਰੰਗ ਦਾ ਪਲਸਰ ਮੋਟਰਸਾਈਕਲ ਸਮੇਤ ਵਨਪਲੱਸ ਮੋਬਾਈਲ ਫ਼ੋਨ, ਮੋਟਰਸਾਈਕਲ ਨੰਬਰ P2-46-1P-1223, ਇੱਕ ਸੋਨੇ ਦੀ ਅੰਗੂਠੀ, ਇੱਕ ਸੋਨੇ ਦੀ ਨੱਥੀ ਅਤੇ ਇੱਕ ਜੋੜਾ ਸੋਨੇ ਦੀਆਂ ਵਾਲੀਆਂ ਬਰਾਮਦ ਕੀਤੀਆਂ ਹਨ। ਦੋਸ਼ੀਆਂ ਤੋਂ ਡੂੰਘਾਈ ਨਾਲ ਪੁੱਛਗਿੱਛ ਜਾਰੀ ਹੈ ਅਤੇ ਹੋਰ ਬਰਾਮਦਗੀ ਹੋਣ ਦੀ ਸੰਭਾਵਨਾ ਹੈ।

ਐਸ.ਪੀ. (ਇਨਵੈਸਟੀਗੇਸ਼ਨ) ਭੁੱਲਰ ਨੇ ਕਿਹਾ ਕਿ ਔਰਤਾਂ ਦੀ ਸੁਰੱਖਿਆ ਅਤੇ ਮਾਣ-ਸਨਮਾਨ ਮਾਲੇਰਕੋਟਲਾ ਪੁਲਿਸ ਦੀ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਅਜਿਹੇ ਅਪਰਾਧ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਜਾਣ-ਬੁੱਝ ਕੇ ਚੋਰੀ ਦਾ ਸੋਨਾ ਖ਼ਰੀਦਣ ਵਾਲਿਆਂ ਵਿਰੁੱਧ ਵੀ ਅਜਿਹੀ ਹੀ ਕਾਰਵਾਈ ਹੋਵੇਗੀ।

ਵਿਸ਼ਵ ਅੰਕੜਾ ਦਿਵਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਪਾਵਰਪੁਆਇੰਟ ਪੇਸ਼ਕਾਰੀ ਮੁਕਾਬਲਾ

ਫ਼ਤਹਿਗੜ੍ਹ ਸਾਹਿਬ, 29 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

: ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਗਣਿਤ ਵਿਭਾਗ ਵੱਲੋਂ ਰਾਮਾਨੁਜਨ ਗਣਿਤ ਕਲੱਬ ਦੇ ਸਹਿਯੋਗ ਨਾਲ 27 ਅਕਤੂਬਰ 2026 ਨੂੰ ਵਿਸ਼ਵ ਅੰਕੜਾ ਦਿਵਸ ਮੌਕੇ ਪਾਵਰਪੁਆਇੰਟ ਪੇਸ਼ਕਾਰੀ ਮੁਕਾਬਲਾ ਸਫਲ ਢੰਗ ਨਾਲ ਕਰਵਾਇਆ ਗਿਆ। ਇਸ ਮੁਕਾਬਲੇ ਦਾ ਉਦੇਸ਼ ਰੋਜ਼ਾਨਾ ਜੀਵਨ ਵਿੱਚ ਅੰਕੜਾ ਵਿਗਿਆਨ ਦੀ ਅਹਿਮੀਅਤ ਨੂੰ ਉਜਾਗਰ ਕਰਨਾ ਸੀ। ਮੁਕਾਬਲੇ ਦਾ ਵਿਸ਼ਾ ਗੁਣਵੱਤਾਪੂਰਨ ਅੰਕੜਿਆਂ ਅਤੇ ਸਾਰਿਆਂ ਲਈ ਡਾਟੇ ਰਾਹੀਂ ਬਦਲਾਅ ਲਿਆਉਣਾ ਸੀ। ਇਹ ਉਪਰਾਲਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਅਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਦੀ ਅਗਵਾਈ ਹੇਠ ਕਰਵਾਇਆ ਗਿਆ। ਗਣਿਤ ਵਿਭਾਗ ਦੇ ਮੁਖੀ ਡਾ. ਰਿਚਾ ਬਰਾੜ ਅਤੇ ਐਸੋਸੀਏਟ ਪ੍ਰੋਫੈਸਰ ਡਾ. ਬ੍ਰਹਮਿਤ ਕੌਰ ਨੇ ਇਸ ਉਪਰਾਲੇ ਦੇ ਪ੍ਰਬੰਧ ਵਿੱਚ ਅਹਿਮ ਭੂਮਿਕਾ ਨਿਭਾਈ।

ਉਪਰਾਲੇ ਦੀ ਸ਼ੁਰੂਆਤ ਗਣਿਤ ਵਿਭਾਗ ਦੀ ਸਹਾਇਕ ਪ੍ਰੋਫੈਸਰ ਮਿਸ ਸਿਮਰਨਜੀਤ ਕੌਰ ਵੱਲੋਂ ਡੀਨ ਅਕਾਦਮਿਕ ਮਾਮਲੇ, ਨਿਰਣਾਇਕਾਂ, ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਦੇ ਨਿੱਘੇ ਸਵਾਗਤ ਨਾਲ ਹੋਈ। ਮੁਕਾਬਲੇ ਦੀ ਪਰਖ ਡਾ. ਰਿਚਾ ਬਰਾੜ ਅਤੇ ਕਾਮਰਸ ਐਂਡ ਮੈਨੇਜਮੈਂਟ ਵਿਭਾਗ ਦੀ ਮੁਖੀ ਡਾ. ਕੰਚਨ ਵੱਲੋਂ ਕੀਤੀ ਗਈ। ਮੁਕਾਬਲੇ ਦੌਰਾਨ ਵਿਦਿਆਰਥੀਆਂ ਨੇ ਗੁਣਵੱਤਾਪੂਰਨ ਅੰਕੜਿਆਂ, ਪੁਰਾਤਨ ਸਮੇਂ ਤੋਂ ਅਜੋਕੇ ਯੁੱਗ ਤੱਕ ਅੰਕੜਾ ਵਿਗਿਆਨ ਦੇ ਵਿਕਾਸ ਅਤੇ ਅਸਲ ਜੀਵਨ ਵਿੱਚ ਇਸ ਦੀ ਵਰਤੋਂ ਬਾਰੇ ਜਾਣਕਾਰੀ ਭਰਪੂਰ ਪੇਸ਼ਕਾਰੀਆਂ ਦਿੱਤੀਆਂ। ਗਣਿਤ, ਕਾਮਰਸ ਐਂਡ ਮੈਨੇਜਮੈਂਟ ਅਤੇ ਸਿੱਖਿਆ ਵਿਭਾਗ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਵੱਖ-ਵੱਖ ਵਿਸ਼ਿਆਂ ਨਾਲ ਸੰਬੰਧਿਤ ਗਿਆਨ ਤੇ ਵਿਚਾਰਾਂ ਦੇ ਆਦਾਨ-ਪ੍ਰਦਾਨ ਦਾ ਮੌਕਾ ਪ੍ਰਾਪਤ ਕੀਤਾ। ਮੁਕਾਬਲੇ ਵਿੱਚ ਬੀ.ਬੀ.ਏ. ਸਮੈਸਟਰ ਪੰਜਵਾਂ ਦੀ ਗੁਰਕਮਲਦੀਪ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ। ਬੀ.ਐੱਸਸੀ. ਆਨਰਜ਼ ਗਣਿਤ, ਸਮੈਸਟਰ ਪਹਿਲਾ ਦੀ ਪਰਨੀਤ ਕੌਰ ਸੋਹੀ ਨੇ ਦੂਜਾ ਅਤੇ ਇਸੇ ਜਮਾਤ ਦੀ ਅਰਸ਼ਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਜੇਤੂ ਵਿਦਿਆਰਥੀਆਂ, ਭਾਗ ਲੈਣ ਵਾਲੇ ਵਿਦਿਆਰਥੀਆਂ ਅਤੇ ਗਣਿਤ ਵਿਭਾਗ ਨੂੰ ਇਸ ਸਫਲ ਉਪਰਾਲੇ ਲਈ ਵਧਾਈ ਦਿੱਤੀ। ਉਨ੍ਹਾਂ ਨੇ ਸੰਖਿਆ ਸਿਧਾਂਤ ਅਤੇ ਗਣਿਤ ਦੇ ਖੇਤਰ ਵਿੱਚ ਸ੍ਰੀਨਿਵਾਸ ਰਾਮਾਨੁਜਨ ਦੀ ਅਹਿਮ ਦੇਣ ਨੂੰ ਵੀ ਉਜਾਗਰ ਕੀਤਾ।

ਇਹ ਮੁਕਾਬਲਾ ਵਿਦਿਆਰਥੀਆਂ ਦੇ ਸੰਚਾਰ, ਪੇਸ਼ਕਾਰੀ ਅਤੇ ਹੋਰ ਅਮਲੀ ਮੁਹਾਰਤਾਂ ਨੂੰ ਨਿਖਾਰਨ ਲਈ ਇੱਕ ਅਹਿਮ ਮੰਚ ਸਾਬਤ ਹੋਇਆ। ਇਹ ਉਪਰਾਲਾ ਯੂਨੀਵਰਸਿਟੀ ਦੀ ਵੱਖ-ਵੱਖ ਵਿਸ਼ਿਆਂ ਦੇ ਗਿਆਨ ਨੂੰ ਉਤਸ਼ਾਹਿਤ ਕਰਨ, ਵਿਦਿਆਰਥੀਆਂ ਦੀ ਪ੍ਰਤਿਭਾ ਨਿਖਾਰਨ ਅਤੇ ਉਨ੍ਹਾਂ ਨੂੰ ਅਕਾਦਮਿਕ ਤੇ ਕਿੱਤਾਮੁਖੀ ਖੇਤਰਾਂ ਵਿੱਚ ਬਿਹਤਰ ਪ੍ਰਾਪਤੀਆਂ ਲਈ ਤਿਆਰ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਸਿਵਲ ਹਸਪਤਾਲ ਸੰਗਰੂਰ ਦੇ ਬੰਦ ਗੇਟ ਕਦੋਂ ਖੁੱਲ੍ਹਣਗੇ? ਕੈਂਸਰ ਹਸਪਤਾਲ ਦਾ ਮੁੱਖ ਦਰਵਾਜ਼ਾ ਬੰਦ ਹੋਣ ਕਾਰਨ ਮਰੀਜ਼ ਪ੍ਰੇਸ਼ਾਨ : ਖਾਲਸਾ

ਕੈਂਸਰ ਦੇ ਮਰੀਜ਼ਾਂ ਨੂੰ ਹਸਪਤਾਲ ਆਉਣ-ਜਾਣ ਵਿੱਚ ਹੋ ਰਹੀ ਦਿੱਕਤ; ਸਾਈਕਲ ਸਟੈਂਡ ਦੇ ਠੇਕੇਦਾਰ ਨੂੰ ਫਾਇਦਾ ਪਹੁੰਚਾਉਣ ਦੇ ਲੱਗੇ ਦੋਸ਼, ਡੀਸੀ ਅਤੇ ਸਿਹਤ ਵਿਭਾਗ ਤੋਂ ਤੁਰੰਤ ਦਖ਼ਲ ਦੀ ਮੰਗ : ਕੇਹਰ ਸਿੰਘ

ਸੰਗਰੂਰ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸੰਗਰੂਰ ਦੇ ਸਿਵਲ ਹਸਪਤਾਲ ਦੇ ਕੁਝ ਮੁੱਖ ਗੇਟ ਬੰਦ ਹੋਣ ਦਾ ਮਾਮਲਾ ਹੁਣ ਗੰਭੀਰ ਸਵਾਲ ਖੜ੍ਹੇ ਕਰਨ ਲੱਗਾ ਹੈ। ਖ਼ਾਸ ਤੌਰ 'ਤੇ ਕੈਂਸਰ ਹਸਪਤਾਲ ਦਾ ਮੁੱਖ ਦਰਵਾਜ਼ਾ ਬੰਦ ਹੋਣ ਕਾਰਨ ਇਲਾਜ ਲਈ ਆਉਣ ਵਾਲੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮਾਮਲੇ ਨੂੰ ਲੈ ਕੇ ਪੰਜਾਬ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦੀ ਕਾਰਜਪ੍ਰਣਾਲੀ 'ਤੇ ਸਵਾਲ ਉੱਠ ਰਹੇ ਹਨ। ਲੋਕਾਂ ਦੀ ਮੰਗ ਹੈ ਕਿ ਪ੍ਰਸ਼ਾਸਨ ਸਪੱਸ਼ਟ ਕਰੇ ਕਿ ਹਸਪਤਾਲ ਦੇ ਗੇਟ ਆਖ਼ਰ ਕਿਸ ਕਾਰਨ ਬੰਦ ਰੱਖੇ ਗਏ ਹਨ ਅਤੇ ਇਨ੍ਹਾਂ ਨੂੰ ਖੋਲ੍ਹਣ ਲਈ ਹੁਣ ਤੱਕ ਕੀ ਕਦਮ ਚੁੱਕੇ ਗਏ ਹਨ।

ਮਰੀਜ਼ਾਂ ਨੂੰ ਸਿਹਤ ਸਹੂਲਤਾਂ ਦੇਣ ਲਈ ਬਣਾਏ ਗਏ ਹਸਪਤਾਲ ਵਿੱਚ ਜੇਕਰ ਐਂਬੂਲੈਂਸ ਦਾਖ਼ਲ ਹੋਣ ਅਤੇ ਬਾਹਰ ਨਿਕਲਣ ਦੇ ਰਸਤੇ ਹੀ ਬੰਦ ਕਰ ਦਿੱਤੇ ਜਾਣ, ਤਾਂ ਇਸ ਦਾ ਸਿੱਧਾ ਅਸਰ ਇਲਾਜ ਲਈ ਆਉਣ ਵਾਲੇ ਲੋਕਾਂ 'ਤੇ ਪੈਂਦਾ ਹੈ। ਕੈਂਸਰ ਵਰਗੀ ਗੰਭੀਰ ਬਿਮਾਰੀ ਨਾਲ ਜੂਝ ਰਹੇ ਮਰੀਜ਼ਾਂ ਲਈ ਹਸਪਤਾਲ ਤੱਕ ਪਹੁੰਚਣਾ ਪਹਿਲਾਂ ਹੀ ਕਿਸੇ ਚੁਣੌਤੀ ਤੋਂ ਘੱਟ ਨਹੀਂ ਹੁੰਦਾ। ਅਜਿਹੇ ਵਿੱਚ ਮੁੱਖ ਦਰਵਾਜ਼ਾ ਬੰਦ ਹੋਣ ਕਾਰਨ ਜੇਕਰ ਉਨ੍ਹਾਂ ਨੂੰ ਵਾਧੂ ਦੂਰੀ ਤੈਅ ਕਰਨੀ ਪਵੇ ਜਾਂ ਦੂਜੇ ਰਸਤੇ ਰਾਹੀਂ ਹਸਪਤਾਲ ਪਹੁੰਚਣਾ ਪਵੇ, ਤਾਂ ਉਨ੍ਹਾਂ ਦੀਆਂ ਮੁਸ਼ਕਲਾਂ ਹੋਰ ਵਧ ਜਾਂਦੀਆਂ ਹਨ।

ਇਸ ਮਾਮਲੇ ਸਬੰਧੀ ਫਰੀਡਮ ਫਾਇਟਰ, ਉਤਰਾਧਿਕਾਰੀ ਸੰਸਥਾਂ ਰਜਿ 196 ਪੰਜਾਬ ਦੇ ਸਰਪ੍ਰਸਤ ਹਰਿੰਦਰ ਪਾਲ ਸਿੰਘ ਖਾਲਸਾ ਨੇ ਪ੍ਰਸ਼ਾਸਨ ਤੋਂ ਸਵਾਲ ਕੀਤਾ ਹੈ ਕਿ ਸਿਵਲ ਹਸਪਤਾਲ ਦੇ ਗੇਟ ਬੰਦ ਰੱਖਣ ਪਿੱਛੇ ਆਖ਼ਰ ਕੀ ਕਾਰਨ ਹਨ? ਉਨ੍ਹਾਂ ਮੰਗ ਕੀਤੀ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਸਬੰਧਤ ਅਧਿਕਾਰੀ ਤੁਰੰਤ ਕਾਰਵਾਈ ਕਰਨ ਅਤੇ ਗੇਟ ਖੋਲ੍ਹਣ ਲਈ ਸਮਾਂ-ਸੀਮਾ ਤੈਅ ਕੀਤੀ ਜਾਵੇ ਖਾਲਸਾ ਨੇ ਸਵਾਲ ਉਠਾਇਆ ਕਿ ਕੀ ਸਿਵਲ ਹਸਪਤਾਲ ਸੰਗਰੂਰ ਦੇ ਮੁੱਖ ਗੇਟ ਬੰਦ ਰੱਖਣ ਸਬੰਧੀ ਕੋਈ ਲਿਖਤੀ ਹੁਕਮ ਜਾਰੀ ਕੀਤਾ ਗਿਆ ਹੈ? ਜੇਕਰ ਅਜਿਹਾ ਕੋਈ ਹੁਕਮ ਹੈ, ਤਾਂ ਇਸ ਨੂੰ ਜਾਰੀ ਕਰਨ ਦਾ ਆਧਾਰ ਕੀ ਹੈ ਅਤੇ ਕੀ ਇਹ ਫ਼ੈਸਲਾ ਲੈਂਦੇ ਸਮੇਂ ਮਰੀਜ਼ਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਿਆ ਗਿਆ ਸੀ?

ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੂੰ ਇਨ੍ਹਾਂ ਸਵਾਲਾਂ ਦਾ ਸਪੱਸ਼ਟ ਜਵਾਬ ਦੇਣਾ ਚਾਹੀਦਾ ਹੈ। ਹਸਪਤਾਲ ਆਉਣ ਵਾਲੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਇਹ ਜਾਣਨ ਦਾ ਅਧਿਕਾਰ ਹੈ ਕਿ ਉਨ੍ਹਾਂ ਲਈ ਨਿਰਧਾਰਤ ਰਸਤੇ ਬੰਦ ਕਿਉਂ ਕੀਤੇ ਗਏ ਹਨ। ਜੇਕਰ ਗੇਟ ਬੰਦ ਰੱਖਣ ਪਿੱਛੇ ਕੋਈ ਪ੍ਰਸ਼ਾਸਨਿਕ, ਸੁਰੱਖਿਆ ਜਾਂ ਤਕਨੀਕੀ ਕਾਰਨ ਹੈ, ਤਾਂ ਉਸ ਦੀ ਜਾਣਕਾਰੀ ਜਨਤਕ ਕੀਤੀ ਜਾਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬੇਯਕੀਨੀ ਵਿੱਚ ਰੱਖਣ ਦੀ ਬਜਾਏ ਪ੍ਰਸ਼ਾਸਨ ਇਹ ਦੱਸੇ ਕਿ ਗੇਟ ਖੋਲ੍ਹਣ ਵਿੱਚ ਕਿਹੜੀਆਂ ਰੁਕਾਵਟਾਂ ਹਨ ਅਤੇ ਇਸ ਸਮੱਸਿਆ ਦਾ ਸਥਾਈ ਹੱਲ ਕਦੋਂ ਤੱਕ ਕੀਤਾ ਜਾਵੇਗਾ। ਸਿਰਫ਼ ਭਰੋਸੇ ਦੇਣ ਨਾਲ ਮਰੀਜ਼ਾਂ ਦੀਆਂ ਮੁਸ਼ਕਲਾਂ ਦੂਰ ਨਹੀਂ ਹੋਣਗੀਆਂ, ਸਗੋਂ ਇਸ ਲਈ ਜ਼ਮੀਨੀ ਪੱਧਰ 'ਤੇ ਠੋਸ ਕਦਮ ਚੁੱਕਣ ਦੀ ਲੋੜ ਹੈ।

ਕੈਂਸਰ ਦੇ ਮਰੀਜ਼ਾਂ ਦੀ ਪ੍ਰੇਸ਼ਾਨੀ ਨੂੰ ਅਣਗੌਲਿਆ ਕਰਨਾ ਗ਼ਲਤ

ਕੈਂਸਰ ਹਸਪਤਾਲ ਵਿੱਚ ਇਲਾਜ ਕਰਵਾਉਣ ਲਈ ਆਉਣ ਵਾਲੇ ਬਹੁਤ ਸਾਰੇ ਮਰੀਜ਼ ਸਰੀਰਕ ਤੌਰ 'ਤੇ ਕਮਜ਼ੋਰ ਹੁੰਦੇ ਹਨ। ਕਈ ਮਰੀਜ਼ਾਂ ਨੂੰ ਤੁਰਨ-ਫਿਰਨ ਵਿੱਚ ਵੀ ਮੁਸ਼ਕਲ ਆਉਂਦੀ ਹੈ, ਜਦਕਿ ਬਹੁਤ ਸਾਰੇ ਮਰੀਜ਼ਾਂ ਨੂੰ ਨਿਯਮਤ ਜਾਂਚ ਅਤੇ ਇਲਾਜ ਲਈ ਵਾਰ-ਵਾਰ ਹਸਪਤਾਲ ਆਉਣਾ ਪੈਂਦਾ ਹੈ। ਅਜਿਹੇ ਵਿੱਚ ਹਸਪਤਾਲ ਦਾ ਮੁੱਖ ਦਰਵਾਜ਼ਾ ਬੰਦ ਹੋਣ ਕਾਰਨ ਜੇਕਰ ਉਨ੍ਹਾਂ ਨੂੰ ਵਾਧੂ ਦੂਰੀ ਤੈਅ ਕਰਨੀ ਪਵੇ, ਤਾਂ ਇਹ ਉਨ੍ਹਾਂ ਲਈ ਬੇਲੋੜੀ ਮੁਸ਼ਕਲ ਦਾ ਕਾਰਨ ਬਣ ਸਕਦਾ ਹੈ। ਸਿਹਤ ਸੰਸਥਾਵਾਂ ਵਿੱਚ ਪ੍ਰਬੰਧ ਮਰੀਜ਼ਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਕੀਤੇ ਜਾਣੇ ਚਾਹੀਦੇ ਹਨ। ਬਜ਼ੁਰਗਾਂ, ਦਿਵਿਆਂਗ ਵਿਅਕਤੀਆਂ ਅਤੇ ਗੰਭੀਰ ਬਿਮਾਰੀਆਂ ਨਾਲ ਜੂਝ ਰਹੇ ਮਰੀਜ਼ਾਂ ਲਈ ਹਸਪਤਾਲ ਤੱਕ ਪਹੁੰਚਣ ਦੀ ਵਿਵਸਥਾ ਆਸਾਨ ਹੋਣੀ ਚਾਹੀਦੀ ਹੈ।

ਸਾਈਕਲ ਸਟੈਂਡ ਦੇ ਠੇਕੇਦਾਰ ਨੂੰ ਫਾਇਦਾ ਪਹੁੰਚਾਉਣ ਦੇ ਦੋਸ਼

ਸਮਾਜ ਸੇਵੀ ਸਿਖ ਆਗੂ ਸ ਕੇਹਰ ਸਿੰਘ ਨੇ ਇਸ ਮਾਮਲੇ ਵਿੱਚ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਹਸਪਤਾਲ ਦੇ ਗੇਟ ਬੰਦ ਰੱਖਣ ਦੀ ਵਿਵਸਥਾ ਨਾਲ ਸਾਈਕਲ ਸਟੈਂਡ ਦੇ ਠੇਕੇਦਾਰ ਨੂੰ ਫਾਇਦਾ ਪਹੁੰਚ ਰਿਹਾ ਹੈ। ਉਨ੍ਹਾਂ ਅਨੁਸਾਰ, ਕੈਂਸਰ ਹਸਪਤਾਲ ਵਿੱਚ ਆਉਣ ਵਾਲੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਾਈਕਲ ਸਟੈਂਡ ਦੀ ਫ਼ੀਸ ਤੋਂ ਛੋਟ ਹੈ, ਪਰ ਦੂਜਾ ਗੇਟ ਬੰਦ ਹੋਣ ਕਾਰਨ ਉਨ੍ਹਾਂ ਨੂੰ ਮਜਬੂਰਨ ਮੁੱਖ ਗੇਟ ਰਾਹੀਂ ਅੰਦਰ ਆਉਣਾ ਪੈਂਦਾ ਹੈ।

ਉਨ੍ਹਾਂ ਦੋਸ਼ ਲਾਇਆ ਕਿ ਇਸ ਸਥਿਤੀ ਵਿੱਚ ਕੈਂਸਰ ਦੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਤੋਂ ਵੀ ਵਾਹਨਾਂ ਦੀ ਪਰਚੀ ਦੇ ਨਾਂ 'ਤੇ ਫ਼ੀਸ ਵਸੂਲੀ ਜਾ ਰਹੀ ਹੈ। ਜੇਕਰ ਅਜਿਹਾ ਹੋ ਰਿਹਾ ਹੈ, ਤਾਂ ਇਹ ਮਰੀਜ਼ਾਂ ਦੀ ਸਹੂਲਤ ਅਤੇ ਫ਼ੀਸ ਵਿੱਚ ਛੋਟ ਨਾਲ ਜੁੜੇ ਨਿਯਮਾਂ ਦੀ ਪਾਲਣਾ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ।

ਕੇਹਰ ਸਿੰਘ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਨ੍ਹਾਂ ਦੋਸ਼ਾਂ ਦੀ ਨਿਰਪੱਖ ਜਾਂਚ ਕਰਵਾਈ ਜਾਵੇ। ਇਹ ਵੀ ਸਪੱਸ਼ਟ ਕੀਤਾ ਜਾਵੇ ਕਿ ਕੈਂਸਰ ਹਸਪਤਾਲ ਵਿੱਚ ਇਲਾਜ ਲਈ ਆਉਣ ਵਾਲੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਾਈਕਲ ਸਟੈਂਡ ਦੀ ਫ਼ੀਸ ਤੋਂ ਛੋਟ ਦੇਣ ਸਬੰਧੀ ਨਿਯਮਾਂ ਦੀ ਪਾਲਣਾ ਹੋ ਰਹੀ ਹੈ ਜਾਂ ਨਹੀਂ।

ਉਨ੍ਹਾਂ ਕਿਹਾ ਕਿ ਜੇਕਰ ਮਰੀਜ਼ਾਂ ਨੂੰ ਨਿਯਮਾਂ ਅਨੁਸਾਰ ਫ਼ੀਸ ਤੋਂ ਛੋਟ ਮਿਲੀ ਹੋਈ ਹੈ, ਤਾਂ ਸਿਰਫ਼ ਰਸਤਾ ਬੰਦ ਹੋਣ ਕਾਰਨ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਆਰਥਿਕ ਪ੍ਰੇਸ਼ਾਨੀ ਨਹੀਂ ਝੱਲਣੀ ਚਾਹੀਦੀ। ਪ੍ਰਸ਼ਾਸਨ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਹਸਪਤਾਲ ਦੇ ਪ੍ਰਬੰਧਾਂ ਦਾ ਲਾਭ ਮਰੀਜ਼ਾਂ ਨੂੰ ਮਿਲੇ, ਨਾ ਕਿ ਉਨ੍ਹਾਂ ਨੂੰ ਵਾਧੂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇ।

ਕੀ ਕਹਿਣਾ ਹੈ ਸਾਇਕਲ ਸਟੈਂਡ ਠੇਕੇਦਾਰ ਦਾ

ਜਦੋਂ ਇਸ ਸਬੰਧੀ ਸਾਈਕਲ ਸਟੈਂਡ ਦੇ ਠੇਕੇਦਾਰ ਦੇ ਕਰੀਦੇ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਅਸੀਂ ਕਿਸੇ ਕੈਂਸਰ ਮਰੀਜ਼ ਤੋਂ ਕੋਈ ਸਟੈਂਡ ਦੇ ਪੈਸੇ ਵਸੂਲ ਨਹੀਂ ਕਰਦੇ ਉਨ੍ਹਾਂ ਲਈ ਛੋਟ ਹੈ ਜੇਕਰ ਕੈਂਸਰ ਹਸਪਤਾਲ ਦਾ ਗੇਟ ਖੁਦ ਜਾਵੇ ਤਾਂ ਸਾਨੂੰ ਵੀ ਸਹੂਲਤ ਹੋਵੇਗੀ ਉਨ੍ਹਾਂ ਦੀ ਵੱਖਰੀ ਪੈਹਚਾਣ ਦੀ ਪਰੌਂਬਲਮ ਤੋਂ ਛੁਟਕਾਰਾ ਮਿਲੇਗਾ

ਕੀ ਕਹਿਣਾ ਹੈ ਐਸ ਐਮ ਓ ਤੇ ਸੀ ਐਮ ਓ ਸੰਗਰੂਰ ਦਾ

ਇਸ ਸਬੰਧੀ ਜਦੋਂ ਸੀ ਐਮ ਓ ਅਮਰਜੀਤ ਕੌਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਇਹ ਸਾਡੇ ਉਚ ਅਧਿਕਾਰੀਆਂ ਤੇ ਹੋਮੀ ਭਾਬਾ ਕੈਂਸਰ ਹਸਪਤਾਲ ਦੇ ਸੰਚਾਲਕਾਂ ਨਾਲ ਮੀਟਿੰਗ ਹੋਈ ਸੀ ਉਸ ਸਮੇਂ ਸਾਡੇ ਉਚ ਅਧਿਕਾਰੀਆਂ ਦੀ ਸਹਿਮਤੀ ਨਾਲ ਇਹ ਗੇਟ ਬੰਦ ਹੋਇਆ ਸੀ ।ਸੀ ਐਮ ਓ ਮੈਡਮ ਨੇ ਅਤੇ ਐਸ ਐਮ ਓ ਵਿਨੋਦ ਕੁਮਾਰ ਜੀ ਨੇ ਦੱਸਿਆ ਕਿ ਅਸੀਂ ਵੀ ਮਹਿਸੂਸ ਕਰਦੇ ਹਾਂ ਇਕ ਗੇਟ ਬੰਦ ਹੋਣ ਕਾਰਨ ਗੱਡੀਆਂ ਤੇ ਐਂਬੂਲੈਂਸਾ ਦਾ ਲੰਘਣਾ ਮੁਸ਼ਕਲ ਹੋਇਆ ਪਿਆ ਹੈ ਅਸੀਂ ਇਸ ਸਬੰਧੀ ਉਚ ਅਧਿਕਾਰੀਆਂ ਨੂੰ ਲਿਖਕੇ ਦੇ ਚੁਕੇ ਹਾਂ ਸਾਡੀ ਕੋਸ਼ਿਸ਼ ਜਾਰੀ ਹੈ ਸਾਡੇ ਆਪਣੇ ਅਧਿਕਾਰ ਖੇਤਰ ਵਿਚ ਨਹੀਂ ਬੰਦ ਕਰਨ ਦੇ ਹੁਕਮ ਉਪਰੋਂ ਹੀ ਸਨ

ਭਰਾ ਦੀ ਮੌਤ ਮਗਰੋਂ ਆਸਟਰੇਲੀਆ 'ਚ ਫ਼ਸੀ ਭਾਰਤੀ ਭੈਣ ਨੇ ਮੰਗੀ ਮਦਦ

ਸਿਡਨੀ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤ ਤੋਂ ਆਸਟਰੇਲੀਆ ਆਪਣੇ ਭਰਾ ਦੀ ਜਾਨ ਬਚਾਉਣ ਲਈ ਪਹੁੰਚੀ ਇੱਕ ਭੈਣ ਹੁਣ ਇੱਥੋਂ ਛੇਤੀ ਵਾਪਿਸ ਮੁੜਨ ਲਈ ਤਰਸ ਰਹੀ ਹੈ। ਭਾਰਤੀ ਨਾਗਰਿਕ ਸ਼ਿਪਰਾ ਸੈਣੀ ਸਾਲ 2025 'ਚ ਆਪਣੇ ਗੰਭੀਰ ਬੀਮਾਰ ਭਰਾ ਦੀ ਦੇਖਭਾਲ ਲਈ ਦਿੱਲੀ ਤੋਂ ਆਸਟਰੇਲੀਆ ਆਈ ਸੀ।

ਉਸ ਤੋਂ ਬਾਅਦ 1 ਨਵੰਬਰ 2025 ਨੂੰ ਦਿਮਾਗ਼ 'ਚ ਖ਼ੂਨ ਵਗਣ (ਬ੍ਰੇਨ ਹੈਮਰੇਜ) ਕਾਰਨ ਉਸ ਦੇ ਭਰਾ ਦੀ ਮੌਤ ਹੋ ਗਈ। ਇਸ ਦੁਖਾਂਤ ਮਗਰੋਂ ਬੈਲਾਰੈਟ ਸ਼ਹਿਰ 'ਚ ਰਹਿ ਰਹੀ ਸ਼ਿਪਰਾ ਉੱਤੇ ਭਰਾ ਦੀ ਸਮੁੱਚੀ ਜਾਇਦਾਦ ਅਤੇ ਕਾਨੂੰਨੀ ਜ਼ਿੰਮੇਵਾਰੀਆਂ ਸੰਭਾਲਣ ਦਾ ਬੋਝ ਆ ਪਿਆ। ਮੌਤ ਦਾ ਸਰਟੀਫ਼ਿਕੇਟ, ਅਦਾਲਤੀ ਪ੍ਰਵਾਨਗੀ, ਮਕਾਨ ਦੀ ਵਿਕਰੀ, ਬੈਂਕ ਖਾਤੇ ਅਤੇ ਬਕਾਇਆ ਭੁਗਤਾਨਾਂ ਵਰਗੀਆਂ ਕਾਰਵਾਈਆਂ ਅਜੇ ਅਧੂਰੀਆਂ ਹਨ।

ਚੰਡੀਗੜ੍ਹ ਪ੍ਰਸ਼ਾਸਨ ਦੇ ਇੰਜਨੀਅਰਿੰਗ ਵਿਭਾਗ ਨੇ ਸਤਰਕਤਾ ਜਾਗਰੂਕਤਾ ਸਪਤਾਹ ਦੇ ਤਹਿਤ ਸਤਿਆਨਿਸ਼ਠਾ ਦੀ ਸਹੁੰ ਚੁੱਕੀ;

ਚੰਡੀਗੜ੍ਹ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਚੰਡੀਗੜ੍ਹ ਪ੍ਰਸ਼ਾਸਨ ਦੇ ਇੰਜੀਨੀਅਰਿੰਗ ਵਿਭਾਗ ਦੁਆਰਾ ਸਤਰਕਤਾ ਜਾਗਰੂਕਤਾ ਸਪਤਾਹ 2026 ਦੇ ਤਹਿਤ ਅੱਜ 'ਸਮ੍ਰਿੱਧੀ ਲਈ ਸਤਿਆਨਿਸ਼ਠਾ' ਵਿਸ਼ੇ 'ਤੇ ਸਹੁੰ ਚੁੱਕ ਸਮਾਰੋਹ ਆਯੋਜਿਤ ਕੀਤਾ ਗਿਆ।

ਇਸ ਅਵਸਰ 'ਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਚੀਫ਼ ਇੰਜੀਨੀਅਰ,ਸ਼੍ਰੀ ਸੀ.ਬੀ.ਓਝਾ ਨੇ ਇੰਜਨੀਅਰਿੰਗ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਤਿਆਨਿਸ਼ਠਾ ਦੀ ਸਹੁੰ ਚੁਕਾਈ। ਸਾਰੇ ਪ੍ਰਤੀਭਾਗੀਆਂ ਨੇ ਆਪਣੀਆਂ ਅਧਿਕਾਰਿਤ ਜ਼ਿੰਮੇਵਾਰੀਆਂ ਨਿਭਾਉਣ ਵਿੱਚ ਇਮਾਨਦਾਰੀ,ਸਤਿਆਨਿਸ਼ਠਾ, ਪਾਰਦਰਸ਼ਤਾ ਅਤੇ ਜਵਾਬਦੇਹੀ ਦੇ ਉੱਚਤਮ ਮਿਆਰਾਂ ਦਾ ਪਾਲਨ ਕਰਨ ਦਾ ਸੰਕਲਪ ਲਿਆ।

ਇਸ ਅਵਸਰ 'ਤੇ ਸ਼੍ਰੀ ਸੀ. ਬੀ.ਓਝਾ ਨੇ ਲੋਕ ਸੇਵਾ ਵਿੱਚ ਨੈਤਿਕ ਆਚਰਣ, ਪਾਰਦਰਸ਼ਤਾ ਅਤੇ ਜਵਾਬਦੇਹੀ ਦੇ ਮਹੱਤਵ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਆਪਣੇ ਕਰਤੱਵਾਂ ਦਾ ਨਿਰਬਾਹ ਪੂਰੀ ਨਿਸ਼ਠਾ ਅਤੇ ਇਮਾਨਦਾਰੀ ਨਾਲ ਕਰਨ ਅਤੇ ਜਨਕਲਿਆਣ ਲਈ ਜਨਤਕ ਸੰਸਾਧਨਾਂ ਦਾ ਕੁਸ਼ਲ, ਪਾਰਦਰਸ਼ੀ ਅਤੇ ਜ਼ਿੰਮੇਦਾਰੀਪੂਰਨ ਉਪਯੋਗ ਸੁਨਿਸ਼ਚਿਤ ਕਰਨ ਦਾ ਸੱਦਾ ਦਿੱਤਾ।

ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਭ੍ਰਿਸ਼ਟਾਚਾਰ ਦੀ ਰੋਕਥਾਮ, ਸੁਸ਼ਾਸਨ ਨੂੰ ਹੁਲਾਰਾ ਦੇਣ ਅਤੇ ਸਰਕਾਰੀ ਕਾਰਜਪ੍ਰਣਾਲੀ ਵਿੱਚ ਇਮਾਨਦਾਰੀ ਅਤੇ ਨਿਰਪੱਖਤਾ ਦੇ ਜ਼ਰੀਏ ਜਨਤਾ ਦਾ ਵਿਸ਼ਵਾਸ ਹੋਰ ਅਧਿਕ ਮਜ਼ਬੂਤ ??ਕਰਨ ਪ੍ਰਤੀ ਆਪਣੀ ਸਮੂਹਿਕ ਪ੍ਰਤੀਬੱਧਤਾ ਦੁਹਰਾਈ।

ਇੰਜਨੀਅਰਿੰਗ ਵਿਭਾਗ ਨੇ ਸਤਰਕਤਾ ਜਾਗਰੂਕਤਾ ਸਪਤਾਹ ਦੇ ਵਿਸ਼ੇ 'ਸਮ੍ਰਿੱਧੀ ਲਈ ਸਤਿਆਨਿਸ਼ਠਾ' ਦੀ ਭਾਵਨਾ ਦੇ ਅਨੁਰੂਪ ਸਾਰੇ ਪੱਧਰਾਂ 'ਤੇ ਇਮਾਨਦਾਰੀ, ਜਵਾਬਦੇਹੀ ਅਤੇ ਨੈਤਿਕ ਕਾਰਜਪ੍ਰਣਾਲੀ ਦੇ ਸੱਭਿਆਚਾਰ ਨੂੰ ਮਜ਼ਬੂਤ ਕਰਨ ਦਾ ਆਪਣਾ ਸੰਕਲਪ ਦੁਹਰਾਇਆ।

ਹਰਿਆਣਾ ਖ਼ਬਰਨਾਮਾ

ਬੇਰੁਜ਼ਗਾਰ ਨੌਜਵਾਨਾਂ ਲਈ 1 ਨਵੰਬਰ ਤੋਂ ਸ਼ੁਰੂ ਹੋਣਗੀਆਂ ਬੇਰੁਜ਼ਗਾਰੀ ਭੱਤੇ ਲਈ ਅਰਜ਼ੀਆਂ

30 ਨਵੰਬਰ ਤੱਕ ਕਰੋ ਆਨਲਾਈਨ ਅਰਜ਼ੀ, ਮਿਲੇਗਾ 2,000 ਰੁਪਏ ਤੱਕ ਮਹੀਨਾਵਾਰ ਭੱਤਾ

ਚੰਡੀਗੜ੍ਹ, 29 ਅਕਤੂਬਰ
-ਸੰਜੀਵ ਸ਼ਰਮਾ-

ਹਰਿਆਣਾ ਸਰਕਾਰ ਸੂਬੇ ਦੇ ਪੜ੍ਹੇ-ਲਿਖੇ ਬੇਰੁਜ਼ਗਾਰ ਨੌਜਵਾਨਾਂ ਨੂੰ ਆਰਥਿਕ ਸਹਾਇਤਾ ਪ੍ਰਦਾਨ ਕਰਨ ਲਈ ਆਮ ਬੇਰੁਜ਼ਗਾਰੀ ਭੱਤਾ ਯੋਜਨਾ ਤਹਿਤ ਸਾਲ 2026-27 ਲਈ ਅਰਜ਼ੀਆਂ 1 ਨਵੰਬਰ ਤੋਂ ਲੈਣ ਜਾ ਰਹੀ ਹੈ। ਯੋਗ ਨੌਜਵਾਨ 30 ਨਵੰਬਰ 2026 ਤੱਕ ਇੰਟਰਨੈਟ ਰਾਹੀਂ ਅਰਜ਼ੀ ਦੇ ਸਕਣਗੇ। ਨਿਰਧਾਰਤ ਮਿਤੀ ਤੋਂ ਬਾਅਦ ਕੋਈ ਵੀ ਅਰਜ਼ੀ ਸਵੀਕਾਰ ਨਹੀਂ ਕੀਤੀ ਜਾਵੇਗੀ।

ਇਹ ਜਾਣਕਾਰੀ ਦਿੰਦਿਆਂ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਯੋਜਨਾ ਤਹਿਤ ਬਾਰ੍ਹਵੀਂ ਪਾਸ, ਦੋ ਸਾਲ ਦਾ ਸਰਟੀਫਿਕੇਟ ਜਾਂ ਡਿਪਲੋਮਾ ਧਾਰਕ ਨੌਜਵਾਨਾਂ ਨੂੰ 1,200 ਰੁਪਏ ਪ੍ਰਤੀ ਮਹੀਨਾ ਅਤੇ ਗ੍ਰੈਜੂਏਸ਼ਨ ਜਾਂ ਇਸ ਤੋਂ ਉੱਚੀ ਸਿੱਖਿਆ ਪ੍ਰਾਪਤ ਜਾਂ ਤਿੰਨ ਸਾਲ ਦਾ ਡਿਪਲੋਮਾ ਧਾਰਕ ਨੌਜਵਾਨਾਂ ਨੂੰ 2,000 ਰੁਪਏ ਪ੍ਰਤੀ ਮਹੀਨਾ ਬੇਰੁਜ਼ਗਾਰੀ ਭੱਤਾ ਦਿੱਤਾ ਜਾਵੇਗਾ।

ਯੋਗਤਾ ਦੀਆਂ ਸ਼ਰਤਾਂ ਬਾਰੇ ਉਨ੍ਹਾਂ ਦੱਸਿਆ ਕਿ ਬਿਨੈਕਾਰ ਦਾ ਹਰਿਆਣਾ ਦਾ ਮੂਲ ਨਿਵਾਸੀ ਹੋਣਾ ਅਤੇ 1 ਨਵੰਬਰ 2026 ਤੱਕ ਸੂਬੇ ਦੇ ਕਿਸੇ ਵੀ ਰੋਜ਼ਗਾਰ ਦਫ਼ਤਰ ਵਿੱਚ ਘੱਟੋ-ਘੱਟ ਲਗਾਤਾਰ ਤਿੰਨ ਸਾਲਾਂ ਤੋਂ ਰਜਿਸਟਰਡ ਹੋਣਾ ਲਾਜ਼ਮੀ ਹੈ।

ਬਿਨੈਕਾਰ ਦੀ ਉਮਰ 21 ਤੋਂ 35 ਸਾਲ ਦੇ ਵਿਚਕਾਰ ਹੋਣੀ ਚਾਹੀਦੀ ਹੈ। ਉਹ ਕਿਸੇ ਸੰਸਥਾ ਵਿੱਚ ਵਿਦਿਆਰਥੀ ਜਾਂ ਸਿਖਿਆਰਥੀ ਨਹੀਂ ਹੋਣਾ ਚਾਹੀਦਾ, ਨਾ ਹੀ ਸਵੈ-ਰੁਜ਼ਗਾਰ ਵਿੱਚ ਲੱਗਿਆ ਹੋਣਾ ਚਾਹੀਦਾ ਹੈ ਅਤੇ ਨਾ ਹੀ ਸਮਰੱਥ ਯੁਵਾ ਯੋਜਨਾ ਦਾ ਲਾਭਪਾਤਰੀ ਹੋਣਾ ਚਾਹੀਦਾ ਹੈ। ਇਸ ਤੋਂ ਇਲਾਵਾ, ਬਿਨੈਕਾਰ ਦੇ ਪਰਿਵਾਰ ਦੀ ਸਾਰੇ ਸਰੋਤਾਂ ਤੋਂ ਸਾਲਾਨਾ ਆਮਦਨ 3 ਲੱਖ ਰੁਪਏ ਤੋਂ ਵੱਧ ਨਹੀਂ ਹੋਣੀ ਚਾਹੀਦੀ। ਪਰਿਵਾਰ ਕੋਲ 10 ਲੱਖ ਰੁਪਏ ਤੋਂ ਵੱਧ ਮੁੱਲ ਦੀ ਰਿਹਾਇਸ਼ੀ ਜਾਂ ਵਪਾਰਕ ਜਾਇਦਾਦ ਜਾਂ 2 ਹੈਕਟੇਅਰ ਤੋਂ ਵੱਧ ਖੇਤੀਬਾੜੀ ਵਾਲੀ ਜ਼ਮੀਨ ਵੀ ਨਹੀਂ ਹੋਣੀ ਚਾਹੀਦੀ। ਇੱਛੁਕ ਨੌਜਵਾਨ ਵਿਭਾਗ ਦੀ ਵੈੱਬਸਾਈਟ hrex.gov.in ’ਤੇ ਜਾ ਕੇ ਅਰਜ਼ੀ ਦੇ ਸਕਦੇ ਹਨ। ਅਰਜ਼ੀ ਦੇ ਸਮੇਂ ਪਰਿਵਾਰ ਪਛਾਣ ਪੱਤਰ, ਆਧਾਰ ਕਾਰਡ, ਆਧਾਰ ਨਾਲ ਜੁੜੀ ਬੈਂਕ ਪਾਸਬੁੱਕ, ਵਿੱਦਿਅਕ ਯੋਗਤਾ ਦੇ ਸਰਟੀਫਿਕੇਟ, ਰਿਹਾਇਸ਼ੀ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਮਾਲ ਅਧਿਕਾਰੀ ਵੱਲੋਂ ਤਸਦੀਕ ਕੀਤਾ ਜਾਇਦਾਦ ਸਬੰਧੀ ਹਲਫ਼ਨਾਮਾ ਅਤੇ ਸਵੈ-ਘੋਸ਼ਣਾ ਪੱਤਰ ਨੱਥੀ ਕਰਨਾ ਲਾਜ਼ਮੀ ਹੈ। ਵਿਆਹੀਆਂ ਮਹਿਲਾ ਬਿਨੈਕਾਰਾਂ ਨੂੰ ਸਹੁਰੇ ਪਰਿਵਾਰ ਦਾ ਰਾਸ਼ਨ ਕਾਰਡ ਵੀ ਪੇਸ਼ ਕਰਨਾ ਹੋਵੇਗਾ।

ਉਨ੍ਹਾਂ ਦੱਸਿਆ ਕਿ ਵਿਭਾਗੀ ਨਿਯਮਾਂ ਅਤੇ ਸ਼ਰਤਾਂ ਨੂੰ ਪੂਰਾ ਕਰਨ ਵਾਲੇ ਨੌਜਵਾਨ ਆਖਰੀ ਮਿਤੀ ਦੀ ਉਡੀਕ ਕੀਤੇ ਬਿਨਾਂ ਸਮੇਂ ਸਿਰ ਵੈੱਬਸਾਈਟ ’ਤੇ ਰਜਿਸਟ੍ਰੇਸ਼ਨ ਅਤੇ ਅਰਜ਼ੀ ਦੇਣਾ ਯਕੀਨੀ ਬਣਾਉਣ, ਤਾਂ ਜੋ ਉਹ ਯੋਜਨਾ ਦੇ ਲਾਭ ਤੋਂ ਵਾਂਝੇ ਨਾ ਰਹਿਣ।

ਹਰਿਆਣਾ ਵਿੱਚ ਗੰਨੇ ਦੇ ਕਿਸਾਨਾਂ ਨੂੰ ਮਸ਼ੀਨੀਕਰਨ ਅਤੇ ਆਧੁਨਿਕ ਖੇਤੀਬਾੜੀ ਯੰਤਰਾਂ ਦਾ ਮਿਲ ਰਿਹਾ ਹੈ ਲਾਭ

ਚੰਡੀਗੜ੍ਹ, 29 ਅਕਤੂਬਰ
-ਸੰਜੀਵ ਸ਼ਰਮਾ-

ਹਰਿਆਣਾ ਵਿੱਚ ਗੰਨਾ ਤਕਨੀਕੀ ਉਦੇਸ਼ ਪ੍ਰੋਜੈਕਟ (ਗੰਨੇ ਸਬੰਧੀ ਤਕਨਾਲੋਜੀ ਮਿਸ਼ਨ) ਦੇ ਤਹਿਤ ਸਾਲ 2026-27 ਦੌਰਾਨ ਗੰਨੇ ਦੇ ਕਿਸਾਨਾਂ ਨੂੰ ਮਸ਼ੀਨੀਕਰਨ ਅਤੇ ਆਧੁਨਿਕ ਖੇਤੀਬਾੜੀ ਯੰਤਰਾਂ ਦਾ ਲਾਭ ਪ੍ਰਦਾਨ ਕੀਤਾ ਜਾ ਰਿਹਾ ਹੈ। ਇਸ ਲਈ ਕਿਸਾਨ 31 ਅਕਤੂਬਰ, 2026 ਤੱਕ ਆਪਣੀ ਆਨਲਾਈਨ ਅਰਜ਼ੀ ਦੇ ਸਕਦੇ ਹਨ।

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਯੋਜਨਾ ਤਹਿਤ ਕਿਸਾਨ ਪਾਵਰ ਓਪਰੇਟਿਡ ਗੰਨਾ ਸੈੱਟ ਟ੍ਰੀਟਮੈਂਟ ਉਪਕਰਣ (30-120 ਲੀਟਰ ਸਮਰੱਥਾ), ਪਾਵਰ ਵੀਡਰ (ਇੰਜਣ ਨਾਲ ਚੱਲਣ ਵਾਲਾ, 5 ਤੋਂ 7.5 ਬੀਐਚਪੀ ਤੱਕ), ਗੰਨਾ ਰਟੂਨ ਪ੍ਰਬੰਧਕ, ਚੌੜੀਆਂ ਕਤਾਰਾਂ ਵਾਲਾ ਰਿਜਰ, ਰੋਟਾਵੇਟਰ (4 ਫੁੱਟ), ਟਰੈਕਟਰ ਨਾਲ ਚੱਲਣ ਵਾਲਾ ਸਪਰੇਅਰ, ਸਬਸੋਇਲਰ/ਚਿਜ਼ਲਰ, ਗੰਨਾ ਕਟਰ/ਸਟ੍ਰਿਪਰ/ਪਲਾਂਟਰ ਅਤੇ ਮਿੰਨੀ ਟਰੈਕਟਰ ਵਰਗੇ ਆਧੁਨਿਕ ਖੇਤੀਬਾੜੀ ਯੰਤਰਾਂ ਦਾ ਲਾਭ ਪ੍ਰਾਪਤ ਕਰ ਸਕਦੇ ਹਨ। ਇਨ੍ਹਾਂ ਖੇਤੀਬਾੜੀ ਯੰਤਰਾਂ ਦਾ ਲਾਭ ਲੈਣ ਦੇ ਚਾਹਵਾਨ ਕਿਸਾਨ ਵਿਭਾਗ ਦੀ ਅਧਿਕਾਰਤ ਵੈਬਸਾਈਟ www.agriharyana.gov.in ’ਤੇ ਜਾ ਕੇ 31 ਅਕਤੂਬਰ, 2026 ਤੱਕ ਆਪਣੀ ਆਨਲਾਈਨ ਅਰਜ਼ੀ ਦੇ ਸਕਦੇ ਹਨ।

ਬੁਲਾਰੇ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਉਠਾਉਣ। ਯੋਜਨਾ ਸਬੰਧੀ ਵਿਸਤ੍ਰਿਤ ਜਾਣਕਾਰੀ ਅਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਵਿਭਾਗ ਦੀ ਵੈੱਬਸਾਈਟ ’ਤੇ ਉਪਲਬਧ ਹਨ।

ਚੇਅਰਮੈਨ ਗੁਰਦੇਵ ਸਿੰਘ ਟਿਵਾਣਾ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਦੇ ਹਾਊਸ ਦੀ ਵਿਸ਼ੇਸ਼ ਮੀਟਿੰਗ ਦੌਰਾਨ ਵਿਕਾਸ ਕਾਰਜਾਂ ਦਾ ਜਾਇਜ਼ਾ

ਪਟਿਆਲਾ, 29 ਅਕਤੂਬਰ
-ਛਤਰਪਾਲ ਸਿੰਘ-

ਜ਼ਿਲ੍ਹਾ ਪ੍ਰੀਸ਼ਦ ਪਟਿਆਲਾ ਦੇ ਹਾਊਸ ਦੀ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਗੁਰਦੇਵ ਸਿੰਘ ਟਿਵਾਣਾ ਦੀ ਪ੍ਰਧਾਨਗੀ ਹੇਠ ਹੋਈ।ਚੇਅਰਮੈਨ ਟਿਵਾਣਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਵੱਖ-ਵੱਖ ਵਿਭਾਗਾਂ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦੀ ਸਮੀਖਿਆ ਕੀਤੀ ਗਈ। ਇਸ ਦੇ ਨਾਲ ਹੀ ਜ਼ਿਲ੍ਹਾ ਪ੍ਰੀਸ਼ਦ ਪਟਿਆਲਾ ਵੱਲੋਂ 15ਵੇਂ ਵਿੱਤ ਕਮਿਸ਼ਨ ਤਹਿਤ ਪ੍ਰਾਪਤ ਗ੍ਰਾਂਟ ਨਾਲ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਦੀ ਵੀ ਵਿਸ਼ੇਸ਼ ਤੌਰ ’ਤੇ ਸਮੀਖਿਆ ਕੀਤੀ ਗਈ। ਉਨ੍ਹਾਂ ਦੱਸਿਆ ਕਿ ਜਿਹੜੇ ਵਿਕਾਸ ਕਾਰਜ ਹਾਲੇ ਮੁਕੰਮਲ ਹੋਣੇ ਬਾਕੀ ਹਨ, ਉਨ੍ਹਾਂ ਨੂੰ ਨਿਰਧਾਰਤ ਸਮਾਂ-ਸੀਮਾ ਅੰਦਰ ਪੂਰਾ ਕਰਨ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ।ਚੇਅਰਮੈਨ ਗੁਰਦੇਵ ਸਿੰਘ ਟਿਵਾਣਾ ਨੇ ਸਮੂਹ ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਨੂੰ ਕਿਹਾ ਕਿ ਭਵਿੱਖ ਵਿੱਚ 16ਵੇਂ ਵਿੱਤ ਕਮਿਸ਼ਨ ਤਹਿਤ ਜ਼ਿਲ੍ਹੇ ਨੂੰ ਪ੍ਰਾਪਤ ਹੋਣ ਵਾਲੀ ਗ੍ਰਾਂਟ ਦੇ ਮੱਦੇਨਜ਼ਰ ਉਹ ਆਪੋ-ਆਪਣੇ ਜ਼ੋਨਾਂ ਅਧੀਨ ਆਉਂਦੇ ਪਿੰਡਾਂ ਵਿੱਚ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਦੀ ਸ਼ਨਾਖਤ ਕਰਕੇ ਉਨ੍ਹਾਂ ਦੀਆਂ ਤਜਵੀਜ਼ਾਂ ਪਹਿਲਾਂ ਹੀ ਤਿਆਰ ਕਰ ਲੈਣ, ਤਾਂ ਜੋ ਫੰਡ ਉਪਲਬਧ ਹੋਣ ’ਤੇ ਸਬੰਧਤ ਕੰਮਾਂ ਲਈ ਬਿਨਾਂ ਕਿਸੇ ਦੇਰੀ ਦੇ ਗ੍ਰਾਂਟ ਜਾਰੀ ਕੀਤੀ ਜਾ ਸਕੇ।

ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰੀਸ਼ਦ ਦੇ ਮੈਂਬਰਾਂ ਤੋਂ ਇਲਾਵਾ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਹਰਪਾਲ ਸਿੰਘ ਵਿਰਕ, ਵਾਈਸ ਚੇਅਰਪਰਸਨ ਬਿੰਦਰ ਕੌਰ, ਬਲਾਕ ਸੰਮਤੀ ਭੁਨਰਹੇੜੀ ਦੇ ਚੇਅਰਮੈਨ ਚਰਨਜੀਤ ਸਿੰਘ, ਰਾਜਪੁਰਾ ਦੇ ਚੇਅਰਮੈਨ ਬਲਵਿੰਦਰ ਸਿੰਘ, ਪਟਿਆਲਾ ਦਿਹਾਤੀ ਬਲਾਕ ਸੰਮਤੀ ਦੇ ਚੇਅਰਮੈਨ ਗੁਰਵਿੰਦਰ ਸਿੰਘ, ਬਲਾਕ ਸੰਮਤੀ ਪਾਤੜਾਂ ਦੀ ਚੇਅਰਪਰਸਨ ਪਰਮਜੀਤ ਕੌਰ, ਬਲਾਕ ਸੰਮਤੀ ਘਨੌਰ ਦੀ ਚੇਅਰਪਰਸਨ ਗੁਰਦੀਪ ਕੌਰ ਅਤੇ ਬਲਾਕ ਸੰਮਤੀ ਪਟਿਆਲਾ ਦੀ ਚੇਅਰਪਰਸਨ ਸਰਬਜੀਤ ਕੌਰ ਹਾਜ਼ਰ ਸਨ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਦੇ ਡਿਪਟੀ ਸੀਈਓ ਅਮਨਦੀਪ ਕੌਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

ਦਿੱਲੀ-ਐੱਨ ਸੀ ਆਰ ’ਚ ਪਟਾਕਿਆਂ ਬਾਰੇ ਸੁਪਰੀਮ ਕੋਰਟ ਵੱਲੋਂ ਫ਼ੈਸਲਾ ਰਾਖਵਾਂ

ਨਵੀਂ ਦਿੱਲੀ, 29 ਅਕਤੂਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

: ਸੁਪਰੀਮ ਕੋਰਟ ਨੇ ਦਿੱਲੀ ਅਤੇ ਕੌਮੀ ਰਾਜਧਾਨੀ ਖੇਤਰ (ਐਨ ਸੀ ਆਰ) ਵਿੱਚ ਪਟਾਕੇ ਚਲਾਉਣ ’ਤੇ ਪਾਬੰਦੀ ਅਤੇ ਇਸ ਨਾਲ ਜੁੜੇ ਨਿਯਮਾਂ ਬਾਰੇ ਆਪਣਾ ਫ਼ੈਸਲਾ ਰਾਖਵਾਂ ਰੱਖ ਲਿਆ ਹੈ।

ਸੁਣਵਾਈ ਦੌਰਾਨ ਅਦਾਲਤ ਨੇ ਕਿਹਾ ਕਿ ਉਹ ਹਰ ਸਾਲ ਦੀਵਾਲੀ ਮੌਕੇ ਪਟਾਕੇ ਚਲਾਉਣ ਸਬੰਧੀ ਨਿਰਦੇਸ਼ ਜਾਰੀ ਕਰਦੇ ਹਨ ਪਰ ਇਸ ਦੇ ਬਾਵਜੂਦ ਪਟਾਕੇ ਚਲਾਏ ਜਾਂਦੇ ਹਨ ਅਤੇ ਹਵਾ ਪ੍ਰਦੂਸ਼ਣ ਦੀ ਸਮੱਸਿਆ ਬਣੀ ਰਹਿੰਦੀ ਹੈ।

ਅਦਾਲਤ ਨੇ ਕਿਹਾ ਕਿ ਸਿਰਫ਼ ਪਾਬੰਦੀਆਂ ਲਾਉਣ ਅਤੇ ਨਿਰਦੇਸ਼ ਜਾਰੀ ਕਰਨ ਨਾਲ ਸਮੱਸਿਆ ਦਾ ਹੱਲ ਨਹੀਂ ਹੋ ਰਿਹਾ। ਇਨ੍ਹਾਂ ਹੁਕਮਾਂ ਦੀ ਪਾਲਣਾ ਯਕੀਨੀ ਬਣਾਉਣ ਦੇ ਨਾਲ-ਨਾਲ ਲੋਕਾਂ ਨੂੰ ਜਾਗਰੂਕ ਕਰਨਾ ਵੀ ਜ਼ਰੂਰੀ ਹੈ। ਦੀਵਾਲੀ ਦੌਰਾਨ ਪਟਾਕਿਆਂ ਦੀ ਵਰਤੋਂ ਕਾਰਨ ਦਿੱਲੀ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਹਵਾ ਦੀ ਗੁਣਵੱਤਾ ਪ੍ਰਭਾਵਿਤ ਹੁੰਦੀ ਹੈ।

ਸੁਪਰੀਮ ਕੋਰਟ ਨੇ ਸੁਝਾਅ ਦਿੱਤਾ ਕਿ ਲੋਕਾਂ ਨੂੰ ਪਟਾਕੇ ਨਾ ਚਲਾਉਣ ਲਈ ਪ੍ਰੇਰਿਤ ਕਰਨ ਵਾਸਤੇ ਵੱਡੀਆਂ ਅਤੇ ਪ੍ਰਭਾਵਸ਼ਾਲੀ ਹਸਤੀਆਂ ਨੂੰ ਜਾਗਰੂਕਤਾ ਮੁਹਿੰਮ ਵਿੱਚ ਸ਼ਾਮਲ ਕੀਤਾ ਜਾ ਸਕਦਾ ਹੈ। ਵਿਰਾਟ ਕੋਹਲੀ ਵਰਗੀਆਂ ਉੱਘੀਆਂ ਹਸਤੀਆਂ ਆਪਣੇ ਪ੍ਰਸ਼ੰਸਕਾਂ ਅਤੇ ਆਮ ਲੋਕਾਂ ਨੂੰ ਪਟਾਕਿਆਂ ਦੀ ਵਰਤੋਂ ਤੋਂ ਬਚਣ ਦਾ ਸੁਨੇਹਾ ਦੇ ਸਕਦੀਆਂ ਹਨ।

ਅਦਾਲਤ ਦਾ ਕਹਿਣਾ ਸੀ ਕਿ ਜਦੋਂ ਹਰ ਸਾਲ ਨਿਰਦੇਸ਼ ਜਾਰੀ ਕਰਨ ਦੇ ਬਾਵਜੂਦ ਉਨ੍ਹਾਂ ਦੀ ਉਲੰਘਣਾ ਹੁੰਦੀ ਹੈ ਤਾਂ ਲੋਕਾਂ ਦੇ ਵਿਹਾਰ ਵਿੱਚ ਤਬਦੀਲੀ ਲਿਆਉਣ ਲਈ ਜਾਗਰੂਕਤਾ ਪੈਦਾ ਕਰਨ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ।

ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਉਣ ਦੀ ਲੋੜ

ਦਿੱਲੀ-ਐਨਸੀਆਰ ਵਿੱਚ ਹਵਾ ਪ੍ਰਦੂਸ਼ਣ ਲੰਮੇ ਸਮੇਂ ਤੋਂ ਗੰਭੀਰ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ। ਦੀਵਾਲੀ ਦੌਰਾਨ ਪਟਾਕਿਆਂ ਦੀ ਵਰਤੋਂ ਨਾਲ ਇਹ ਸਮੱਸਿਆ ਹੋਰ ਵਧ ਸਕਦੀ ਹੈ। ਸੁਪਰੀਮ ਕੋਰਟ ਨੇ ਇਸ ਮਾਮਲੇ ’ਤੇ ਸੁਣਵਾਈ ਤੋਂ ਬਾਅਦ ਫ਼ੈਸਲਾ ਰਾਖਵਾਂ ਰੱਖ ਲਿਆ ਹੈ।

ਅਦਾਲਤ ਦੇ ਅੰਤਿਮ ਫ਼ੈਸਲੇ ਨਾਲ ਪਟਾਕਿਆਂ ਦੀ ਵਰਤੋਂ ਸਬੰਧੀ ਅਗਲੇ ਕਦਮਾਂ ਬਾਰੇ ਸਥਿਤੀ ਸਪੱਸ਼ਟ ਹੋਵੇਗੀ।

ਖੇਡ ਮੈਦਾਨ ਨੂੰ ਸਹੂਲਤਾਂ ਦੇ ਨਾਲ ਲੈਸ ਕੀਤਾ ਜਾਵੇਗਾ : ਵਿਧਾਇਕ ਲਖਬੀਰ ਸਿੰਘ ਰਾਏ

ਫ਼ਤਹਿਗੜ੍ਹ ਸਾਹਿਬ, 29 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਵਿਧਾਇਕ ਲਖਬੀਰ ਸਿੰਘ ਰਾਏ ਮਾਤਾ ਸੁੰਦਰੀ ਸਕੂਲ ਫਤਿਹਗੜ੍ਹ ਸਾਹਿਬ ਦੇ ਖੇਡ ਮੈਦਾਨ ਵਿਖੇ ਪਹੁੰਚੇ, ਉਹਨਾਂ ਜਿੱਥੇ ਸਾਢੇ 8 ਲੱਖ ਰੁਪਏ ਦੀ ਲਾਗਤ ਦੇ ਨਾਲ ਇੱਕ ਹਾਲ ਅਤੇ ਬਾਥਰੂਮ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ, ਉੱਥੇ ਹੀ ਖੇਡ ਮੈਦਾਨ ਨੂੰ ਸਹੂਲਤਾਂ ਦੇ ਨਾਲ ਲੈਸ ਕਰਨ ਦਾ ਵੀ ਭਰੋਸਾ ਦਿੱਤਾ।

ਉਨਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬਾਬਾ ਫਤਿਹ ਸਿੰਘ ਫੁਟਬਾਲ ਕਲੱਬ ਅਤੇ ਅਕੈਡਮੀ ਫਤਿਹਗੜ੍ਹ ਸਾਹਿਬ ਵੱਲੋਂ ਹਰ ਸਾਲ ਟੂਰਨਾਮੈਂਟ ਕਰਵਾਇਆ ਜਾਂਦਾ ਹੈ। ਜਿੱਥੇ ਦੇਸ਼ ਭਰ ਤੋਂ ਟੀਮਾਂ ਖੇਡਣ ਦੇ ਲਈ ਪਹੁੰਚਦੀਆਂ ਹਨ। ਇਹਨਾਂ ਦਾ ਇਹ ਉਪਰਾਲਾ ਨੌਜਵਾਨ ਪੀੜੀ ਦੇ ਲਈ ਬਹੁਤ ਹੀ ਸਾਰਥਕ ਸਿੱਧ ਹੋ ਰਿਹਾ ਹੈ। ਜਿਹੜਾ ਨੌਜਵਾਨ ਪੀੜੀ ਨੂੰ ਸਮਾਜਿਕ ਕੁਰੀਤੀਆਂ ਤੋਂ ਬਚਾਉਣ ਦੇ ਲਈ ਲਾਹੇਮੰਦ ਸਾਬਿਤ ਹੋਇਆ ਹੈ।

ਉਹਨਾਂ ਕਿਹਾ ਕਿ ਪੰਜਾਬ ਸਰਕਾਰ ਖੇਡ ਮੈਦਾਨਾਂ ਨੂੰ ਸਵਾਰਨ ਦੇ ਲਈ ਲਗਾਤਾਰ ਯਤਨਸ਼ੀਲ ਹੈ, ਜਿਸ ਦੇ ਤਹਿਤ ਪਿੰਡਾਂ ਦੇ ਵਿੱਚ ਵੀ ਵੱਡੇ ਵੱਡੇ ਖੇਡ ਮੈਦਾਨ ਉਸਾਰੇ ਗਏ ਹਨ ਤਾਂ ਜੋ ਨੌਜਵਾਨ ਪੀੜੀ ਨੂੰ ਨਸ਼ੇ ਵਰਗੀਆਂ ਬੁਰਾਈਆਂ ਤੋਂ ਬਚਾ ਕੇ ਖੇਡ ਮੈਦਾਨਾਂ ਵੱਲ ਮੋੜਿਆ ਜਾ ਸਕੇ। ਮਾਤਾ ਸੁੰਦਰੀ ਸਕੂਲ ਵਿਖੇ ਵੀ ਬਹੁਤ ਸੋਹਣਾ ਖੇਡ ਗਰਾਊਂਡ ਹੈ, ਪ੍ਰੰਤੂ ਸਹੂਲਤਾਂ ਦੀ ਕਾਫੀ ਘਾਟ ਹੈ।

ਉਹਨਾਂ ਦੀ ਕੋਸ਼ਿਸ਼ ਹੋਵੇਗੀ ਕਿ ਉਕਤ ਗਰਾਊਂਡ ਨੂੰ ਆਧੁਨਿਕ ਸਹੂਲਤਾਂ ਦੇ ਨਾਲ ਲੈਸ ਕੀਤਾ ਜਾ ਸਕੇ। ਇਸ ਕਾਰਜ ਤੋਂ ਪਹਿਲਾਂ ਉਹ ਖੇਡ ਮੈਦਾਨ ਦੀ ਚਾਰ ਦੀਵਾਰੀ ਕਰਵਾ ਚੁੱਕੇ ਹਨ।

ਇਸ ਮੌਕੇ ਜਗਦੀਪ ਸਿੰਘ ਗੁਰਾਇਆ, ਮਨਵੀਰ ਸ਼ਰਮਾ, ਸਤਬੀਰ ਸਿੰਘ ਕੋਚ ਨੇ ਵਿਧਾਇਕ ਲਖਬੀਰ ਸਿੰਘ ਰਾਏ ਦਾ ਕਲੱਬ ਨੂੰ ਸਹਿਯੋਗ ਦੇਣ ਦੇ ਲਈ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਕਰਮਜੀਤ ਬੱਬੂ, ਨਿਰਮਲ ਸਿੰਘ ਗੋਲਡੀ ਸਬ ਇੰਸਪੈਕਟਰ,ਸਮਾਜ ਸੇਵਕ ਜਗਦੀਪ ਗੁਰਾਇਆ ਅੱਤੇਵਾਲੀ, ਵਿਕਰਾਂਤ ਧੀਮਾਨ, ਗੁਰਜਿੰਦਰ ਸਿੰਘ, ਮੈਡਮ ਚਰਨਜੀਤ ਕੌਰ, ਪ੍ਰਿੰਸੀਪਲ ਗੁਰਮੀਤ ਕੌਰ, ਹਰਵਿੰਦਰ ਕੌਰ, ਕਰਮਜੀਤ ਚੀਮਾ ਕੋਟਲਾ ਬਜਵਾੜਾ, ਮਨਵੀਰ ਆਸਟ੍ਰੇਲੀਆ, ਮਨਿੰਦਰਜੀਤ ਚੀਮਾ, ਰਾਜੂ ਢੀਂਡਸਾ, ਦੀਪੀ ਸਰਹਿੰਦ, ਸੁਖਬੀਰ ਸ਼ਰਮਾ, ਐਡਵੋਕੇਟ ਗੁਰਮੀਤ ਬਾਜਵਾ, ਪ੍ਰਿਤਪਾਲ ਜੱਸੀ, ਹਰਵਿੰਦਰ ਕਾਕਾ ਬਹਾਦਰਗੜ੍ਹ, ਸਰਪ੍ਰੀਤ ਸਿੰਘ, ਜਤਿੰਦਰ ਸਿੰਘ, ਰਮੇਸ਼ ਕੁਮਾਰ ਸੋਨੂ, ਸਤਵੀਰ ਸਿੰਘ ਕੋਚ,ਮਨਿੰਦਰਜੀਤ ਚੀਮਾ, ਰਾਜੂ ਢੀਂਡਸਾ, ਦੀਪੀ ਸਰਹਿੰਦ, ਸੁਖਬੀਰ ਸ਼ਰਮਾ, ਐਡਵੋਕੇਟ ਗੁਰਮੀਤ ਬਾਜਵਾ, ਪ੍ਰਿਤਪਾਲ ਜੱਸੀ, ਰੋਬਿਨ ਸਿੰਘ, ਜਗਦੀਪ ਟਿਵਾਣਾ, ਰੌਕੀ ਲੰਬੜਦਾਰ ਆਦਮੀ ਹਾਜ਼ਰ ਸਨ।

ਲੱਖਾ ਸਿਧਾਣਾ ਤੇ ਮੋਹਣਜੀਤ ਸ਼ੇਰੋਂ ਨੂੰ ਚਾਰ ਦਿਨ ਦੇ ਪੁਲਿਸ ਰਿਮਾਂਡ ’ਤੇ ਭੇਜਿਆ

ਮਾਨਸਾ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮਾਨਸਾ ਵਿਚ ਪਰਵਿੰਦਰ ਸਿੰਘ ਝੋਟਾ ਦੇ ਇਨਸਾਫ਼ ਲਈ ਲੱਗੇ ਧਰਨੇ ਨੇੜਿਓ ਪੁਲੀਸ ਵੱਲੋਂ ਹਿਰਾਸਤ ਵਿੱਚ ਲਏ ਵਾਰਿਸ ਪੰਜਾਬ ਦੇ ਆਗੂ ਲੱਖਾ ਸਿਧਾਣਾ ਅਤੇ ਮੋਹਣਜੀਤ ਸ਼ੇਰੋਂ ਨੂੰ ਅਦਾਲਤ ਨੇ ਅੱਜ ਚਾਰ ਦਿਨ ਦੇ ਪੁਲੀਸ ਰਿਮਾਂਡ ’ਤੇ ਭੇਜ ਦਿੱਤਾ ਗਿਆ। ਜਾਣਕਾਰੀ ਅਨੁਸਾਰ ਦੋਵਾਂ ਨੂੰ ਮਾਨਸਾ ਵਿਚ ਡਿਊਟੀ ਮੈਜਿਸਟਰੇਟ ਅੰਕਿਤ ਐਰੀ ਦੀ ਕੋਠੀ ਵਿਚ ਵੀਡੀਓ ਕਾਨਫਰੰਸ ਰਾਹੀਂ ਪੇਸ਼ ਕੀਤਾ ਗਿਆ, ਜਿਨ੍ਹਾਂ ਦਾ ਥਾਣਾ ਸਿਟੀ-2 ਮਾਨਸਾ ਦੀ ਪੁਲੀਸ ਨੇ ਰਿਮਾਂਡ ਹਾਸਲ ਕੀਤਾ ਗਿਆ ਹੈ। ਇਸ ਦੀ ਪੁਸ਼ਟੀ ਇੱਕ ਸੀਨੀਅਰ ਪੁਲੀਸ ਅਧਿਕਾਰੀ ਵੱਲੋਂ ਕੀਤੀ ਗਈ ਹੈ।

ਜਾਣਕਾਰੀ ਅਨੁਸਾਰ ਇੱਥੇ ਦੋ ਦਿਨ ਪਹਿਲਾਂ ਡੀ ਸੀ ਦੀ ਰਿਹਾਇਸ਼ ਸਾਹਮਣੇ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਲੱਖਾ ਸਿਧਾਣਾ ਨੂੰ ਪੁਲੀਸ ਨੇ ਜਬਰੀ ਚੁੱਕ ਲਿਆ ਸੀ। ਕੁਝ ਨੌਜਵਾਨਾਂ ਨੇ ਭਾਵੇਂ ਉਸ ਦੀ ਮਦਦ ਕਰਨੀ ਚਾਹੀ, ਪਰ ਸਿਵਲ ਵਰਦੀ ’ਚ ਪੁੱਜੀ ਪੁਲੀਸ ਨੇ ਉਸ ਨੂੰ ਧੂਹ ਕੇ ਗੱਡੀ ਵਿੱਚ ਸੁੱਟ ਲਿਆ ਜਦਕਿ ਹੋਰ ਨੌਜਵਾਨਾਂ ਨੂੰ ਪੁਲੀਸ ਧੱਕੇ ਨਾਲ ਗੱਡੀਆਂ ਵਿੱਚ ਲੈ ਗਈ। ਦੂਜੇ ਪਾਸੇ, ਲੱਖਾ ਸਿਧਾਣਾ ਨੂੰ ਹਿਰਾਸਤ ਵਿੱਚ ਲੈਣ ਤੋਂ ਬਾਅਦ ਪਰਵਿੰਦਰ ਸਿੰਘ ਝੋਟਾ ਦੇ ਪਿਤਾ ਭੀਮ ਸਿੰਘ ਫ਼ੌਜੀ ਨੇ ਪੰਜਾਬ ਦੇ ਲੋਕਾਂ ਨੂੰ ਤੁਰੰਤ ਧਰਨੇ ਵਿੱਚ ਪੁੱਜਣ ਦੀ ਅਪੀਲ ਕੀਤੀ ਸੀ। ਐਕਸ਼ਨ ਕਮੇਟੀ ਦੇ ਮੀਡੀਆ ਇੰਚਾਰਜ ਹਰਦੀਪ ਸਿੰਘ ਸਿੱਧੂ ਨੇ ਦੱਸਿਆ ਸੀ ਕਿ ਪੁਲੀਸ ਵੱਲੋਂ ਸਟੂਡੈਂਟਸ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਅਰਵਿੰਦਰ ਕੌਰ, ਸੁਰਜੀਤ ਸਿੰਘ ਭੰਮੇ ਕਲਾਂ, ਨਸ਼ੇ ਦੀ ਓਵਰਡੋਜ਼ ਕਾਰਨ ਮਾਰੇ ਗਏ ਦਲਜੀਤ ਸਿੰਘ ਦੇ ਭਰਾ ਗੁਰਜੀਤ ਸਿੰਘ, ਮੱਘਰ ਸਿੰਘ ਅਤਲਾ ਕਲਾਂ, ਸਤਿਨਾਮ ਸਿੰਘ ਝੁਨੀਰ, ਗੁਰਤੇਜ ਸਿੰਘ ਝੁਨੀਰ, ਪ੍ਰਭਜੋਤ ਸਿੰਘ ਖਾਰਾ, ਗੁਰਮੀਤ ਸਿੰਘ ਭੰਮੇ ਕਲਾਂ, ਗੁਰਕੀਰਤਨ ਸਿੰਘ ਕੋਟਧਰਮੂ, ਮੱਖਣ ਸਿੰਘ ਭੰਮੇ ਕਲਾਂ, ਗੁਰਵਿੰਦਰ ਸਿੰਘ ਭੰਮੇ ਕਲਾਂ, ਸਤਿਨਾਮ ਸਿੰਘ ਤਿਲੋਕੇਵਾਲਾ ਸਿਰਸਾ, ਅਕਾਲੀ ਦਲ ਵਾਰਿਸ ਪੰਜਾਬ ਦੇ ਅਵਤਾਰ ਸਿੰਘ ਜਵਾਹਰਕੇ, ਜਗਮੀਤ ਸਿੰਘ ਭੰਮੇ ਕਲਾਂ, ਗੁਰਜੀਤ ਸਿੰਘ ਤਿਲੋਕੇਵਾਲਾ ਸਿਰਸਾ, ਮ੍ਰਿਤਕ ਦੇ ਪਿਤਾ ਡਾਕਟਰ ਜਰਨੈਲ ਸਿੰਘ, ਜਥੇਦਾਰ ਤੇਗ ਸਿੰਘ ਭੰਮੇ ਕਲਾਂ, ਮੋਹਨਜੀਤ ਸਿੰਘ ਸ਼ੇਰੋਂ ਸੁਨਾਮ ਅਤੇ ਪਰਮਵੀਰ ਸਿੰਘ ਢਬਾਈ ਕਪੂਰਥਲਾ ਨੂੰ ਹਿਰਾਸਤ ਵਿੱਚ ਲੈ ਲਿਆ ਹੈ।

ਹਰਿਆਣਾ ਦੇ ਰਾਜਪਾਲ ਨੇ ਸਤੀਸ਼ ਕੁਮਾਰ ਨੂੰ ਹਰਿਆਣਾ ਲੋਕ ਸੇਵਾ ਕਮਿਸ਼ਨ ਦੇ ਚੇਅਰਮੈਨ ਵਜੋਂ ਅਹੁਦੇ ਦੀ ਸਹੁੰ ਚੁਕਾਈ

ਚੰਡੀਗੜ੍ਹ 29 ਅਕਤੂਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਅੱਜ ਇੱਥੇ ਸ੍ਰੀ ਸਤੀਸ਼ ਕੁਮਾਰ ਨੂੰ ਹਰਿਆਣਾ ਲੋਕ ਸੇਵਾ ਕਮਿਸ਼ਨ ਦੇ ਨਵ-ਨਿਯੁਕਤ ਚੇਅਰਮੈਨ ਵਜੋਂ ਅਹੁਦੇ ਦੀ ਸਹੁੰ ਚੁਕਾਈ।

ਸ੍ਰੀ ਸਤੀਸ਼ ਕੁਮਾਰ ਨੇ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ, ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ, ਹਰਿਆਣਾ ਵਿਧਾਨ ਸਭਾ ਦੇ ਸਪੀਕਰ ਸ੍ਰੀ ਹਰਵਿੰਦਰ ਕਲਿਆਣ ਅਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰੀ ਕੁਲਤਾਰ ਸਿੰਘ ਸੰਧਵਾਂ ਦੀ ਮੌਜੂਦਗੀ ਵਿੱਚ ਅਹੁਦੇ, ਨਿਸ਼ਠਾ ਅਤੇ ਗੁਪਤਤਾ ਦੀ ਸਹੁੰ ਚੁੱਕੀ। ਸਹੁੰ ਚੁੱਕ ਸਮਾਗਮ ਦਾ ਆਯੋਜਨ ਅੱਜ ਇੱਥੇ ਹਰਿਆਣਾ ਲੋਕ ਭਵਨ ਵਿਖੇ ਕੀਤਾ ਗਿਆ।

ਇਸ ਮੌਕੇ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ, ਗ੍ਰਹਿ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਸੁਧੀਰ ਰਾਜਪਾਲ, ਉੱਚ ਸਿੱਖਿਆ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਏ.ਕੇ. ਸਿੰਘ, ਡਿਪਾਰਟਮੈਂਟ ਆਫ਼ ਫਿਊਚਰ ਦੀ ਪ੍ਰਧਾਨ ਸਕੱਤਰ ਸ੍ਰੀਮਤੀ ਅਮਨੀਤ ਪੀ. ਕੁਮਾਰ, ਹਰਿਆਣਾ ਲੋਕ ਸੇਵਾ ਕਮਿਸ਼ਨ ਦੇ ਸਕੱਤਰ ਸ੍ਰੀ ਪੰਕਜ, ਰਾਜ ਵਿਜੀਲੈਂਸ ਅਤੇ ਭ੍ਰਿਸ਼ਟਾਚਾਰ ਰੋਕੂ ਬਿਊਰੋ ਦੇ ਡਾਇਰੈਕਟਰ ਜਨਰਲ ਡਾ. ਏ.ਐਸ. ਚਾਵਲਾ, ਹਰਿਆਣਾ ਕਰਮਚਾਰੀ ਚੋਣ ਕਮਿਸ਼ਨ ਦੇ ਚੇਅਰਮੈਨ ਸ੍ਰੀ ਹਿੰਮਤ ਸਿੰਘ, ਹਰਿਆਣਾ ਲੋਕ ਸੇਵਾ ਕਮਿਸ਼ਨ ਦੇ ਮੈਂਬਰ, ਹੋਰ ਪਤਵੰਤੇ ਅਤੇ ਹਰਿਆਣਾ ਲੋਕ ਸੇਵਾ ਕਮਿਸ਼ਨ ਦੇ ਨਵ-ਨਿਯੁਕਤ ਚੇਅਰਮੈਨ ਸ੍ਰੀ ਸਤੀਸ਼ ਕੁਮਾਰ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਰਹੇ।

ਨਵੰਬਰ ਮਹੀਨੇ ਵਿੱਚ ਬਾਗਬਾਨੀ ਦੇ ਪੰਜ ਰੋਜ਼ਾ ਸਿਖਲਾਈ ਪ੍ਰੋਗਰਾਮਾਂ ਦਾ ਕੀਤਾ ਜਾਵੇਗਾ ਆਯੋਜਨ

ਚੰਡੀਗੜ੍ਹ, 29 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਸਰਕਾਰ ਦੇ ਬਾਗਬਾਨੀ ਵਿਭਾਗ ਦੇ ਅਧੀਨ ਉਦਿਆਨ ਸਿਖਲਾਈ ਸੰਸਥਾਨ, ਉਚਾਨੀ (ਕਰਨਾਲ) ਵੱਲੋਂ ਨਵੰਬਰ ਮਹੀਨੇ ਵਿੱਚ ਵੱਖ-ਵੱਖ ਵਿਸ਼ਿਆਂ ’ਤੇ ਪੰਜ ਰੋਜ਼ਾ ਸਿਖਲਾਈ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ, ਤਾਂ ਜੋ ਕਿਸਾਨ ਵਿਗਿਆਨਕ ਤਰੀਕਿਆਂ ਨਾਲ ਖੇਤੀ ਕਰਕੇ ਆਪਣੀ ਆਮਦਨ ਵਧਾ ਸਕਣ। ਰਾਜ ਦੇ ਸਾਰੇ ਜ਼ਿਲ੍ਹਿਆਂ ਦੇ ਚਾਹਵਾਨ ਸਿਖਿਆਰਥੀ ਬਾਗਬਾਨੀ ਵਿਭਾਗ ਦੀ ਵੈਬਸਾਈਟ http://kaushal.hortharyana.gov.in/ ਰਾਹੀਂ ਆਨਲਾਈਨ ਅਰਜ਼ੀ ਦੇ ਸਕਦੇ ਹਨ।

ਬਾਗਬਾਨੀ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਇਸ ਸਿਖਲਾਈ ਪ੍ਰੋਗਰਾਮ ਲਈ ਬਿਨੈਕਾਰ ਦੀ ਘੱਟੋ-ਘੱਟ ਉਮਰ 18 ਸਾਲ ਹੋਣੀ ਲਾਜ਼ਮੀ ਹੈ ਅਤੇ ਸਿਖਿਆਰਥੀਆਂ ਦੀ ਚੋਣ ‘ਪਹਿਲਾਂ ਆਓ, ਪਹਿਲਾਂ ਪਾਓ’ ਦੇ ਆਧਾਰ ’ਤੇ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਰਜਿਸਟਰਡ ਸਿਖਿਆਰਥੀਆਂ ਨੂੰ ਆਪਣੇ ਨਾਲ ਆਧਾਰ ਕਾਰਡ, ਬੈਂਕ ਪਾਸਬੁੱਕ ਅਤੇ ਪੈਨ ਕਾਰਡ ਵਰਗੇ ਜ਼ਰੂਰੀ ਦਸਤਾਵੇਜ਼ ਲੈ ਕੇ ਆਉਣੇ ਹੋਣਗੇ। ਸਿਖਲਾਈ ਦੌਰਾਨ ਸਿਖਿਆਰਥੀਆਂ ਦੇ ਠਹਿਰਨ ਅਤੇ ਖਾਣੇ ਦਾ ਪ੍ਰਬੰਧ ਪੂਰੀ ਤਰ੍ਹਾਂ ਮੁਫ਼ਤ ਰਹੇਗਾ ਅਤੇ ਉਨ੍ਹਾਂ ਨੂੰ ਬੱਸ ਦਾ ਕਿਰਾਇਆ ਡੀਬੀਟੀ ਰਾਹੀਂ ਦਿੱਤਾ ਜਾਵੇਗਾ। ਇਸ ਦੇ ਨਾਲ ਹੀ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਜਿਹੜੇ ਸਿਖਿਆਰਥੀ ਪਹਿਲਾਂ ਇਨ੍ਹਾਂ ਵਿਸ਼ਿਆਂ ’ਤੇ ਸਿਖਲਾਈ ਲੈ ਚੁੱਕੇ ਹਨ।